ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
# ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਸਾਡੀਆਂ ਰੈਲੀਆਂ ਦੇਖ ਹਲਕਾ ਬੱਸੀ ਪਠਾਣਾਂ ਚ ਵਿਰੋਧੀ ਘਬਰਾਏ : ਡਾ ਮਨੋਹਰ ਸਿੰਘ




ਸਾਲ 2, ਅੰਕ 13 Ph (Mohali Office) : 0160-2990739; (M) : +91-98156-16078 ਮੰਗਲਵਾਰ, 13 ਅਕਤੂਬਰ 2026 ( 27 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2


## ਸੀਐਮ ਮਾਨ ਦੇ ਵਿਵਾਦਤ ਵੀਡੀਓ ਮਾਮਲਾ 'ਚ ਈਡੀ ਨੇ ਲੁਧਿਆਣਾ ਸੀਪੀ ਸਮੇਤ ਕਈ ਅਧਿਕਾਰੀ ਕੀਤੇ ਤਲਬ

**ਦੇਸ਼ ਪ੍ਰਦੇਸ਼ ਚੰਡੀਗੜ੍ਹ, 12 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਮੁੱਖ ਮੰਤਰੀ ਭਗਵੰਤ ਮਾਨ ਦੀ ਕਥਿਤ ਵਾਇਰਲ ਵੀਡੀਓ ਦੇ ਮਾਮਲੇ ਵਿੱਚ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਵੱਡੀ ਕਾਰਵਾਈ ਕੀਤੀ ਹੈ। ਈਡੀ ਨੇ ਮਾਮਲੇ ਵਿੱਚ ਲੁਧਿਆਣਾ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਸਮੇਤ ਹੋਰ ਅਧਿਕਾਰੀਆਂ ਨੂੰ ਤਲਬ ਕੀਤਾ ਹੈ।

ਜਾਣਕਾਰੀ ਅਨੁਸਾਰ, ਇਨ੍ਹਾਂ ਅਧਿਕਾਰੀਆਂ ਖਿਲਾਫ਼ ਵੀਡੀਓ ਨੂੰ ਏਆਈ ਦੱਸਣ ਲਈ ਕਥਿਤ ਤੌਰ 'ਤੇ ਫਰਜ਼ੀ ਫੋਰੈਂਸਿਕ ਤੇ ਸਾਈਬਰ ਐਨਾਲਸਿਸ ਰਿਪੋਰਟ ਤਿਆਰ ਕਰਨ ਦਾ ਇਲਜ਼ਾਮ ਹੈ। ਜਾਂਚ ਏਜੰਸੀ ਨੇ ਇਨ੍ਹਾਂ ਸਾਰਿਆਂ ਨੂੰ ਏਆਈ ਅਕਤੂਬਰ ਨੂੰ ਚੰਡੀਗੜ੍ਹ ਵਿਖੇ ਈਡੀ ਦੇ ਮੁੱਖ ਦਫਤਰ 'ਚ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਹੁਕਮ ਦਿੱਤੇ ਹਨ। ਜ਼ਿਕਰਯੋਗ ਹੈ ਕਿ ਪਹਿਲਾਂ ਇਸ ਮਾਮਲੇ ਵਿੱਚ ਗੁਰੂਗ੍ਰਾਮ ਪੁਲਿਸ ਨੇ ਬੀਤੇ ਦਿਨੀ ਇਸ ਮਾਮਲੇ ਵਿੱਚ ਜਸਪ੍ਰੀਤ ਸਿੰਘ ਦੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਦੋ ਵਿਅਕਤੀਆਂ ਅੰਕਿਤ ਤੇ ਅਰੁਣ ਵਾਸੀ ਜੀਂਦ ਨੂੰ ਵੀ ਗ੍ਰਿਫ਼ਤਾਰ ਕੀਤਾ ਸੀ। ਆਪਣੀ ਸ਼ਿਕਾਇਤ ਵਿੱਚ ਜਸਪ੍ਰੀਤ ਨੇ ਇਲਜ਼ਾਮ ਲਾਇਆ ਸੀ ਕਿ ਉਸ ਨੂੰ ਫਰਜ਼ੀ ਰਿਪੋਰਟਾਂ ਤਿਆਰ ਕਰਨ ਲਈ ਧਮਕਾਇਆ ਗਿਆ ਸੀ ਅਤੇ 10 ਲੱਖ ਰੁਪਏ ਵੀ ਦਿੱਤੇ ਗਏ ਸਨ।

ਦੱਸਣਯੋਗ ਹੈ ਕਿ ਮਾਮਲਾ ਪੁਲਿਸ ਸਟੇਸ਼ਨ ਡੀਐਲਐਫ ਸੈਕਟਰ-29, ਗੁਰੂਗ੍ਰਾਮ ਵਿਖੇ ਦਰਜ ਕੀਤਾ ਗਿਆ ਹੈ। ਸ਼ਿਕਾਇਤ ਦੇ ਅਨੁਸਾਰ, ਸ਼ਿਕਾਇਤਕਰਤਾ, ਜੋ ਕਿ ਡਿਜੀਟਲ ਫੋਰੈਂਸਿਕ, ਸਾਈਬਰ ਜਾਂਚ ਅਤੇ ਇਲੈਕਟ੍ਰਾਨਿਕ ਸਬੂਤ ਵਿਸ਼ਲੇਸ਼ਣ ਵਿੱਚ ਸ਼ਾਮਲ ਹੈ, ਨਾਲ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀ ਹੋਣ ਦਾ ਦਾਅਵਾ ਕਰਨ ਵਾਲੇ ਵਿਅਕਤੀਆਂ ਵੱਲੋਂ ਸੰਪਰਕ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੂੰ ਇੱਕ ਵਾਇਰਲ ਵੀਡੀਓ ਸੰਬੰਧੀ ਇੱਕ ਫੋਰੈਂਸਿਕ ਰਿਪੋਰਟ ਤਿਆਰ ਕਰਨ ਲਈ ਕਿਹਾ ਗਿਆ ਸੀ, ਜੋ ਵੀਡੀਓ ਵਿੱਚ ਦੇਖੇ ਗਏ ਵਿਅਕਤੀ ਦੀ ਪਛਾਣ ਤੋਂ ਇਨਕਾਰ ਕਰੇਗੀ ਅਤੇ ਪਹਿਲਾਂ ਤੋਂ ਬਾਕੀ ਸਫ਼ਾ 7 'ਤੇ

## ਸੀਐਮ ਦੇ ਓਐਸਡੀ ਨਾਲ ਜੁੜੇ ਮਾਮਲੇ 'ਚ ਸੁਪਰੀਮ ਕੋਰਟ ਦਾ ਅਹਿਮ ਹੁਕਮ

**ਦੇਸ਼ ਪ੍ਰਦੇਸ਼ ਚੰਡੀਗੜ੍ਹ, 12 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਪੰਜਾਬ ਦੇ ਮੁੱਖ ਮੰਤਰੀ ਦੇ ਓਐਸਡੀ ਨਾਲ ਜੁੜੇ ਕਥਿਤ ਭ੍ਰਿਸ਼ਟਾਚਾਰ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਅਹਿਮ ਹੁਕਮ ਜਾਰੀ ਕੀਤਾ ਹੈ। ਅਦਾਲਤ ਨੇ ਕੇਂਦਰੀ ਜਾਂਚ ਬਿਊਰੋ ਵੱਲੋਂ ਦਰਜ ਐੱਫਆਈਆਰ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ ਹੈ। ਹਾਲਾਂਕਿ, ਮਾਮਲੇ ਵਿੱਚ ਫਿਲਹਾਲ ਕੋਈ ਸਜ਼ਾਤਮਕ ਕਾਰਵਾਈ ਨਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਦੀ ਪਟੀਸ਼ਨ 'ਤੇ ਸਬੰਧਤ ਧਿਰਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਪੰਜਾਬ ਸਰਕਾਰ ਨੇ ਇਸ ਪਟੀਸ਼ਨ ਰਾਹੀਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਉਸ ਹੁਕਮ ਨੂੰ ਚੁਣੌਤੀ ਦਿੱਤੀ ਹੈ, ਜਿਸ ਵਿੱਚ ਮਾਮਲੇ ਸੰਬੰਧੀ ਐੱਫਆਈਆਰ ਦਰਜ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਅਦਾਲਤ ਨੇ ਸਪੱਸ਼ਟ ਕੀਤਾ ਕਿ ਸੀਬੀਆਈ ਵੱਲੋਂ ਦਰਜ ਐੱਫਆਈਆਰ 'ਤੇ ਕੋਈ ਰੋਕ ਨਹੀਂ ਲਗਾਈ ਗਈ ਹੈ, ਪਰ ਫਿਲਹਾਲ ਸਬੰਧਤ ਧਿਰਾਂ ਵਿਰੁੱਧ ਕੋਈ ਜ਼ਬਰਦਸਤੀ ਜਾਂ ਦੰਡਾਤਮਕ ਕਦਮ ਨਹੀਂ ਚੁੱਕਿਆ ਜਾਵੇਗਾ। ਇਸ ਹੁਕਮ ਨਾਲ ਐੱਫਆਈਆਰ ਦੀ ਜਾਂਚ 'ਤੇ ਰੋਕ ਨਹੀਂ ਲੱਗੀ, ਜਦਕਿ ਸਜ਼ਾਤਮਕ ਕਾਰਵਾਈ ਤੋਂ ਅੰਤਰਿਮ ਰਾਹਤ ਦਿੱਤੀ ਗਈ ਹੈ। ਮਾਮਲੇ ਵਿੱਚ ਅਗਲੀ ਕਾਰਵਾਈ ਸੁਪਰੀਮ ਕੋਰਟ ਦੇ ਵਿਚਾਰ ਅਧੀਨ ਰਹੇਗੀ।

## ਕੇਂਦਰ ਸਰਕਾਰ ਦੀਆਂ ਸਿਫ਼ਾਰਸ਼ਾਂ 'ਤੇ ਫ਼ੈਸਲਾ ਲੈਂਦਿਆਂ ਦਿੱਲੀ ਪੁਲਿਸ ਨੇ ਜੰਤਰ-ਮੰਤਰ ਨੂੰ ਪ੍ਰਦਰਸ਼ਨਾਂ ਵਾਲੀਆਂ ਥਾਂਵਾਂ ਦੀ ਸੂਚੀ ਵਿਚੋਂ ਹਟਾਇਆ

■ ਪੂਰਾ ਦੇਸ਼ ਜੰਤਰ-ਮੰਤਰ ਬਣ ਜਾਵੇਗਾ : ਦੀਪਕੇ

**ਦੇਸ਼ ਪ੍ਰਦੇਸ਼ ਨਵੀਂ ਦਿੱਲੀ, 12 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਦਿੱਲੀ ਪੁਲਿਸ ਨੇ ਜੰਤਰ-ਮੰਤਰ ਸੰਬੰਧੀ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ। ਜੰਤਰ-ਮੰਤਰ 'ਤੇ ਹੁਣ ਵਿਰੋਧ ਪ੍ਰਦਰਸ਼ਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇਹ ਫੈਸਲਾ ਗ੍ਰਹਿ ਮੰਤਰਾਲੇ ਨੇ ਲਿਆ ਹੈ। ਦਿੱਲੀ ਪੁਲਿਸ ਨੇ ਸੁਰੱਖਿਆ ਚਿੰਤਾਵਾਂ ਦੇ ਕਾਰਨ ਇਹ ਫੈਸਲਾ ਲਿਆ ਹੈ। ਦਿੱਲੀ ਪੁਲਿਸ ਨੇ ਹੁਣ ਵਿਰੋਧ ਪ੍ਰਦਰਸ਼ਨਾਂ ਲਈ ਤਿੰਨ ਨਵੇਂ ਸਥਾਨ ਰਾਮਲੀਲਾ ਮੈਦਾਨ, ਬੁਰਾੜੀ ਮੈਦਾਨ ਅਤੇ ਸੀਬੀਡੀ ਮੈਦਾਨ ਚੁਣੇ ਹਨ। ਗ੍ਰਹਿ ਮੰਤਰਾਲੇ ਨੇ ਸੀਜੇਪੀ ਅਤੇ ਕਾਂਗਰਸ ਗਠਜੋੜ ਦੇ ਦਿੱਲੀ 'ਚ ਤਿੱਖੇ ਪ੍ਰਦਰਸ਼ਨਾਂ ਤੋਂ ਬਾਅਦ ਇੱਕ ਕਮੇਟੀ ਬਣਾਈ ਸੀ, ਜਿਸ ਦੀ ਸਿਫਾਰਸ਼ ਤੋਂ ਬਾਅਦ ਹੁਣ ਦਿੱਲੀ ਪੁਲਿਸ ਨੇ ਜੰਤਰ-ਮੰਤਰ ਨੂੰ ਵਿਰੋਧ ਸਥਾਨ ਵਜੋਂ ਡੀਨੋਟੀਫਾਈ ਕਰ ਦਿੱਤਾ ਗਿਆ ਹੈ। ਇਸਦਾ ਮਤਲਬ ਹੈ ਕਿ ਹੁਣ ਜੰਤਰ-ਮੰਤਰ 'ਤੇ ਵਿਰੋਧ ਪ੍ਰਦਰਸ਼ਨ ਦੀ ਇਜਾਜ਼ਤ ਨਹੀਂ ਹੋਵੇਗੀ। ਪੁਲਿਸ ਨੇ ਜੰਤਰ ਮੰਤਰ ਦੀ ਥਾਂ ਹੁਣ ਨਵੇਂ ਵਿਰੋਧ ਸਥਾਨ ਰਾਮਲੀਲਾ ਮੈਦਾਨ, ਬੁਰਾੜੀ ਮੈਦਾਨ ਅਤੇ ਪੂਰਬੀ ਦਿੱਲੀ ਵਿੱਚ ਸੀਬੀਡੀ ਗਰਾਊਂਡ ਹਨ। ਇਹ ਸਥਾਨ ਹੁਣ ਪ੍ਰਦਰਸ਼ਨਾਂ ਅਤੇ ਵਿਰੋਧ ਪ੍ਰਦਰਸ਼ਨਾਂ ਲਈ ਖੁੱਲ੍ਹੇ ਰਹਿਣਗੇ। ਜ਼ਿਕਰਯੋਗ ਹੈ ਕਿ ਜੰਤਰ ਮੰਤਰ ਹਾਲ ਹੀ ਵਿੱਚ ਕਈ ਇਤਿਹਾਸਕ ਵਿਰੋਧ ਪ੍ਰਦਰਸ਼ਨਾਂ ਦਾ ਗਵਾਹ ਬਣਿਆ ਹੈ। ਕਾਕਰੋਚ ਜਨਤਾ ਪਾਰਟੀ ਨੇ ਇੱਥੇ ਆਪਣਾ ਪਹਿਲਾ ਵਿਰੋਧ ਪ੍ਰਦਰਸ਼ਨ ਕੀਤਾ, ਜਦੋਂ ਕਾਰਕੁਨ ਸੋਨਮ ਵਾਂਗਚੁਕ ਨੇ ਤਤਕਾਲੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰਦੇ ਹੋਏ ਧਰਨਾ ਪ੍ਰਦਰਸ਼ਨ ਕੀਤਾ। ਸੀਜੇਪੀ ਦੇ ਸੰਸਥਾਪਕ ਅਭਿਜੀਤ ਦੀਪਕ ਨੇ ਸਰਕਾਰ ਦੇ ਫੈਸਲੇ 'ਤੇ ਪ੍ਰਤੀਕਿਰਿਆ ਦਿੱਤੀ। ਉਨ੍ਹਾਂ ਕਿਹਾ ਕਿ ਪੂਰਾ ਦੇਸ਼ ਹੁਣ ਜੰਤਰ-ਮੰਤਰ ਬਣ ਜਾਵੇਗਾ। ਦੀਪਕ ਨੇ ਕਿਹਾ, 'ਉਨ੍ਹਾਂ ਨੇ ਜੰਤਰ-ਮੰਤਰ ਨੂੰ ਵਿਰੋਧ ਪ੍ਰਦਰਸ਼ਨਾਂ ਲਈ ਨਿਰਧਾਰਤ ਸਥਾਨ ਵਜੋਂ ਹਟਾ ਦਿੱਤਾ ਹੈ। ਹਾਂ, ਇਹ ਹੁਣ ਵਿਰੋਧ ਪ੍ਰਦਰਸ਼ਨਾਂ ਲਈ ਜਗ੍ਹਾ ਨਹੀਂ ਰਹੀ, ਕਿਉਂਕਿ ਉਸ ਕਾਇਰ ਤਾਨਾਸ਼ਾਹ ਨੇ ਪਹਿਲਾਂ ਹੀ ਇਸਨੂੰ ਜੰਗ ਦੇ ਮੈਦਾਨ ਵਿੱਚ ਬਦਲ ਦਿੱਤਾ ਸੀ। ਹੁਣ ਪੂਰਾ ਦੇਸ਼ ਜੰਤਰ-ਮੰਤਰ ਬਣ ਜਾਵੇਗਾ!'

## ਪੰਜਾਬ ਵਿੱਚ ਜੰਗਲਰਾਜ ਵਾਲੇ ਹਾਲਾਤ, ਮੁੱਖ ਮੰਤਰੀ ਮਾਨ ਤੁਰੰਤ ਅਸਤੀਫ਼ਾ ਦੇਣ : ਕੇਵਲ ਸਿੰਘ ਢਿੱਲੋਂ

**ਦੇਸ਼ ਪ੍ਰਦੇਸ਼ ਚੰਡੀਗੜ੍ਹ, 12 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਪੰਜਾਬ ਵਿੱਚ ਕਾਨੂੰਨ-ਵਿਵਸਥਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਚੁੱਕੀ ਹੈ। ਆਮ ਜਨਤਾ ਤਾਂ ਦੂਰ, ਹੁਣ ਤਾਂ ਪੰਜਾਬ ਪੁਲਿਸ ਮੁਲਾਜ਼ਮ ਵੀ ਸੁਰੱਖਿਅਤ ਨਹੀਂ ਰਹੇ। ਤਰਨਤਾਰਨ ਵਿੱਚ ਏਐੱਸਆਈ ਇਕਬਾਲ ਸਿੰਘ ਦੀ ਦਿਨ-ਦਿਹਾੜੇ ਗੋਲੀ ਮਾਰ ਕੇ ਕੀਤੀ ਗਈ ਹੱਤਿਆ ਇਸ ਦੀ ਤਾਜ਼ਾ ਮਿਸਾਲ ਹੈ। ਫਰਬਰੀ ਮਹੀਨੇ ਤੋਂ ਹੁਣ ਤੱਕ ਉਹ ਚੌਥੇ ਏਐੱਸਆਈ ਹਨ, ਜਿਨ੍ਹਾਂ ਨੂੰ ਕਤਲ ਕੀਤਾ ਗਿਆ ਹੈ। ਇਹ ਸ਼ਬਦ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੇ ਹਨ, ਜੋ ਉਨ੍ਹਾਂ ਚੰਡੀਗੜ੍ਹ ਪਾਰਟੀ ਦਫ਼ਤਰ ਤੋਂ ਜਾਰੀ ਬਿਆਨ ਰਾਹੀਂ ਕਹੇ। ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਤੁਰੰਤ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਗ੍ਰਹਿ ਮੰਤਰਾਲਾ ਉਨ੍ਹਾਂ ਕੋਲ ਹੈ, ਤੇ ਇਨ੍ਹਾਂ ਕਤਲਾਂ ਦੀ ਸਿੱਧੀ ਜ਼ਿੰਮੇਵਾਰੀ ਉਨ੍ਹਾਂ ਦੇ ਮੰਤਰਾਲੇ ਦੀ ਹੀ ਬਣਦੀ ਹੈ। ਉਨ੍ਹਾਂ ਕਿਹਾ ਕਿ ਜਿਹੜਾ ਗ੍ਰਹਿ ਮੰਤਰੀ ਸੂਬੇ ਦੀ ਸੁਰੱਖਿਆ ਕਰਨ ਵਿੱਚ ਨਾਕਾਮ ਰਹਿੰਦਾ ਹੈ, ਉਸ ਨੂੰ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਅਧਿਕਾਰ ਨਹੀਂ ਹੈ। ਢਿੱਲੋਂ ਨੇ ਕਿਹਾ ਕਿ ਇਹ ਕੋਈ ਇਕੱਲੀ ਘਟਨਾ ਨਹੀਂ ਹੈ। ਪਿਛਲੇ ਸੱਤ ਮਹੀਨਿਆਂ ਦੌਰਾਨ ਚਾਰ ਏਐੱਸਆਈਜ਼ ਅਤੇ ਇੱਕ ਹੋਮਗਾਰਡ ਦੇ ਕਤਲ ਅਤੇ ਦੋ ਏਐੱਸਆਈਜ਼ 'ਤੇ ਹੋਏ ਜਾਨਲੇਵਾ ਹਮਲੇ ਇਸ ਗੱਲ ਦਾ ਸਬੂਤ ਹਨ ਕਿ ਪੰਜਾਬ ਵਿੱਚ ਜੰਗਲਰਾਜ ਚੱਲ ਰਿਹਾ ਹੈ। ਇਨ੍ਹਾਂ ਕਤਲਾਂ ਤੇ ਹਮਲਿਆਂ ਦੀ ਗੈਂਗਸਟਰ ਸੋਸ਼ਲ ਬਾਕੀ ਸਫ਼ਾ 7 'ਤੇ

## ਐਸਆਈਆਰ ਵਿਵਾਦ 'ਤੇ ਹਰਿਆਣਾ ਦੇ ਸੀਐਮ ਨਾਇਬ ਸਿੰਘ ਸੈਣੀ ਦਾ ਕਾਂਗਰਸ 'ਤੇ ਹਮਲਾ

### ਕਿਹਾ—ਦੂਜਿਆਂ 'ਤੇ ਸਵਾਲ ਚੁੱਕਣ ਤੋਂ ਪਹਿਲਾਂ ਆਪਣੀ ਪੀੜ੍ਹੀ ਹੇਠ ਸੋਟਾ ਮਾਰੇ

■ 'ਹਰ ਹਾਰ ਲਈ ਵੋਟ ਚੋਰੀ ਨੂੰ ਜ਼ਿੰਮੇਵਾਰ ਨਹੀਂ ਠਹਿਰਾਇਆ ਜਾ ਸਕਦਾ'-ਸੀਐਮ ਸੈਣੀ

**ਦੇਸ਼ ਪ੍ਰਦੇਸ਼ ਪੰਚਕੂਲਾ, 12 ਅਕਤੂਬਰ (ਰਾਜੇਂਦਰ ਸਿੰਘ ਜਾਦੌਂ)** : ਵੋਟਰ ਸੂਚੀਆਂ ਦੀ ਐਸਆਈਆਰ ਅਤੇ ਕਥਿਤ 'ਵੋਟ ਚੋਰੀ' ਦੇ ਮੁੱਦੇ 'ਤੇ ਦੇਸ਼ ਦੀ ਸਿਆਸਤ ਵਿੱਚ ਤਣਾਅ ਦਰਮਿਆਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਾਂਗਰਸ ਅਤੇ ਰਾਹੁਲ ਗਾਂਧੀ 'ਤੇ ਤਿੱਖਾ ਹਮਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਕਈ ਸੂਬਿਆਂ ਵਿੱਚ ਦਹਾਕਿਆਂ ਤੋਂ ਸੱਤਾ ਤੋਂ ਬਾਹਰ ਹੈ, ਇਸ ਲਈ ਪਾਰਟੀ ਨੂੰ ਚੋਣ ਪ੍ਰਕਿਰਿਆ 'ਤੇ ਸਵਾਲ ਚੁੱਕਣ ਤੋਂ ਪਹਿਲਾਂ ਆਪਣੀ ਲੀਡਰਸ਼ਿਪ, ਸੰਗਠਨ ਅਤੇ ਜਨਤਾ ਵਿੱਚ ਘਟਦੇ ਸਮਰਥਨ ਬਾਰੇ ਆਤਮ-ਮੰਥਨ ਕਰਨਾ ਚਾਹੀਦਾ ਹੈ। ਸੈਣੀ ਨੇ ਦੋਸ਼ ਲਾਇਆ ਕਿ ਕਾਂਗਰਸ ਆਪਣੀਆਂ ਚੋਣਵੀਂ ਹਾਰਾਂ ਦੀ ਜ਼ਿੰਮੇਵਾਰੀ ਸਵੀਕਾਰ ਕਰਨ ਦੀ ਬਜਾਏ ਵਾਰ-ਵਾਰ ਚੋਣ ਪ੍ਰਣਾਲੀ 'ਤੇ ਇਲਜ਼ਾਮ ਲਗਾ ਰਹੀ ਹੈ। ਇਹ ਬਿਆਨ ਉਨ੍ਹਾਂ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਦਿੱਤਾ। ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਲੋਕਤੰਤਰ ਵਿੱਚ ਜਨਤਾ ਦਾ ਫ਼ੈਸਲਾ ਸਭ ਤੋਂ ਉੱਪਰ ਹੁੰਦਾ ਹੈ ਅਤੇ ਕਿਸੇ ਵੀ ਸਿਆਸੀ ਪਾਰਟੀ ਨੂੰ ਚੋਣਾਂ ਵਿੱਚ ਮਿਲੀ ਹਾਰ ਦੇ ਕਾਰਨਾਂ ਦੀ ਸਮੀਖਿਆ ਕਰਨੀ ਚਾਹੀਦੀ ਹੈ। ਉਨ੍ਹਾਂ ਸਵਾਲ ਉਠਾਇਆ ਕਿ ਜੇਕਰ ਕਾਂਗਰਸ ਦੀ ਹਰ ਚੋਣਵੀਂ ਹਾਰ ਪਿੱਛੇ ਵੋਟ ਚੋਰੀ ਹੀ ਕਾਰਨ ਹੈ, ਤਾਂ ਫਿਰ ਕਈ ਸੂਬਿਆਂ ਵਿੱਚ ਪਾਰਟੀ ਲੰਬੇ ਸਮੇਂ ਤੋਂ ਸੱਤਾ ਤੋਂ ਬਾਹਰ ਕਿਉਂ ਹੈ? ਸੈਣੀ ਨੇ ਰਾਹੁਲ ਗਾਂਧੀ ਅਤੇ ਗਾਂਧੀ ਪਰਿਵਾਰ ਦੀ ਲੀਡਰਸ਼ਿਪ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਦਾ ਕਹਿਣਾ ਸੀ ਕਿ ਕਾਂਗਰਸ ਦੇ ਅੰਦਰ ਲੀਡਰਸ਼ਿਪ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ ਅਤੇ ਪਾਰਟੀ ਨੂੰ ਆਪਣੀਆਂ ਸਿਆਸੀ ਕਮਜ਼ੋਰੀਆਂ ਨੂੰ ਸਵੀਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਮੁਤਾਬਕ, ਸਿਰਫ਼ ਚੋਣ ਪ੍ਰਕਿਰਿਆ 'ਤੇ ਇਲਜ਼ਾਮ ਲਾਉਣ ਨਾਲ ਪਾਰਟੀ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਨਿਕਲੇਗਾ। ਹਰਿਆਣਾ ਦੇ ਮੁੱਖ ਮੰਤਰੀ ਨੇ ਆਪਣੇ ਬਿਆਨ ਵਿੱਚ ਕਈ ਸੂਬਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਾਂਗਰਸ ਲੰਬੇ ਸਮੇਂ ਤੋਂ ਉੱਥੇ ਸੱਤਾ ਹਾਸਲ ਕਰਨ ਵਿੱਚ ਨਾਕਾਮ ਰਹੀ ਹੈ। ਉਨ੍ਹਾਂ ਤਾਮਿਲਨਾਡੂ, ਪੱਛਮੀ ਬੰਗਾਲ, ਉੱਤਰ ਪ੍ਰਦੇਸ਼, ਬਿਹਾਰ, ਗੁਜਰਾਤ, ਓਡੀਸ਼ਾ, ਮਹਾਰਾਸ਼ਟਰ ਅਤੇ ਹਰਿਆਣਾ ਸਮੇਤ ਕਈ ਸੂਬਿਆਂ ਦਾ ਹਵਾਲਾ ਦਿੱਤਾ। ਸੈਣੀ ਨੇ ਇਨ੍ਹਾਂ ਸੂਬਿਆਂ ਵਿੱਚ ਕਾਂਗਰਸ ਦੀ ਸੱਤਾ ਤੋਂ ਦੂਰੀ ਦੇ ਸਮੇਂ ਬਾਰੇ ਅੰਕੜੇ ਪੇਸ਼ ਕਰਦਿਆਂ ਕਿਹਾ ਕਿ ਪਾਰਟੀ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਵੋਟਰ ਉਸ ਤੋਂ ਦੂਰ ਕਿਉਂ ਹੋਏ ਹਨ। ਉਨ੍ਹਾਂ ਮੁਤਾਬਕ, ਲੰਬੇ ਸਮੇਂ ਤੱਕ ਚੋਣਾਂ ਵਿੱਚ ਪਿੱਛੇ ਰਹਿਣਾ ਸਿਰਫ਼ ਚੋਣ ਪ੍ਰਣਾਲੀ 'ਤੇ ਸਵਾਲ ਚੁੱਕਣ ਦਾ ਨਹੀਂ, ਸਗੋਂ ਸੰਗਠਨ ਅਤੇ ਲੀਡਰਸ਼ਿਪ ਦੀ ਸਮੀਖਿਆ ਕਰਨ ਦਾ ਵੀ ਵਿਸ਼ਾ ਹੈ। ਇਹ ਅੰਕੜੇ ਮੁੱਖ ਮੰਤਰੀ ਵੱਲੋਂ ਆਪਣੇ ਸਿਆਸੀ ਹਮਲੇ ਦੌਰਾਨ ਦਿੱਤੇ ਗਏ ਸਨ। ਵੋਟਰ ਸੂਚੀਆਂ ਦੀ ਐਸਆਈਆਰ ਨੂੰ ਲੈ ਕੇ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਚੋਣ ਕਮਿਸ਼ਨ ਦੀ ਕਾਰਜਪ੍ਰਣਾਲੀ 'ਤੇ ਸਵਾਲ ਉਠਾ ਰਹੀਆਂ ਹਨ। ਵਿਰੋਧੀ ਧਿਰ ਦਾ ਬਾਕੀ ਸਫ਼ਾ 7 'ਤੇ

## ਸੁਪਰੀਮ ਕੋਰਟ ਨੇ ਫਾਰਮ-6 ਦੀਆਂ ਕਥਿਤ ਤਬਦੀਲੀਆਂ ਬਾਰੇ ਦਿੱਤਾ ਸਪੱਸ਼ਟੀਕਰਨ

**ਦੇਸ਼ ਪ੍ਰਦੇਸ਼ ਨਵੀਂ ਦਿੱਲੀ, 12 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਸੁਪਰੀਮ ਕੋਰਟ ਨੇ ਇੱਕ ਮਹੱਤਵਪੂਰਨ ਮਾਮਲੇ ਦੀ ਸੁਣ

# ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਵਿੱਚ ਪੰਜਾਬ ਸਰਕਾਰ ਬੁਰੀ ਤਰ੍ਹਾਂ ਫੇਲ੍ਹ: ਗੁਰਪਿਆਰ ਸਿੰਘ ਦਿਉਗੜ੍ਹ

**• ਸਰਕਾਰ ਦੇ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਵਿੱਚ ਵੱਡਾ ਫ਼ਰਕ, ਨੌਜਵਾਨ ਪੀੜ੍ਹੀ ਦੇ ਭਵਿੱਖ ਨੂੰ ਲੈ ਕੇ ਪ੍ਰਗਟਾਈ ਗੰਭੀਰ ਚਿੰਤਾ**

ਪਾਤੜਾਂ 12 ਅਕਤੂਬਰ (ਗਗਨ ਗਰਗ) ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਪੰਜਾਬ ਸਰਕਾਰ 'ਤੇ ਤਿੱਖਾ ਸਿਆਸੀ ਹਮਲਾ ਕਰਦਿਆਂ ਗੁਰਪਿਆਰ ਸਿੰਘ ਦਿਉਗੜ੍ਹ, ਸੈਕਟਰੀ ਪੰਜਾਬ ਕਾਂਗਰਸ ਐਸ.ਸੀ ਵਿਭਾਗ ਨੇ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਵਿੱਚ ਸਰਕਾਰ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਦਾਅਵਿਆਂ ਦੇ ਬਾਵਜੂਦ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਲੋਕਾਂ ਦੀਆਂ ਚਿੰਤਾਵਾਂ ਬਰਕਰਾਰ ਹਨ ਅਤੇ ਸਰਕਾਰ ਨੂੰ ਆਪਣੀ ਜਵਾਬਦੇਹੀ ਤੋਂ ਭੱਜਣ ਦੀ ਬਜਾਏ ਜ਼ਮੀਨੀ ਪੱਧਰ 'ਤੇ ਨਤੀਜੇ ਦਿਖਾਉਣੇ ਚਾਹੀਦੇ ਹਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਪਿਆਰ ਸਿੰਘ ਦਿਉਗੜ੍ਹ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਦੇ ਭਵਿੱਖ ਨਾਲ ਜੁੜੇ ਇਸ ਗੰਭੀਰ ਮੁੱਦੇ 'ਤੇ ਸਰਕਾਰ ਦੀ ਕਾਰਗੁਜ਼ਾਰੀ ਸਵਾਲਾਂ ਦੇ ਘੇਰੇ ਵਿੱਚ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਵੱਡੇ-ਵੱਡੇ ਐਲਾਨਾਂ, ਭਾਸ਼ਣਾਂ ਅਤੇ ਪ੍ਰਚਾਰ ਨਾਲ ਨਸ਼ਿਆਂ ਦੀ ਸਮੱਸਿਆ ਖ਼ਤਮ ਨਹੀਂ ਹੋ ਸਕਦੀ। ਇਸ ਲਈ ਦੂਰਅੰਦੇਸ਼ੀ ਸੋਚ, ਸਖ਼ਤ ਕਾਰਵਾਈ ਅਤੇ ਲਗਾਤਾਰ ਨਿਗਰਾਨੀ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਸੱਚਮੁੱਚ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਗੰਭੀਰ ਹੈ ਤਾਂ ਉਸ ਨੂੰ ਨਸ਼ਾ ਤਸਕਰੀ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਦੇ ਨਾਲ-ਨਾਲ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨੇ ਚਾਹੀਦੇ ਹਨ। ਨਸ਼ਿਆਂ ਦਾ ਸ਼ਿਕਾਰ ਹੋਏ ਨੌਜਵਾਨਾਂ ਲਈ ਬਿਹਤਰ ਇਲਾਜ ਅਤੇ ਮੁੜ ਵਸੇਬੇ ਦੀਆਂ ਸਹੂਲਤਾਂ ਯਕੀਨੀ ਬਣਾਉਣੀਆਂ ਵੀ ਸਰਕਾਰ ਦੀ ਜ਼ਿੰਮੇਵਾਰੀ ਹੈ। ਗੁਰਪਿਆਰ ਸਿੰਘ ਦਿਉਗੜ੍ਹ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਸੂਬੇ ਦੀ ਸਭ ਤੋਂ ਵੱਡੀ ਤਾਕਤ ਹੈ, ਪਰ ਇਸ ਤਾਕਤ ਨੂੰ ਸਹੀ ਦਿਸ਼ਾ ਦੇਣ ਲਈ ਸਰਕਾਰ ਕੋਲ ਠੋਸ ਨੀਤੀ ਅਤੇ ਨੌਜਵਾਨ-ਪੱਖੀ ਸੋਚ ਹੋਣੀ ਚਾਹੀਦੀ ਹੈ। ਉਨ੍ਹਾਂ ਸਵਾਲ ਉਠਾਇਆ ਕਿ ਸਰਕਾਰ ਨੂੰ ਆਪਣੇ ਦਾਅਵਿਆਂ ਦੇ ਨਾਲ ਇਹ ਵੀ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਨਸ਼ਿਆਂ ਦੀ ਰੋਕਥਾਮ ਲਈ ਕੀਤੇ ਜਾ ਰਹੇ ਯਤਨਾਂ ਦੇ ਜ਼ਮੀਨੀ ਨਤੀਜਿਆਂ ਦਾ ਮੁਲਾਂਕਣ ਕਿਵੇਂ ਕੀਤਾ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਮੁੱਦੇ 'ਤੇ ਸਿਰਫ਼ ਬਿਆਨਬਾਜ਼ੀ ਕਰਨ ਦੀ ਬਜਾਏ ਆਪਣੀ ਕਾਰਗੁਜ਼ਾਰੀ ਬਾਰੇ ਜਨਤਾ ਸਾਹਮਣੇ ਜਵਾਬਦੇਹ ਬਣੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦਾ ਭਵਿੱਖ ਕਿਸੇ ਵੀ ਸਿਆਸੀ ਪ੍ਰਚਾਰ ਤੋਂ ਵੱਧ ਅਹਿਮ ਹੈ ਅਤੇ ਇਸ ਗੰਭੀਰ ਸਮੱਸਿਆ ਦੇ ਹੱਲ ਲਈ ਸਰਕਾਰ ਨੂੰ ਤੁਰੰਤ ਠੋਸ ਤੇ ਪ੍ਰਭਾਵਸ਼ਾਲੀ ਕਦਮ ਚੁੱਕਣੇ ਚਾਹੀਦੇ ਹਨ। ਤਾਂ ਜੋ ਪੰਜਾਬ ਦੇ ਨੌਜਵਾਨਾਂ ਨੂੰ ਮਾਰੂ ਨਸ਼ਿਆਂ ਤੋਂ ਬਚਾਇਆ ਜਾਵੇ ਤਦ ਹੀ ਪੰਜਾਬ ਰੰਗਲਾ ਤੇ ਹਰਿਆ ਭਰਿਆ ਬਣ ਸਕਦਾ ਹੈ।

# ‘ਮੇਰਾ ਘਰ-ਮੇਰੇ ਨਾਮ’ ਸਕੀਮ ਤਹਿਤ ਪਿੰਡ ਦੀਵਾਨਗੜ੍ਹ ਦੇ 78 ਪਰਿਵਾਰਾਂ ਨੂੰ ਮਿਲੇ ਮਾਲਕਾਨਾ ਹੱਕਾਂ ਦੇ ਸਰਟੀਫਿਕੇਟ: ਦੇਵ ਮਾਨ

**ਭਗਵੰਤ ਮਾਨ ਸਰਕਾਰ ਨੇ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਪਰਿਵਾਰਾਂ ਦੀ ਦਹਾਕਿਆਂ ਪੁਰਾਣੀ ਸਮੱਸਿਆ ਦੇ ਹੱਲ ਵੱਲ ਵਧਾਇਆ ਕਦਮ**

ਨਾਭਾ:ਅਕਤੂਬਰ 12 ਸ਼ੁਭਮ ਜਿੰਦਲ ਰਾਕੇਸ਼ ਜਿੰਦਲ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮੇਰਾ ਘਰ-ਮੇਰੇ ਨਾਮ' ਸਕੀਮ ਤਹਿਤ ਹਲਕਾ ਨਾਭਾ ਦੇ ਪਿੰਡ ਦੀਵਾਨਗੜ੍ਹ ਵਿਖੇ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ 78 ਪਰਿਵਾਰਾਂ ਨੂੰ ਮਾਲਕਾਨਾ ਹੱਕਾਂ ਦੇ ਸਰਟੀਫਿਕੇਟ ਵੰਡੇ ਗਏ। ਇਹ ਸਰਟੀਫਿਕੇਟ ਹਲਕਾ ਵਿਧਾਇਕ ਸ. ਗੁਰਦੇਵ ਸਿੰਘ ਦੇਵ ਮਾਨ ਵੱਲੋਂ ਪਰਿਵਾਰਾਂ ਨੂੰ ਸੌਂਪੇ ਗਏ।ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕਾਨਾ ਹੱਕ ਦਿਵਾਉਣਾ ਇੱਕ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕਈ ਦਹਾਕਿਆਂ ਤੋਂ ਇਹ ਪਰਿਵਾਰ ਆਪਣੇ ਘਰਾਂ ਦੀ ਮਾਲਕੀ ਸਬੰਧੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਸਨ, ਪਰ ਹੁਣ ਭਗਵੰਤ ਮਾਨ ਸਰਕਾਰ ਵੱਲੋਂ ਇਸ ਸਮੱਸਿਆ ਦੇ ਹੱਲ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਮਾਲਕਾਨਾ ਹੱਕਾਂ ਦੇ ਸਰਟੀਫਿਕੇਟ ਮਿਲਣ ਨਾਲ ਲੋਕਾਂ ਨੂੰ ਆਪਣੇ ਘਰਾਂ ਦੀ ਮਾਲਕੀ ਸਬੰਧੀ ਕਾਨੂੰਨੀ ਅਤੇ ਪ੍ਰਸ਼ਾਸਨਿਕ ਕਾਰਵਾਈਆਂ ਵਿੱਚ ਰਾਹਤ ਮਿਲੇਗੀ। ਇਸ ਦੇ ਨਾਲ ਹੀ ਜਾਇਦਾਦ ਦੀ ਮਾਲਕੀ ਨੂੰ ਲੈ ਕੇ ਪੈਦਾ ਹੋਣ ਵਾਲੇ ਵਿਵਾਦਾਂ ਅਤੇ ਅਦਾਲਤੀ ਮਾਮਲਿਆਂ ਵਿੱਚ ਵੀ ਕਮੀ ਆਉਣ ਦੀ ਉਮੀਦ ਹੈ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਆਮ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਹੱਕ ਦਿਵਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕ-ਪੱਖੀ ਫੈਸਲਿਆਂ ਰਾਹੀਂ ਲੋਕਾਂ ਦੀ ਜ਼ਿੰਦਗੀ ਨੂੰ ਸੁਖਾਲਾ ਬਣਾਉਣ ਲਈ ਵਚਨਬੱਧ ਹੈ।

ਇਸ ਮੌਕੇ ਨਾਇਬ ਤਹਿਸੀਲਦਾਰ ਜਗਜੀਤ ਸਿੰਘ , ਧਰਮਿੰਦਰ ਸਿੰਘ ਸੁਖੇਵਾਲ ਸੀਨੀਅਰ ਆਗੂ, ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ , ਰਾਜੀਵ ਪਾਠਕ ਸਰਪੰਚ , ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ , ਸਿਮਰਨ ਅੜਕ ਚੌਹਾਨ, ਮਨਜੋਤ ਸਿੰਘ ਲੱਧਾਹੇੜੀ ਯੂਥ ਪ੍ਰਧਾਨ ਤੋਂ ਇਲਾਵਾ ਪਟਵਾਰੀ ਅਤੇ ਸਬੰਧਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਮੌਜੂਦ ਸਨ।

# ਵਿਧਾਇਕ ਦੇਵ ਮਾਨ ਵੱਲੋਂ 16 ਆਂਗਨਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਵੰਡੇ

ਨਾਭਾ, 12 ਅਕਤੂਬਰ ਰਾਕੇਸ਼ ਜਿੰਦਲ ਸ਼ੁਭਮ ਜਿੰਦਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਨੌਕਰੀਆਂ ਵਿੱਚ ਪਾਰਦਰਸ਼ਤਾ ਅਤੇ ਯੋਗਤਾ ਨੂੰ ਪਹਿਲ ਦੇਣ ਦੀ ਵਚਨਬੱਧਤਾ ਤਹਿਤ ਅੱਜ ਨਾਭਾ ਹਲਕੇ ਵਿੱਚ 16 ਆਂਗਨਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਹਲਕਾ ਨਾਭਾ ਦੀਆਂ ਖਾਲੀ ਪਈਆਂ 16 ਅਸਾਮੀਆਂ ਲਈ ਚੋਣ ਪ੍ਰਕਿਰਿਆ ਪੂਰੀ ਤਰ੍ਹਾਂ ਯੋਗਤਾ ਅਤੇ ਇਮਾਨਦਾਰੀ ਦੇ ਆਧਾਰ @ਤੇ ਕੀਤੀ ਗਈ। ਇਸ ਸਬੰਧੀ ਅੱਜ ਵਿਧਾਇਕ ਦਫ਼ਤਰ ਨਾਭਾ ਵਿਖੇ ਇੱਕ ਸਾਦਾ ਤੇ ਪ੍ਰਭਾਵਸ਼ਾਲੀ ਸਮਾਰੋਹ ਕਰਵਾਇਆ ਗਿਆ। ਸਮਾਰੋਹ ਦੌਰਾਨ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਆਪਣੇ ਕਰ-ਕਮਲਾਂ ਨਾਲ ਸਾਰੀਆਂ 16 ਚੁਣੀਆਂ ਗਈਆਂ ਭੈਣਾਂ ਨੂੰ ਨਿਯੁਕਤੀ ਪੱਤਰ ਸੌਂਪੇ ਅਤੇ ਬਰਫੀ ਖੁਆ ਕੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਹਮੇਸ਼ਾ ਤੋਂ ਪਹਿਲ ਰਹੀ ਹੈ ਕਿ ਸਰਕਾਰੀ ਨੌਕਰੀਆਂ ਉਨ੍ਹਾਂ ਹੀ ਨੌਜਵਾਨਾਂ ਨੂੰ ਮਿਲਣ ਜੋ ਸਹੀ ਯੋਗਤਾ ਰੱਖਦੇ ਹੋਣ। ਨਾਭਾ ਹਲਕੇ ਵਿੱਚ ਵੀ ਆਂਗਨਵਾੜੀ ਹੈਲਪਰਾਂ ਦੀ ਭਰਤੀ ਬਿਨਾਂ ਕਿਸੇ ਸਿਫਾਰਸ਼ ਤੋਂ ਸਿਰਫ ਮੈਰਿਟ ਦੇ ਆਧਾਰ @ਤੇ ਕੀਤੀ ਗਈ ਹੈ। ਨਿਯੁਕਤੀ ਪੱਤਰ ਲੈਣ ਪਹੁੰਚੀਆਂ ਭੈਣਾਂ ਅਤੇ ਉਨ੍ਹਾਂ ਦੇ ਨਾਲ ਆਏ ਪਰਿਵਾਰਕ ਮੈਂਬਰਾਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਦੇਵ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸੀਡੀਪੀਓ ਮੈਡਮ ਤ੍ਰਿਪਤਾ ਅਤੇ ਉਨ੍ਹਾਂ ਦਾ ਸਮੁੱਚਾ ਸਟਾਫ ਵੀ ਵਿਸ਼ੇਸ਼ ਤੌਰ @ਤੇ ਹਾਜ਼ਰ ਸੀ।

# ਟਰੈਵਲ ਏਜੰਟ ਦੇ ਘਰ ਅੱਗੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦਾ ਧਰਨਾ 17ਵੇਂ ਦਿਨ ਵਿੱਚ ਦਾਖ਼ਲ

**ਪੀੜਤ ਪਰਿਵਾਰਾਂ ਨੂੰ ਇਨਸਾਫ਼ ਮਿਲਣ ਤੱਕ ਸੰਘਰਸ਼ ਜਾਰੀ ਰਹੇਗਾ: ਗੁਰਵਿੰਦਰ ਸਿੰਘ ਮੰਨੇਵਾਲਾ**

ਜਲਾਲਾਬਾਦ, 12 ਅਕਤੂਬਰ (ਸੁਭਾਸ਼ ਸਿੰਘ)ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਕਥਿਤ ਤੌਰ 'ਤੇ ਲੋਕਾਂ ਨਾਲ ਧੋਖਾਧੜੀ ਕਰਨ ਵਾਲੇ ਟਰੈਵਲ ਏਜੰਟ ਹਰਜੋਬਨਪ੍ਰੀਤ ਸਿੰਘ ਪੁੱਤਰ ਜਸਵਿੰਦਰ ਸਿੰਘ, ਵਾਸੀ ਪਿੰਡ ਨੂਕੇਰੀਆਂ, ਦੇ ਘਰ ਅੱਗੇ ਲਗਾਤਾਰ ਦਿੱਤਾ ਜਾ ਰਿਹਾ ਦਿਨ-ਰਾਤ ਦਾ ਧਰਨਾ ਅੱਜ 17ਵੇਂ ਦਿਨ ਵਿੱਚ ਦਾਖ਼ਲ ਹੋ ਗਿਆ ਹੈ। ਧਰਨੇ ਦੇ 17 ਦਿਨ ਪੂਰੇ ਹੋਣ ਦੇ ਬਾਵਜੂਦ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਾ ਕੀਤੇ ਜਾਣ ਕਾਰਨ ਕਿਸਾਨ ਆਗੂਆਂ ਅਤੇ ਪੀੜਤ ਪਰਿਵਾਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਧਰਨੇ ਦੌਰਾਨ ਸੰਬੋਧਨ ਕਰਦਿਆਂ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਮੰਨੇਵਾਲਾ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜਦੋਂ ਤੱਕ ਕਥਿਤ ਧੋਖਾਧੜੀ ਦਾ ਸ਼ਿਕਾਰ ਹੋਏ ਪੀੜਤ ਪਰਿਵਾਰਾਂ ਨੂੰ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਟਰੈਵਲ ਏਜੰਟ ਹਰਜੋਬਨਪ੍ਰੀਤ ਸਿੰਘ ਦੇ ਘਰ ਅੱਗੇ ਧਰਨਾ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਲੋਕਾਂ ਨਾਲ ਕਥਿਤ ਧੋਖਾਧੜੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਜਿਨ੍ਹਾਂ ਲੋਕਾਂ ਦੇ ਪੈਸੇ ਲਏ ਗਏ ਹਨ, ਉਨ੍ਹਾਂ ਨੂੰ ਬਣਦੀ ਰਕਮ ਵਿਆਜ ਸਮੇਤ ਵਾਪਸ ਮਿਲਣੀ ਚਾਹੀਦੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਅਤੇ ਪ੍ਰਸ਼ਾਸਨ ਨੇ ਜਲਦੀ ਕੋਈ ਕਦਮ ਨਾ ਚੁੱਕਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਅੱਜ ਦੇ ਧਰਨੇ ਵਿੱਚ ਜਲਾਲਾਬਾਦ ਦੇ ਸਕੱਤਰ ਸੁਰਿੰਦਰ ਸਿੰਘ ਪੀਰੇਕੇ, ਬਲਾਕ ਰਾਮਪੁਰਾ ਦੇ ਸਿਕੰਦਰ ਸਿੰਘ, ਮੱਖਣ ਸਿੰਘ, ਜਗਦੀਪ ਸਿੰਘ, ਭੁਪਿੰਦਰ ਸਿੰਘ, ਸੁਰਿੰਦਰ ਕੁਮਾਰ ਜੈਤੋ, ਜਸਵਿੰਦਰ ਸਿੰਘ ਮਹਿਮਾ, ਗੁਰਪ੍ਰੀਤ ਸਿੰਘ ਢਿੱਲਵਾਂ, ਕਰਮਬੀਰ ਕੌਰ ਬਠਿੰਡਾ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਅਤੇ ਪੀੜਤ ਪਰਿਵਾਰਾਂ ਨੇ ਸ਼ਮੂਲੀਅਤ ਕੀਤੀ।

# ਪੰਜਾਬ ਸਰਕਾਰ ਦੇ ਦਿਸਾ ਨਿਰਦੇਸ ਅਨੁਸਾਰ ਪਿੰਡ ਪੰਜੋਲਾਂ ਵਿਖੇ ਕੀਤੀ ਗਈ ਲੋਕ ਮਿਲਣੀ: ਚੇਅਰਮਾਨ ਢਿੱਲੋਂ

ਸਨੌਰ, 12 ਅਕਤੂਬਰ (ਰਾਜਿੰਦਰ ਸਿੰਘ ਥਿੰਦ ): ਹਲਕਾ ਸਨੌਰ ਦੇ ਪਿੰਡ ਪੰਜੋਲਾਂ ਵਿਖੇ ਗੁਰਜੰਟ ਸਿੰਘ ਪੰਜੋਲਾਂ ਦੀ ਅਗਵਾਈ ਹੇਠ ਲੋਕ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਪੰਜਾਬ ਐਗਰੋ ਫੂਡਗ੍ਰੇਨ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਸ੍ਰੀ ਬਲਜਿੰਦਰ ਸਿੰਘ ਢਿੱਲੋਂ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਵੱਖ-ਵੱਖ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਪਿੰਡ ਦੇ ਵਿਕਾਸ ਕਾਰਜਾਂ, ਗਲੀਆਂ-ਨਾਲੀਆਂ, ਸੜਕਾਂ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਆਪਣੇ ਮਸਲੇ ਰੱਖੇ। ਇਸ ਤੋਂ ਇਲਾਵਾ ਲੋਕਾਂ ਨੇ ਸਰਕਾਰੀ ਸਕੀਮਾਂ ਦਾ ਲਾਭ ਲੈਣ ਅਤੇ ਰੋਜ਼ਗਾਰ ਦੇ ਕੰਮਾਂ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਸ੍ਰੀ ਬਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਲੋਕ ਮਿਲਣੀਆਂ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪਿੰਡ ਵਾਸੀਆਂ ਵੱਲੋਂ ਉਠਾਏ ਗਏ ਮਸਲਿਆਂ ਨੂੰ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਅਤੇ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੇ ਕੰਮਾਂ ਲਈ ਬੇਲੋੜੀਆਂ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਲੋਕਾਂ ਨਾਲ ਸਿੱਧਾ ਸੰਪਰਕ ਬਣਾ ਕੇ ਉਨ੍ਹਾਂ ਦੇ ਮਸਲਿਆਂ ਨੂੰ ਸਬੰਧਤ ਵਿਭਾਗਾਂ ਤੱਕ ਪਹੁੰਚਾਇਆ ਜਾਵੇਗਾ ।

ਇਸ ਮੌਕੇ ਲਖਵਿੰਦਰ ਸਿੰਘ ਢਿੱਲੋਂ, ਗੱਜਣ ਸਿੰਘ ਜ਼ਿਲ੍ਹਾ ਮੀਡੀਆ ਸਕੱਤਰ ਪਟਿਆਲਾ, ਅਵਤਾਰ ਸਿੰਘ ਹਲਕਾ ਕੋਆਰਡੀਨੇਟਰ ਐੱਸ.ਸੀ. ਵਿੰਗ, ਹਰਜੀਤ ਸਿੰਘ, ਨਰਿੰਦਰ ਸੈਣੀ, ਸੁਰਜੀਤ ਸਿੰਘ ਪਹਾੜੀਪੁਰ, ਮਦਨ ਮੋਹਨ ਜੁਲਕਾਂ,ਜਸਪਿੰਦਰ ਰੰਧਾਵਾ ਮੋਨੂ ਅਤੇ ਰਾਜ ਕੁਮਾਰ ਮਿਠਾਰੀਆ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਲੰਟੀਅਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਜਗਰਾਉਂ ਅਤੇ ਆਸ-

# ਸਾਡੀਆਂ ਰੈਲੀਆਂ ਦੇਖ ਹਲਕਾ ਬੱਸੀ ਪਠਾਣਾਂ 'ਚ ਵਿਰੋਧੀ ਘਬਰਾਏ, ਇੱਕ ਤੋਂ ਬਾਅਦ ਇੱਕ ਚੌਥੀ ਰੈਲੀ 'ਚ ਭਾਰੀ ਇਕੱਠ -ਡਾ ਮਨੋਹਰ ਸਿੰਘ

ਸ਼ਸ਼ੀਪਾਲ ਜੈਨ

**ਬੱਸੀ ਪਠਾਣਾਂ, 12 ਅਕਤੂਬਰ:** ਪੰਜਾਬ ਵਿਧਾਨ ਸਭਾ ਚੋਣਾਂ ਬੇਸ਼ੱਕ ਹਾਲੇ ਦੋ ਤਿੰਨ ਮਹੀਨੇ ਦੂਰ ਹਨ ਪਰ ਹਲਕਾ ਬੱਸੀ ਪਠਾਣਾਂ ਵਿਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਡਾ ਮਨੋਹਰ ਸਿੰਘ ਵੱਲੋਂ ਹਲਕੇ ਅੰਦਰ ਇੱਕ ਤੋਂ ਬਾਅਦ ਇੱਕ, ਚੌਥੀ ਰੈਲੀ ਕਰ ਕੇ ਚੋਣ ਦੰਗਲ ਭਖਾ ਦਿੱਤਾ ਹੈ। ਸ਼ਨੀਵਾਰ ਸ਼ਾਮ ਨੂੰ ਹਲਕਾ ਯੂਥ ਕਾਂਗਰਸ ਵੱਲੋਂ ਹਲਕੇ ਦੇ ਇੱਕ ਵੱਡੇ ਪਿੰਡ ਚੂੰਨੀ ਵਿਖੇ ਆਯੋਜਤ ਭਰਵੀਂ ਰੈਲੀ ਨੂੰ ਸੰਬੋਧਨ ਕਰਦਿਆਂ ਡਾ ਮਨੋਹਰ ਸਿੰਘ ਨੇ ਕਿਹਾ ਕਿ ਸਾਡੀਆਂ ਰੈਲੀਆਂ ਵਿੱਚ ਹਲਕੇ ਦੇ ਲੋਕਾਂ ਦਾ ਭਾਰੀ ਇਕੱਠ ਦੇਖਦੇ ਹੋਏ ਹਲਕੇ ਅੰਦਰ ਸਾਰੀਆਂ ਪਾਰਟੀਆਂ ਅੰਦਰ ਚੋਣਾਂ ਲੜਨ ਵਾਲੇ ਟਿਕਟ ਭਾਲਦੇ ਵਿਰੋਧੀਆਂ ਵਿੱਚ ਘਬਰਾਹਟ ਦਾ ਮਾਹੌਲ ਦਿਖ ਰਿਹਾ ਹੈ। ਕਾਂਗਰਸ ਆਗੂ ਤੇ ਇੰਟਕ ਫੈਡਰੇਸ਼ਨ ਪੰਜਾਬ ਡਾ ਮਨੋਹਰ ਸਿੰਘ ਨੇ ਪ੍ਰਧਾਨ ਜਿੱਥੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਵਰਕਰਾਂ ਨੂੰ ਲਾਮਬੰਦ ਹੋਣ ਦੀ ਅਪੀਲ ਕੀਤੀ ਉੱਥੇ ਕਾਂਗਰਸ ਪਾਰਟੀ ਵੱਲੋਂ ਦੇਸ਼ ਵਿਆਪੀ "ਵੋਟ ਚੋਰ ਗੱਦੀ ਛੋੜ "ਅੰਦੋਲਨ ਵਿੱਚ ਆਪਣੇ ਨੇਤਾ ਰਾਹੁਲ ਗਾਂਧੀ ਦੀ ਆਵਾਜ ਬੁਲੰਦ ਕਰਨ ਲਈ ਇਲਾਕੇ ਵਿੱਚ ਲੋਕਾਂ ਨੂੰ ਅਪੀਲ ਕੀਤੀ। ਡਾ ਮਨੋਹਰ ਸਿੰਘ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਵਾਲੀ ਭਗਵੰਤ ਮਾਨ ਸਰਕਾਰ ਨੂੰ ਘੇਰਦਿਆਂ ਸੂਬੇ ਦੇ ਇਤਿਹਾਸ ਦੀ ਸਭ ਨਾਲੋਂ ਮਾੜੀ ਕਾਰਗੁਜ਼ਾਰੀ ਦੀ ਫ਼ੇਲ ਸਰਕਾਰ ਦਸਿਆ ਅਤੇ ਕਿਹਾ ਕਿ ਇਹ ਸਰਕਾਰ ਭ੍ਰਿਸ਼ਟਾਚਾਰ ਨਾਲ ਲੱਥਪਤ, ਕਿਸਾਨ ਤੇ

ਮੁਲਾਜ਼ਮ ਵਿਰੋਧੀ ਸਰਕਾਰ ਨੇ ਪੰਜਾਬ ਨੂੰ ਆਪਣੇ ਦਿੱਲੀ ਦੇ ਆਕਿਆਂ ਲਈ ਲੁੱਟਿਆ ਅਤੇ ਪੰਜਾਬ ਨੂੰ ਕੰਗਾਲੀ ਦੇ ਰਾਹ ਤੇ ਲਿਆ ਖੜ੍ਹਾ ਕਰ ਦਿੱਤਾ। "ਸਾਡੀ ਸਾਂਝ "ਦੇ ਨਾਂ ਤੇ ਇਸ ਰੈਲੀ ਦਾ ਆਯੋਜਨ ਬਲਿਹਾਰ ਸਿੰਘ, ਪਿੰਕੂ ਰਾਣਾ ਅਤੇ ਸਾਬਕਾ ਸਰਪੰਚ ਜਰਨੈਲ ਸਿੰਘ ਦੀ ਦੇਖ ਰੇਖ ਵਿੱਚ ਹਲਕਾ ਯੂਥ ਕਾਂਗਰਸ ਵਲੋਂ ਪ੍ਰਧਾਨ ਹਰਮਨ ਸਿੰਘ ਸਿੱਧੂ, ਜ਼ਿਲ੍ਹਾ ਮੀਤ ਪ੍ਰਧਾਨ ਸ਼ਗਨਪ੍ਰੀਤ ਸਿੰਘ ਅੰਜਲਾ ਅਤੇ ਖਮਾਣੋਂ ਬਲਾਕ ਪ੍ਰਧਾਨ ਹਰਜਸ ਸਿੰਘ, ਬੱਸੀ ਬਲਾਕ ਮੀਤ ਪ੍ਰਧਾਨ ਦਲਜੀਤ ਸਿੰਘ ਮੁੱਖ ਤੌਰ ਤੇ ਕੀਤਾ ਗਿਆ। ਇਸ ਇਕੱਠ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂਆਂ ਵਿੱਚ ਖਮਾਣੋਂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਤੇ ਸੀਨੀਅਰ ਕਾਂਗਰਸੀ ਡਾ ਅਮਰਜੀਤ ਸੋਹਲ ਅਤੇ ਬਲਮਜੀਤ ਸਿੰਘ ਪ੍ਰਿੰਸੀ, ਜ਼ਿਲ੍ਹਾ ਇੰਟਕ ਪ੍ਰਧਾਨ ਸਾਬਕਾ ਕੌਂਸਲਰ ਕਰਮਜੀਤ ਸਿੰਘ ਢੀਂਡਸਾ, ਸਾਬਕਾ ਪ੍ਰਧਾਨ ਰਮੇਸ਼ ਕੁਮਾਰ ਗੁਪਤਾ, ਇੰਟਕ ਫੈਡਰੇਸ਼ਨ ਸੂਬਾ ਮੀਤ ਪ੍ਰਧਾਨ ਭੀਮ ਚੰਦ ਸ਼ੁਕਲਾ, ਸ਼ਹਿਰੀ ਕਾਂਗਰਸ ਸਾਬਕਾ ਪ੍ਰਧਾਨ ਕਿਸ਼ੋਰੀ ਲਾਲ ਚੁੱਘ, ਜ਼ਿਲ੍ਹਾ ਕਾਂਗਰਸ ਸਾਬਕਾ ਜਨਰਲ ਸਕੱਤਰ ਕੌਂਸਲਰ ਜਰਨੈਲ ਸਿੰਘ ਨਾਹਰਾ, ਅਤੇ ਅਰਸ਼ ਢੀਂਡਸਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਮੌਜੂਦ ਸਨ। ਡਾ ਮਨੋਹਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਨਸ਼ਿਆਂ ਨੂੰ ਠੱਲ੍ਹ ਪਾਉਣ ਵਿੱਚ ਬੁਰੀ ਤਰ੍ਹਾਂ ਫੇਲ ਰਹੀ ਹੈ ਜਸ ਕਰਕੇ ਰਾਜ ਅੰਦਰ ਜਵਾਨੀ ਦਾ ਘਾਣ ਹੋ ਰਿਹਾ ਹੈ ਅਤੇ ਪਰਿਵਾਰ ਬਰਬਾਦ ਹੋ ਰਹੇ ਹਨ। ਡਾ ਮਨੋਹਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਨਸ਼ਿਆਂ ਨੂੰ ਠੱਲ੍ਹ ਪਾਉਣ ਵਿੱਚ ਬੁਰੀ ਤਰ੍ਹਾਂ ਫੇਲ ਰਹੀ ਹੈ ਜਿਸ ਕਰਕੇ ਰਾਜ ਅੰਦਰ ਜਵਾਨੀ ਦਾ ਘਾਣ ਹੋ ਰਿਹਾ ਹੈ ਅਤੇ ਪਰਿਵਾਰ ਬਰਬਾਦ ਹੋ ਰਹੇ ਹਨ। ਉਨ੍ਹਾਂ ਅੱਗੇ ਆਖਿਆ ਕਿ ਅੱਜ ਪੰਜਾਬ ਅੰਦਰ ਭਗਵੰਤ ਮਾਨ ਸਰਕਾਰ ਨੂੰ ਸਵਾਲ ਕਰਨ ਵਾਲੇ ਭੋਲੇ ਭਾਲੇ ਲੋਕਾਂ ਨੂੰ ਡਰਾਇਆ ਧਮਕਾਇਆ ਜਾ ਰਿਹਾ ਹੈ ਜਿਸ ਦੇ ਨਤੀਜੇ ਵਜੋਂ ਗੁਲਜ਼ਾਰ ਸਿੰਘ ਵਰਗੇ ਗਰੀਬ ਡਰਦੇ ਮਾਰੇ ਖੁਦਕਸ਼ੀ ਕਰਨ ਲਈ ਮਜਬੂਰ ਹੋ ਰਹੇ ਹਨ।

# ਮਿਸਤਰੀਆਂ, ਮਜ਼ਦੂਰਾਂ ਵੱਲੋਂ ਮੋਦੀ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ, ਪ੍ਰਦਰਸ਼ਨਕਾਰੀਆਂ ਨੂੰ ਥਾਣਿਆਂ ਵਿੱਚ ਡੱਕਣ ਦੀ ਕੀਤੀ ਜ਼ੋਰਦਾਰ ਨਿਖੇਧੀ

**ਮੋਰਿੰਡਾ,12ਅਕਤੂਬਰ(ਬਲਵੀਰ ਸਿੰਘ ਚਲਾਕੀ ):** ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਇਫਟੂ ਦੇ ਸੱਦੇ 'ਤੇ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਰਜਿ. ਸਬੰਧਤ ਇਫਟੂ ਵੱਲੋਂ ਪ੍ਰਧਾਨ ਬਲਵਿੰਦਰ ਸਿੰਘ ਸਿਮਰੂ ਦੀ ਪ੍ਰਧਾਨਗੀ ਹੇਠ ਲੇਬਰ ਚੌਕ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪ੍ਰਦਰਸ਼ਨ ਕਾਰੀਆਂ ਨੇ ਦਿੱਲੀ ਪੁਲਿਸ ਪ੍ਰਸ਼ਾਸਨ ਵੱਲੋਂ 10 ਅਕਤੂਬਰ ਨੂੰ ਵਿਦਿਆਰਥੀਆਂ ,ਪੱਤਰਕਾਰਾਂ ਬੁੱਧੀਜੀਵੀਆਂ, ਕਿਸਾਨਾਂ ਨੌਜਵਾਨਾਂ ਤੇ ਜਬਰ ਕਰਕੇ ਥਾਣਿਆਂ ਵਿੱਚ ਡੱਕਣ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਯੂਨੀਅਨ ਦੇ ਜਰਨਲ ਸਕੱਤਰ ਮਿਸਤਰੀ ਮਨਮੋਹਨ ਸਿੰਘ ਕਾਲਾ , ਇਫਟੂ ਦੇ ਜ਼ਿਲ੍ਹਾ ਸਕੱਤਰ ਮੁਲਾਗਰ ਸਿੰਘ ਖਮਾਣੋਂ,ਪ੍ਰੈਸ ਸਕੱਤਰ ਸਤਵਿੰਦਰ ਸਿੰਘ ਨੀਟਾ , ਸੁਰਿੰਦਰ ਸਿੰਘ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਲੋਕਾਂ ਨੂੰ ਬੋਲਣ ਦੀ, ਵਿਚਾਰ ਪ੍ਰਗਟਾਵੇ ਦੀ ਅਤੇ ਹਰ ਕਿਸਮ ਦੇ ਜਬਰ ਖਿਲਾਫ ਆਵਾਜ਼ ਬੁਲੰਦ ਕਰਨ ਦੇ ਬੁਨਿਆਦੀ ਅਧਿਕਾਰ ਦਿੰਦਾ ਹੈ, ਇਹਨਾਂ ਅਧਿਕਾਰਾਂ ਤਹਿਤ ਹੀ ਸਮੁੱਚੇ ਲੋਕ ਮੁਖ ਚੋਣ ਕਮਿਸ਼ਨ ਦੇ ਅਸਤੀਫੇ ਦੀ ਮੰਗ ਕਰ ਰਹੇ ਹਨ ,ਕਿਉਂਕਿ ਚੋਣ ਕਮਿਸ਼ਨ ਨੇ ਲੋਕਾਂ ਦਾ ਬੁਨਿਆਦੀ ਹੱਕ ਵੋਟ ਦੇ ਅਧਿਕਾਰ ਨੂੰ ਵੀ ਖਤਮ ਕਰਕੇ ਫਾਸ਼ੀਵਾਦੀ ਨੀਤੀਆਂ ਨੂੰ ਲਾਗੂ ਕਰਕੇ ਕਾਰਪੋਰੇਟਰਾਂ ਦਾ ਪੱਖ ਪੂਰਨ ਰਿਹਾ ਹੈ। ਲੋਕ ਆਪਣੇ ਬੁਨਿਆਦੀ ਹੱਕ ਨੂੰ ਹਾਸਲ ਕਰਨ ਲਈ ਸੰਘਰਸ਼ਾਂ ਦੀ ਰਾਹ ਤੇ ਤੁਰ ਰਹੇ ਹਨ ਪ੍ਰੰਤੂ ਕੇਂਦਰ ਸਰਕਾਰ ਇਹਨਾਂ ਤੇ ਅੰਗਰੇਜ਼ਾਂ ਤੋਂ ਵੀ ਅੱਗੇ ਲੰਘ ਕੇ ਜਬਰ ਕਰ ਰਹੀ ਹੈ ਇਥੋਂ ਤੱਕ ਲੋਕਤੰਤਰ ਦੇ ਚੌਥੇ ਥੰਮ ਮੀਡੀਆ ਕਰਮੀਆਂ ਨੂੰ ਵੀ ਨਹੀਂ ਬਖਸ਼ਿਆ ਗਿਆ । ਇਹਨਾਂ ਕਿਹਾ ਕਿ ਜਬਰ ਨਾਲ ਲੋਕਾ ਦੀ ਆਵਾਜ਼ ਨੂੰ ਨਹੀਂ ਦੱਬਿਆ ਜਾ ਸਕਦਾ। ਜਬਰ ਦੀ ਨੀਤੀ ਲਾਗੂ ਕਰਕੇ ਮੋਦੀ ਸਰਕਾਰ ਆਪਣੇ ਪਤਨ ਦੇ ਰਾਹ ਪੈ ਚੁੱਕੀ ਹੈ। ਇਸ ਮੌਕੇ ਅਜੈਬ ਸਿੰਘ ਸਮਾਣਾ, ਦਲਜੀਤ ਸਿੰਘ ਬਿੱਟੂ, ਸੁਰਿੰਦਰ ਸਿੰਘ ,ਗੁਲਾਬ ਚੰਦ ਚੌਹਾਨ , ਓਕਾਰ ਸਿੰਘ, ਜਸਵੀਰ ਸਿੰਘ ਜੱਸੀ, ਹਨੁਮਾਨ ਯਾਦਵ, ਗੁਰਮੇਲ ਸਿੰਘ, ਜੀਵਨ ਸਿੰਘ , ਕਮਲਜੀਤ ਸਿੰਘ, ਜਸਵੰਤ ਸਿੰਘ, ਕਸਤੂਰੀ ਲਾਲ ਬੇਲਾ ਆਦਿ ਹਾਜ਼ਰ ਸਨ।

# ਪੰਜਾਬ ਸਟੇਟ ਕਰਮਚਾਰੀ ਦਲ ਭਗੜਾਣਾ ਦੀ ਸੂਬਾ ਪੱਧਰੀ ਮੀਟਿੰਗ 'ਚ ਕਰਮਜੀਤ ਭਗੜਾਣਾ ਦੇ ਅਕਾਲੀ ਦਲ ਦਾ ਸੀ: ਮੀਤ ਪ੍ਰਧਾਨ ਲੱਗਣ 'ਤੇ ਕੀਤਾ ਸਨਮਾਨ

**ਮੋਰਿੰਡਾ,12ਅਕਤੂਬਰ(ਬਲਵੀਰ ਸਿੰਘ ਚਲਾਕੀ):** ਪੰਜਾਬ ਸਟੇਟ ਕਰਮਚਾਰੀ ਦਲ ਭਗੜਾਣਾ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਕਰਮਜੀਤ ਸਿੰਘ ਭਗੜਾਣਾ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਪੰਜਾਬ ਦੀਆਂ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ, ਜਿਨ੍ਹਾਂ ਵਿੱਚ ਯੂਨਾਈਟਿਡ ਟੈਕਨੀਕਲ ਇੰਪਲਾਈਜ਼ ਯੂਨੀਅਨ ਪੰਜਾਬ, ਪੰਜਾਬ ਗੌਰਮਿੰਟ ਡਰਾਈਵਰ ਯੂਨੀਅਨ ਅਤੇ ਸੈਨੀਟੇਸ਼ਨ ਵਿਭਾਗ ਨਾਲ ਸਬੰਧਤ ਮੁਲਾਜ਼ਮ ਜਥੇਬੰਦੀ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ, ਸਰਕਾਰ ਦੀ ਕਾਰਜਸ਼ੈਲੀ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਸੰਘਰਸ਼ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਤਿੰਨਾਂ ਜਥੇਬੰਦੀਆਂ ਵੱਲੋਂ ਸਰਬਸੰਮਤੀ ਨਾਲ ਪੰਜਾਬ ਪੱਧਰ 'ਤੇ ਸਾਂਝੀ ਕਾਰਜਕਾਰੀ ਬਾਡੀ ਦਾ ਗਠਨ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਲਾਗੂ ਕਰਵਾਉਣ ਲਈ ਏਕਤਾ ਬੇਹੱਦ ਜ਼ਰੂਰੀ ਹੈ। ਇਸ ਲਈ ਸਾਰੀਆਂ ਜਥੇਬੰਦੀਆਂ ਨੂੰ ਇਕਜੁੱਟ ਹੋ ਕੇ ਆਪਣੇ ਹੱਕਾਂ ਦੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਇਸ ਮੌਕੇ ਸੂਬਾ ਪ੍ਰਧਾਨ ਕਰਮਜੀਤ ਸਿੰਘ ਭਗੜਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਸੱਤਾ ਵਿੱਚ ਆਏ ਪੌਣੇ ਪੰਜ ਸਾਲ ਬੀਤ ਜਾਣ ਦੇ ਬਾਵਜੂਦ ਮੁਲਾਜ਼ਮਾਂ ਦੀਆਂ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਵੱਲੋਂ ਮੰਗਾਂ ਨੂੰ ਲਾਗੂ ਕਰਨ ਦੀ ਬਜਾਏ ਟਾਲ-ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਸ਼ੀਲ ਚੋਪੜਾ ਸਕੱਤਰ ਜਨਰਲ ਪੰਜਾਬ , ਅਸ਼ੋਕ ਕੁਮਾਰ ਜਿਲਾ ਪ੍ਰਧਾਨ ਫਤਿਹਗੜ੍ਹ ਸਾਹਿਬ, ਮਲਕੀਤ ਸਿੰਘ ਰੈਲੋ ਸੀਨੀਅਰ ਮੀਤ ਪ੍ਰਧਾਨ ਪੰਜਾਬ ,ਹਰਭਜਨ ਸਿੰਘ ਖੇਖਰ ਸਰਪ੍ਰਸਤ ਪੰਜਾਬ ,ਬਲਵਿੰਦਰ ਸਿੰਘ ਬਾਜਵਾ ਸੀਨੀਅਰ ਮੀਤ ਪ੍ਰਧਾਨ ਪਟਿਆਲਾ, ਸਤਨਾਮ ਸਿੰਘ ਕਜੋਲੀ ਜਨਰਲ ਸਕੱਤਰ ਪੰਜਾਬ, ਬਲਜਿੰਦਰ ਸਿੰਘ ਕਜੋਲੀ, ਕੇਸਰ ਸਿੰਘ ਜ਼ਿਲ੍ਹਾ ਪ੍ਰਧਾਨ ਮੋਹਾਲੀ ,ਬਾਬਾ ਅਮਰਜੀਤ ਸਿੰਘ ਰੋਪੜ ,ਅਮਿਤ ਜਿਲਾ ਪ੍ਰਧਾਨ ਸਮਾਣਾ, ਸੁਰਿੰਦਰ ਸਿੰਘ ਅੰਟਾਲ ਕਾਰਜਕਾਰੀ ਪ੍ਰਧਾਨ ਪੰਜਾਬ, ਰਾਜਕੁਮਾਰ ਜਨ ਸਕੱਤਰ ਪੰਜਾਬ ,ਇੰਦਰਜੀਤ ਸਿੰਘ ਕਾਹਲੋਂ ਜ਼ਿਲਾ ਪ੍ਰਧਾਨ ਅੰਮ੍ਰਿਤਸਰ ਸਾਹਿਬ , ਹਰਵਿੰਦਰ ਸਿੰਘ ਜ਼ਿਲਾ ਪ੍ਰਧਾਨ ਬਠਿੰਡਾ, ਰੂਪ ਸਿੰਘ ਜਨਰਲ ਸਕੱਤਰ ਪੰਜਾਬ ,ਨਰੇਸ਼ ਕੁਮਾਰ ਪ੍ਰਧਾਨ ਰਾਜਪੁਰਾ, ਬਲਵੀਰ ਸਿੰਘ ਪ੍ਰਧਾਨ ਬਰਾਂ ਪਟਿਆਲਾ ਆਦਿ ਹਾਜਰ ਸਨ।

# ਹੋਲੀ ਬੇਸਿਲ ਹਸਪਤਾਲ ਖਰੜ ਵਿਖੇ ਲਗਾਏ ਮੈਗਾ ਹੈਲਥ ਕੈਂਪ ਵਿਚ ਹੋਈ 1000 ਤੋਂ ਵੱਧ ਮਰੀਜ਼ਾਂ ਦੀ ਜਾਂਚ

ਸ਼ਸ਼ੀ ਪਾਲ ਜੈਨ

**ਖਰੜ 12 ਅਕਤੂਬਰ**-ਖਰੜ ਦੇ ਲਾਂਡਰਾ ਰੋਡ ਉਤੇ ਸਥਿਤ ਪ੍ਰਸਿੱਧ ਹੋਲੀ ਬੇਸਿਲ ਹਸਪਤਾਲ ਵਿਖੇ ਕੱਲ ਮੈਗਾ ਹੈਲਥ ਕੈਂਪ ਦਾ ਆਯੋਜਨ ਕੀਤਾ ਗਿਆ। ਖਰਾਬ ਮੌਸਮ ਹੋਣ ਤੋਂ ਬਾਵਜੂਦ ਹਜ਼ਾਰ ਤੋਂ ਵੱਧ ਮਰੀਜ਼ਾਂ ਨੇ ਇਸ ਕੈਂਪ ਵਿਚ ਭਾਗ ਲਿਆ ਅਤੇ ਆਪਣੀ ਸਿਹਤ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਸਚਿਨ ਵਰਮਾ ਨੇ ਦੱਸਿਆ ਕਿ ਇਸ ਕੈਂਪ ਵਿਚ ਜਿਥੇ ਲੋਕਾਂ ਨੇ ਵੱਖ-ਵੱਖ ਕਿਸਮ ਦੇ ਟੈਸਟ ਮੁਫਤ ਕੀਤੇ ਗਏ ਉਥੇ ਉਨਾਂ ਨੂੰ ਸਿਹਤ ਦੀ ਚੈਕਿੰਗ ਉਪਰੰਤ ਜ਼ਰੂਰੀ ਸਲਾਹ ਵੀ ਦਿੱਤੀ ਗਈ। ਉਨਾਂ ਦੱਸਿਆ ਕਿ ਇਹ ਕੈਂਪ ਬਿਲਕੁੱਲ ਮੁਫਤ ਸੀ। ਇਸ ਕੈਂਪ ਦੀ ਖਾਸਿਅਤ ਇਹ ਸੀ ਕਿ ਇਸ ਵਿਚ ਵੱਖ-ਵੱਖ ਸਿਆਸੀ ਪਾਰਟੀਆਂ ਅਤੇ ਸਮਾਜਿਕ ਸੰਸਥਾਵਾਂ ਦੇ ਆਗੂਆਂ ਨੇ ਵੀ ਆਪਣੀ ਹਾਜ਼ਰੀ ਲਗਾਈ।

## ਵੋਲਵੋ ਕਾਰ ਇੰਡੀਆ ਵੱਲੋਂ ਨਵੀਂ ਪੂਰੀ ਤਰ੍ਹਾਂ ਇਲੈਕਟ੍ਰਿਕ ਲਗਜ਼ਰੀ ਫਲੈਗਸ਼ਿਪ ਐੱਸ.ਯੂ.ਵੀ. ਈਐਕਸ90 ਲਾਂਚ

**ਲੁਧਿਆਣਾ, 12 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):**-: ਵੋਲਵੋ ਕਾਰ ਇੰਡੀਆ ਨੇ ਆਪਣੀ ਨਵੀਂ ਪੂਰੀ ਤਰ੍ਹਾਂ ਇਲੈਕਟ੍ਰਿਕ ਲਗਜ਼ਰੀ ਫਲੈਗਸ਼ਿਪ ਐੱਸ.ਯੂ.ਵੀ. ਈਐਕਸ90 ਨੂੰ ਅਧਿਕਾਰਤ ਤੌਰ 'ਤੇ ਭਾਰਤੀ ਬਾਜ਼ਾਰ ਵਿੱਚ ਲਾਂਚ ਕਰ ਦਿੱਤਾ ਹੈ। ਇਸ ਦੀ ਐਕਸ-ਸ਼ੋਅਰੂਮ ਕੀਮਤ 1.26 ਕਰੋੜ ਰੁਪਏ ਰੱਖੀ ਗਈ ਹੈ। ਛੇ ਸੀਟਾਂ ਵਾਲੀ ਇਸ ਲਗਜ਼ਰੀ ਫੈਮਿਲੀ ਐੱਸ.ਯੂ.ਵੀ. ਵਿੱਚ ਸਕੈਂਡੀਨੇਵੀਅਨ ਸ਼ੈਲੀ ਦਾ ਸਾਦਗੀ ਭਰਪੂਰ ਡਿਜ਼ਾਈਨ, ਸੁਰੱਖਿਆ ਦੇ ਉੱਚ ਮਿਆਰ, ਸ਼ਾਨਦਾਰ ਡਰਾਈਵਿੰਗ ਰੇਂਜ ਅਤੇ ਅਤਿ-ਆਧੁਨਿਕ ਤਕਨਾਲੋਜੀ ਦਿੱਤੀ ਗਈ ਹੈ। ਈਐਕਸ90 ਭਾਰਤੀ ਬਾਜ਼ਾਰ ਵਿੱਚ ਵੋਲਵੋ ਦਾ ਪਹਿਲਾ ਸਾਫਟਵੇਅਰ-ਡਿਫਾਈਂਡ ਵਾਹਨ (ਐੱਸ.ਡੀ.ਵੀ.) ਹੈ। ਇਸ ਨੂੰ ਕੰਪਨੀ ਦੇ ਨਵੇਂ ਐੱਸ.ਪੀ.ਏ.2 ਪਲੇਟਫਾਰਮ 'ਤੇ ਤਿਆਰ ਕੀਤਾ ਗਿਆ ਹੈ ਵੋਲਵੋ ਈਐਕਸ90 ਦੀ ਬੁਕਿੰਗ ਸ਼ੁਰੂ ਹੋ ਚੁੱਕੀ ਹੈ। ਗਾਹਕਾਂ ਦੇ ਤਜਰਬੇ ਅਤੇ ਟੈਸਟ ਡਰਾਈਵ ਲਈ ਇਹ ਗੱਡੀ ਨਵੰਬਰ 2026 ਤੋਂ ਉਪਲਬਧ ਹੋਵੇਗੀ, ਜਦਕਿ ਇਸ ਦੀ ਡਿਲਿਵਰੀ ਜਨਵਰੀ 2027 ਤੋਂ ਸ਼ੁਰੂ ਕਰਨ ਦੀ ਯੋਜਨਾ ਹੈ। ਇਸ ਤੋਂ ਇਲਾਵਾ, 31 ਦਸੰਬਰ 2026 ਤੱਕ ਬੁਕਿੰਗ ਕਰਵਾਉਣ ਵਾਲੇ ਗਾਹਕਾਂ ਨੂੰ ਵਿਸ਼ੇਸ਼ ਸ਼ੁਰੂਆਤੀ ਆਫ਼ਰ ਵੀ ਦਿੱਤਾ ਜਾ ਰਿਹਾ ਹੈ। ਇਸ ਆਫ਼ਰ ਤਹਿਤ 11 ਕਿਲੋਵਾਟ ਦਾ ਵਾਲ-ਬਾਕਸ ਚਾਰਜਰ ਅਤੇ ਤਿੰਨ ਸਾਲਾਂ ਦਾ ਸਰਵਿਸ ਪੈਕੇਜ ਸ਼ਾਮਲ ਹੈ। ਇਸ ਦੇ ਨਾਲ ਹੀ, ਵੋਲਵੋ ਕਾਰਾਂ ਦੀਆਂ ਫ਼ੀਲਗੁੱਡਿਪ ਵੱਲੋਂ ਤਿੰਨ ਸਾਲਾਂ ਬਾਅਦ ਗੱਡੀ ਦੀ ਕੀਮਤ ਦੇ 65 ਫ਼ੀਸਦੀ ਤੱਕ ਬਾਇਬੈਕ ਦੀ ਪੇਸ਼ਕਸ਼ ਵੀ ਕੀਤੀ ਜਾ ਰਹੀ ਹੈ ਦਿੱਲੀ ਵਿੱਚ ਕਰਵਾਏ ਗਏ '90-90 ਸ਼ੋਅ' ਦੌਰਾਨ ਵੋਲਵੋ ਕਾਰ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਜੋਤੀ ਮਲਹੋਤਰਾ ਨੇ ਕਿਹਾ ਕਿ ਈਐਕਸ90 ਦੀ ਲਾਂਚਿੰਗ ਵਧੇਰੇ ਇਲੈਕਟ੍ਰਿਕ ਅਤੇ ਸਾਫਟਵੇਅਰ-ਆਧਾਰਿਤ ਵਾਹਨਾਂ ਵਾਲੇ ਭਵਿੱਖ ਵੱਲ ਵੋਲਵੋ ਕਾਰ ਇੰਡੀਆ ਦੀ ਵਚਨ

## ਸੰਪਾਦਕੀ

### ਅਣਕਹੇ ਦਰਦਾਂ ਦੀ ਕੀਮਤ

ਅਕਸਰ ਹੀ ਅਸੀਂ ਇਹ ਸੋਚ ਲੈਂਦੇ ਹਾਂ ਕਿ ਜਦੋਂ ਵੀ ਅਸੀਂ ਮਾਪਿਆਂ ਤੋਂ ਦੂਰ ਰਹਿਣ ਲੱਗ ਜਾਵਾਂਗੇ, ਫਿਰ ਸਾਨੂੰ ਆਜ਼ਾਦੀ ਮਿਲ ਜਾਵੇਗੀ। ਭਾਵੇਂ ਉਹ ਪੜ੍ਹਾਈ ਕਰ ਕੇ ਮਿਲੇ ਜਾਂ ਨੌਕਰੀ ਕਰ ਕੇ ਪਰ ਮਾਪਿਆਂ ਦੀਆਂ ਝਿੜਕਾਂ ਪਿੱਛੇ ਲੁਕੀ ਹੋਈ ਫ਼ ?ਕਰ ਉਸ ਸਮੇਂ ਨਜ਼ਰ ਨਹੀਂ ਆਉਂਦੀ। ਘਰੋਂ ਬਾਹਰ ਨਿਕਲ ਕੇ ਪਤਾ ਲੱਗਦਾ ਹੈ ਕਿ ਜ਼ਿੰਦਗੀ ਸਿਰਫ਼ ਆਪਣੀ ਮਰਜ਼ੀ ਨਾਲ ਜਿਊਣ ਦਾ ਨਾਂ ਨਹੀਂ, ਸਗੋਂ ਹਰ ਹਾਲਾਤ ਨਾਲ ਸਮਝੌਤਾ ਕਰਨ ਦਾ ਨਾਂ ਵੀ ਹੈ। ਇੱਥੇ ਪਤਾ ਨਹੀਂ ਕਿੰਨੇ ਤਰ੍ਹਾਂ ਦੇ ਲੋਕ ਮਿਲਦੇ ਹਨ ਪਰ ਘਰ ਵਰਗਾ ਸਕੂਨ ਕਿਤੇ ਨਹੀਂ ਮਿਲਦਾ। ਘਰ 'ਚ ਤਾਂ ਬਿਨਾਂ ਕੁਝ ਕਹੇ ਵੀ ਕੋਈ ਸਾਡਾ ਚਿਹਰਾ ਪੜ੍ਹ ਲੈਂਦਾ ਹੈ ਪਰ ਬਾਹਰ ਆਪਣਾ ਦਰਦ ਦੱਸਣ ਲਈ ਵੀ ਸ਼ਬਦ ਲੱਭਣੇ ਪੈਂਦੇ ਹਨ। ਬਹੁਤ ਸਾਰੇ ਕੰਮ ਮਨ ਨਾ ਹੋਣ 'ਤੇ ਵੀ ਕਰਨੇ ਪੈਂਦੇ ਹਨ। ਕਈ ਵਾਰ ਅੰਦਰੋਂ-ਅੰਦਰੀਂ ਦੁਖੀ ਹੋਣ ਦੇ ਬਾਵਜੂਦ ਮਾਪਿਆਂ ਸਾਹਮਣੇ ਹੱਸ ਕੇ ਗੱਲ ਕਰਨੀ ਪੈਂਦੀ ਹੈ। ਸਭ ਤੋਂ ਵੱਡੀ ਗੱਲ ਤਾਂ ਇਹ ਹੁੰਦੀ ਹੈ ਕਿ ਜਦੋਂ ਅਸੀਂ ਬਿਮਾਰ ਹੋ ਜਾਂਦੇ ਹਾਂ, ਤਾਂ ਆਪਣਾ ਖ਼ ?ਆਲ ਵੀ ਆਪ ਹੀ ਰੱਖਣਾ ਪੈਂਦਾ ਹੈ। ਮਾਂ ਦੇ ਹੱਥਾਂ ਦੀ ਰੋਟੀ 'ਚ ਸਿਰਫ਼ ਆਟਾ ਤੇ ਸਬਜ਼ੀ ਨਹੀਂ ਹੁੰਦੀ, ਉਸ 'ਚ ਮਾਂ ਦਾ ਪਿਆਰ, ਫ਼ ?ਕਰ ਅਤੇ ਦੁਆਵਾਂ ਵੀ ਹੁੰਦੀਆਂ ਹਨ। ਜਦੋਂ ਕਿਤੇ ਚਾਰ ਦਿਨਾਂ ਦੀ ਛੁੱਟੀ ਕੱਟਣ ਘਰ ਜਾਣ ਦਾ ਮੌਕਾ ਮਿਲਦਾ ਹੈ, ਤਾਂ ਦਿਲ 'ਚ ਵੱਖਰੀ ਹੀ ਖ਼ੁਸ਼ੀ ਹੁੰਦੀ ਹੈ। ਬੱਸ ਇਹੀ ਸੋਚਦੇ ਹਾਂ ਕਿ ਘਰ ਜਾ ਕੇ ਮੰਮੀ ਦੇ ਹੱਥ ਦੀ ਰੋਟੀ ਖਾਵਾਂਗੇ, ਪਾਪਾ ਨਾਲ ਬੈਠ ਕੇ ਗੱਲਾਂ ਕਰਾਂਗੇ। ਘਰ ਪਹੁੰਚਦਿਆਂ ਹੀ ਮਾਂ ਦਾ ਇਹ ਪੁੱਛਣਾ ਕਿ 'ਪੁੱਤ, ਰੋਟੀ ਖਾਧੀ ?' ਦਿਲ ਨੂੰ ਅਜਿਹਾ ਸਕੂਨ ਦਿੰਦਾ ਹੈ, ਜਿਸ ਦੀ ਕੀਮਤ ਦੁਨੀਆ ਦੀ ਕੋਈ ਵੀ ਦੌਲਤ ਨਹੀਂ ਦੇ ਸਕਦੀ। ਕਈ ਵਾਰ ਤਾਂ ਘਰੋਂ ਵਾਪਸ ਆਉਣ ਦਾ ਸਮਾਂ ਹੋਣ 'ਤੇ ਦਿਲ ਕਰਦਾ ਹੈ ਕਿ ਕਾਸ਼, ਇਹ ਛੁੱਟੀਆਂ ਕਦੇ ਖ਼ਤਮ ਹੀ ਨਾ ਹੋਣ। ਮਾਂ ਭਾਵੇਂ ਹੱਸ ਕੇ ਵਿਦਾ ਕਰ ਦਿੰਦੀ ਹੈ, ਪਰ ਉਸ ਦੀਆਂ ਅੱਖਾਂ ਵਿਚਲੀ ਨਮੀ ਬਹੁਤ ਕੁਝ ਕਹਿ ਜਾਂਦੀ ਹੈ। ਘਰੋਂ ਦੂਰ ਰਹਿਣਾ ਸਾਨੂੰ ਸਿਰਫ਼ ਆਪਣੇ ਕੰਮ ਆਪ ਕਰਨਾ ਹੀ ਨਹੀਂ ਸਿਖਾਉਂਦਾ, ਸਗੋਂ ਰਿਸ਼ਤਿਆਂ ਦੀ ਅਸਲ ਕੀਮਤ ਵੀ ਸਮਝਾਉਂਦਾ ਹੈ। ਕੁਝ ਦਰਦ ਅਜਿਹੇ ਹੁੰਦੇ ਹਨ, ਜਿਨ੍ਹਾਂ ਨੂੰ ਕਿਸੇ ਨਾਲ ਸਾਂਝਾ ਨਹੀਂ ਕੀਤਾ ਜਾ ਸਕਦਾ। ਕੁਝ ਰਾਤਾਂ ਅਜਿਹੀਆਂ ਹੁੰਦੀਆਂ ਹਨ, ਜਦੋਂ ਨੀਂਦ ਤਾਂ ਆਉਂਦੀ ਹੈ, ਪਰ ਮਨ ਘਰ ਦੀਆਂ ਯਾਦਾਂ 'ਚ ਉਲਝਿਆ ਰਹਿੰਦਾ ਹੈ। ਕਦੇ-ਕਦੇ ਸੋਚਦੀ ਹਾਂ ਕਿ ਅਸੀਂ ਵੱਡੇ ਹੋਣ ਦੀ ਇੰਨੀ ਜਲਦੀ ਕਿਉਂ ਕਰਦੇ ਹਾਂ ? ਬਚਪਨ 'ਚ ਲੱਗਦਾ ਸੀ ਕਿ ਵੱਡੇ ਹੋ ਕੇ ਆਪਣੀ ਮਰਜ਼ੀ ਦੀ ਜ਼ਿੰਦਗੀ ਜੀਵਾਂਗੇ ਪਰ ਵੱਡੇ ਹੋ ਕੇ ਪਤਾ ਲੱਗਦਾ ਹੈ ਕਿ ਆਪਣੀ ਮਰਜ਼ੀ ਨਾਲ ਜੀਣ ਦੇ ਚੱਕਰ 'ਚ ਅਸੀਂ ਕਿੰਨੀਆਂ ਮਜਬੂਰੀਆਂ ਨੂੰ ਆਪਣਾ ਸਾਥੀ ਬਣਾ ਲੈਂਦੇ ਹਾਂ। ਸੱਚ ਤਾਂ ਇਹ ਹੈ ਕਿ ਘਰੋਂ ਬਾਹਰ ਆ ਕੇ ਇਨਸਾਨ ਸਿਰਫ਼ ਸਿਆਣਾ ਹੀ ਨਹੀਂ ਹੁੰਦਾ, ਸਗੋਂ ਅੰਦਰੋਂ ਬਹੁਤ ਕੁਝ ਸਹਿਣਾ ਵੀ ਸਿੱਖ ਜਾਂਦਾ ਹੈ। ਕਿਸੇ ਨੇ ਸੱਚ ਹੀ ਕਿਹਾ ਹੈ, ਬੰਦਾ ਬਾਹਰ ਨਿਕਲ ਕੇ ਹੀ ਸਿਆਣਾ ਹੁੰਦਾ ਹੈ ਪਰ ਇਹ ਸਿਆਣਪ ਅਕਸਰ ਕਈ ਅਣਕਹੇ ਦਰਦਾਂ ਦੀ ਕੀਮਤ 'ਤੇ ਮਿਲਦੀ ਹੈ।

# ਪਾਕਿਸਤਾਨ: ਵਧ ਰਹੀ ਦਹਿਸ਼ਤਗਰਦੀ ਦਾ ਕੇਂਦਰ

'ਗਲੋਬਲ ਟੈਰਰਿਜ਼ਮ ਇੰਡੈਕਸ 2026' (Global Terrorism Index 2026) ਦੇ ਨਤੀਜਿਆਂ ਨੇ ਪਾਕਿਸਤਾਨ ਦੀ ਅੰਦਰੂਨੀ ਸੁਰੱਖਿਆ, ਸਰਹੱਦੀ ਨੀਤੀਆਂ ਅਤੇ ਕੱਟੜਵਾਦ ਨਾਲ ਨਜਿੱਠਣ ਦੀ ਰਣਨੀਤੀ ਬਾਰੇ ਨਵੇਂ ਸਵਾਲ ਖੜ੍ਹੇ ਕਰ ਦਿੱਤੇ ਹਨ। ਨਾਮ ਵੱਡਾ ਪਰ ਦਰਸ਼ਨ ਛੋਟੇ - ਇਹ ਕਹਾਵਤ ਪਾਕਿਸਤਾਨ 'ਤੇ ਬਿਲਕੁਲ ਢੁਕਵੀਂ ਜਾਪਦੀ ਹੈ। ਪਾਕਿਸਤਾਨ ਦਾ ਨਾਮ ਹੀ ਇਹ ਸੰਕੇਤ ਦਿੰਦਾ ਹੈ ਕਿ ਇਹ ਇੱਕ ਚੰਗਾ ਦੇਸ਼ ਹੋਣਾ ਚਾਹੀਦਾ ਹੈ, ਪਰ ਜਦੋਂ ਕੋਈ ਇਸਦੇ 75 ਸਾਲਾਂ ਦੇ ਇਤਿਹਾਸ 'ਤੇ ਨਜ਼ਰ ਮਾਰਦਾ ਹੈ, ਤਾਂ ਅਜਿਹਾ ਲੱਗਦਾ ਹੈ ਕਿ ਇੱਥੋਂ ਦੇ ਲੋਕਾਂ ਨੂੰ ਧੋਖਾ ਦਿੱਤਾ ਗਿਆ ਹੈ। ਨਾਮ ਤਾਂ ਪਾਕਿਸਤਾਨ ਹੈ, ਪਰ ਇਸਦੇ ਕੰਮ ਕਈ ਵਾਰ ਸ਼ੈਤਾਨਿਸਤਾਨ ਵਰਗੇ ਜਾਪਦੇ ਹਨ। ਅੱਜ ਪੂਰੀ ਦੁਨੀਆ ਦਹਿਸ਼ਤਗਰਦੀ ਤੋਂ ਪ੍ਰੇਸ਼ਾਨ ਹੈ ਅਤੇ ਖੁਦ ਪਾਕਿਸਤਾਨ ਦੇ ਲੋਕ ਵੀ ਅਕਸਰ ਦਹਿਸ਼ਤਗਰਦ ਹਿੰਸਾ ਦਾ ਸ਼ਿਕਾਰ ਹੁੰਦੇ ਹਨ। ਕਈ ਵਾਰ ਪਾਕਿਸਤਾਨ ਦਹਿਸ਼ਤਗਰਦਾਂ ਲਈ ਇੱਕ ਮੰਡੀ ਵਾਂਗ ਜਾਪਦਾ ਹੈ, ਜਿੱਥੋਂ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਦਹਿਸ਼ਤ ਦਾ ਨਿਰਯਾਤ ਕੀਤਾ ਜਾਂਦਾ ਹੈ। ਲੋਕਤੰਤਰ ਕਮਜ਼ੋਰ ਜਾਪਦਾ ਹੈ ਅਤੇ ਕੋਈ ਨਹੀਂ ਜਾਣਦਾ ਕਿ ਕਦੋਂ ਕਿਸੇ ਸਿਆਸੀ ਸਰਕਾਰ ਦਾ ਤਖ਼ਤਾ ਪਲਟ ਦਿੱਤਾ ਜਾਵੇਗਾ ਅਤੇ ਕੋਈ ਫੌਜੀ ਜਨਰਲ ਸੱਤਾ ਸੰਭਾਲ ਲਵੇਗਾ। ਜਦੋਂ ਪਾਕਿਸਤਾਨ ਦੀਆਂ ਦਹਿਸ਼ਤਗਰਦ ਗਤੀਵਿਧੀਆਂ ਦੀ ਜਾਂਚ ਕੀਤੀ ਜਾਂਦੀ ਹੈ, ਤਾਂ ਇੱਕ ਚਿੰਤਾਜਨਕ ਤਸਵੀਰ ਸਾਹਮਣੇ ਆਉਂਦੀ ਹੈ। ਪਾਕਿਸਤਾਨ ਵਿੱਚ ਦਹਿਸ਼ਤਗਰਦ ਗਤੀਵਿਧੀਆਂ ਵਿੱਚ ਵਾਧੇ ਨੇ ਇੱਕ ਵਾਰ ਫਿਰ ਦੇਸ਼ ਦੀ ਅੰਦਰੂਨੀ ਸੁਰੱਖਿਆ ਅਤੇ ਖੇਤਰੀ ਸ਼ਾਂਤੀ ਬਾਰੇ ਚਿੰਤਾ ਪੈਦਾ ਕਰ ਦਿੱਤੀ ਹੈ। 'ਗਲੋਬਲ ਟੈਰਰਿਜ਼ਮ ਇੰਡੈਕਸ 2026' ਦੇ ਅਨੁਸਾਰ, ਪਾਕਿਸਤਾਨ 2025 ਵਿੱਚ ਦਹਿਸ਼ਤਗਰਦੀ ਤੋਂ ਸਭ ਤੋਂ ਵੱਧ ਪ੍ਰਭਾਵਿਤ ਦੇਸ਼ ਸੀ। ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਇਸ ਸਾਲ ਦੌਰਾਨ ਦੇਸ਼ ਵਿੱਚ 1,045 ਦਹਿਸ਼ਤਗਰਦ ਘਟਨਾਵਾਂ ਵਾਪਰੀਆਂ, ਜਿਨ੍ਹਾਂ ਵਿੱਚ 1,139 ਮੌਤਾਂ ਹੋਈਆਂ, 1,595 ਲੋਕ ਜ਼ਖਮੀ ਹੋਏ ਅਤੇ 655 ਲੋਕਾਂ ਨੂੰ ਬੰਧਕ ਬਣਾਇਆ ਗਿਆ। ਇਹ ਘਟਨਾਵਾਂ ਇੱਕ ਵਿਆਪਕ ਸੁਰੱਖਿਆ ਸੰਕਟ ਨੂੰ ਦਰਸਾਉਂਦੀਆਂ ਹਨ, ਖਾਸ ਕਰਕੇ ਬਲੋਚਿਸਤਾਨ ਅਤੇ ਖੈਬਰ ਪਖਤੂਨਖਵਾ ਵਿੱਚ। 'ਗਲੋਬਲ ਟੈਰਰਿਜ਼ਮ ਇੰਡੈਕਸ' ਅਨੁਸਾਰ, 2025 ਵਿੱਚ ਪਾਕਿਸਤਾਨ ਵਿੱਚ ਹੋਏ ਕੁੱਲ ਦਹਿਸ਼ਤਗਰਦ ਹਮਲਿਆਂ ਵਿੱਚੋਂ 74 ਫੀਸਦੀ ਤੋਂ ਵੱਧ ਅਤੇ ਦਹਿਸ਼ਤਗਰਦੀ ਨਾਲ ਸਬੰਧਤ ਮੌਤਾਂ ਵਿੱਚੋਂ ਲਗਭਗ 67 ਫੀਸਦੀ ਮੌਤਾਂ ਇਹਨਾਂ ਦੋ ਪੱਛਮੀ ਸੂਬਿਆਂ ਵਿੱਚ ਹੋਈਆਂ। 'ਤਹਿਰੀਕ-ਏ-ਤਾਲਿਬਾਨ ਪਾਕਿਸਤਾਨ' (TTP) ਪਾਕਿਸਤਾਨ ਵਿੱਚ ਦਹਿਸ਼ਤਗਰਦੀ ਦੇ ਦ੍ਰਿਸ਼ ਵਿੱਚ ਇੱਕ ਪ੍ਰਮੁੱਖ ਭੂਮਿਕਾ ਨਿਭਾਉਣ ਵਾਲਾ ਸੰਗਠਨ ਬਣਿਆ ਹੋਇਆ ਹੈ। 'ਗਲੋਬਲ ਟੈਰਰਿਜ਼ਮ ਇੰਡੈਕਸ' ਅ ਰਿਪੋਰਟ ਵਿੱਚ ਇਹ ਵੀ ਦੱਸਿਆ ਗਿਆ ਹੈ ਕਿ ਟੀਟੀਪੀ (TTP) ਨੇ ਆਪਣੇ ਕਾਰਜਸ਼ੀਲ ਤਰੀਕਿਆਂ ਨੂੰ ਬਦਲ ਲਿਆ ਹੈ ਅਤੇ ਨਿਸ਼ਾਨਾ ਬਣਾ ਕੇ ਕੀਤੇ ਜਾਣ ਵਾਲੇ ਹਮਲਿਆਂ ਵਿੱਚ ਡਰੋਨ ਸਮੇਤ ਆਧੁਨਿਕ ਤਕਨੀਕਾਂ ਦੀ ਵਰਤੋਂ ਕਰਨ ਦੀ ਸਮਰੱਥਾ ਵਿਕਸਿਤ ਕਰ ਲਈ ਹੈ। ਇਸ ਬਦਲਾਅ ਨੇ ਪਾਕਿਸਤਾਨ ਦੇ ਸੁਰੱਖਿਆ ਅਦਾਰਿਆਂ ਨੂੰ ਦਰਪੇਸ਼ ਖਤਰੇ ਦੀ ਪ੍ਰਕਿਰਤੀ ਨੂੰ ਹੋਰ ਵੀ ਗੁੰਝਲਦਾਰ ਬਣਾ ਦਿੱਤਾ ਹੈ। ਇਸ ਦੇ ਨਾਲ ਹੀ, ਬਲੋਚਿਸਤਾਨ ਵਿੱਚ 'ਬਲੋਚਿਸਤਾਨ ਲਿਬਰੇਸ਼ਨ ਆਰਮੀ' (BLA) ਦੀਆਂ ਗਤੀਵਿਧੀਆਂ ਪਾਕਿਸਤਾਨ ਲਈ ਸੁਰੱਖਿਆ ਦੀ ਇੱਕ ਵੱਡੀ ਚੁਣੌਤੀ ਬਣੀਆਂ ਹੋਈਆਂ ਹਨ। 'ਗਲੋਬਲ ਟੈਰਰਿਜ਼ਮ ਇੰਡੈਕਸ' (Global Terrorism Index) ਦੇ ਅਨੁਸਾਰ, 2025 ਵਿੱਚ 2*1 ਵੱਲੋਂ ਕੀਤੇ ਗਏ ਇੱਕ ਵੱਡੇ ਹਮਲੇ ਦੌਰਾਨ ਕਵੇਟਾ ਨੇੜੇ ਇੱਕ ਯਾਤਰੀ ਰੇਲਗੱਡੀ ਨੂੰ ਅਗਵਾ ਕਰ ਲਿਆ ਗਿਆ ਸੀ ਅਤੇ ਸੈਂਕੜੇ ਯਾਤਰੀਆਂ ਨੂੰ ਬੰਧਕ ਬਣਾ ਲਿਆ ਗਿਆ ਸੀ। ਰਿਪੋਰਟ ਵਿੱਚ ਇਸ ਘਟਨਾ ਦੌਰਾਨ 442 ਲੋਕਾਂ ਦੇ ਬੰਧਕ ਬਣਾਏ ਜਾਣ ਦਾ ਜ਼ਿਕਰ ਹੈ। ਹਾਲਾਂਕਿ, ਬਲੋਚਿਸਤਾਨ ਵਿੱਚ ਅਸ਼ਾਂਤੀ ਸਿਰਫ਼ ਅੱਤਵਾਦ ਤੱਕ ਹੀ ਸੀਮਤ ਨਹੀਂ ਹੈ। ਇਹ ਰਾਜਨੀਤਿਕ, ਆਰਥਿਕ ਅਤੇ ਖੇਤਰੀ ਕਾਰਕਾਂ ਨਾਲ ਵੀ ਜੁੜੀ ਹੋਈ ਹੈ। ਨਤੀਜੇ ਵਜੋਂ, ਇਸ ਸੰਕਟ ਦਾ ਸਥਾਈ ਹੱਲ ਸਿਰਫ਼... 'ਤੇ ਨਿਰਭਰ ਨਹੀਂ ਕਰ ਸਕਦਾ ਸੁਰੱਖਿਆ ਕਾਰਵਾਈਆਂ; ਇਸ ਲਈ ਅੰਤਰੀਵ ਰਾਜਨੀਤਿਕ ਅਤੇ ਸਮਾਜਿਕ-ਆਰਥਿਕ ਹਾਲਾਤਾਂ ਵੱਲ ਵੀ ਧਿਆਨ ਦੇਣ ਦੀ ਲੋੜ ਹੈ। ਅਫਗਾਨਿਸਤਾਨ ਨਾਲ ਪਾਕਿਸਤਾਨ ਦੇ ਸਬੰਧ ਦੇਸ਼ ਵਿੱਚ ਵਧ ਰਹੀ ਅੱਤਵਾਦ ਦੀ ਸਮੱਸਿਆ ਦਾ ਇੱਕ ਹੋਰ ਅਹਿਮ ਪਹਿਲੂ ਹਨ। ਜਦੋਂ ਤੋਂ ਅਫਗਾਨਿਸਤਾਨ ਵਿੱਚ ਤਾਲਿਬਾਨ ਸੱਤਾ ਵਿੱਚ ਵਾਪਸ ਆਏ ਹਨ, ਟੀਟੀਪੀ (TTP) ਨੂੰ ਲੈ ਕੇ ਇਸਲਾਮਾਬਾਦ ਅਤੇ ਕਾਬੁਲ ਵਿਚਕਾਰ ਮਤਭੇਦ ਵਧ ਗਏ ਹਨ। ਪਾਕਿਸਤਾਨ ਦਾ ਕਹਿਣਾ ਹੈ ਕਿ ਟੀਟੀਪੀ ਦੇ ਅੱਤਵਾਦੀ ਅਫਗਾਨ ਖੇਤਰ ਤੋਂ ਪਾਕਿਸਤਾਨ ਵਿਰੁੱਧ ਕਾਰਵਾਈ ਕਰਦੇ ਹਨ, ਜਦਕਿ ਅਫਗਾਨ ਤਾਲਿਬਾਨ ਨੇ ਅਜਿਹੇ ਦੋਸ਼ਾਂ ਨੂੰ ਰੱਦ ਕੀਤਾ ਹੈ। ਇਸ ਲਗਾਤਾਰ ਚੱਲ ਰਹੇ ਵਿਵਾਦ ਨੇ ਦੋਵਾਂ ਦੇਸ਼ਾਂ ਵਿਚਕਾਰ ਮੌਜੂਦਾ ਭਰੋਸੇ ਦੀ ਘਾਟ ਨੂੰ ਹੋਰ ਡੂੰਘਾ ਕਰ ਦਿੱਤਾ ਹੈ। ਪਾਕਿਸਤਾਨ ਨੇ ਅੱਤਵਾਦ ਵਿਰੁੱਧ ਕਈ ਫੌਜੀ ਅਤੇ ਸੁਰੱਖਿਆ ਕਾਰਵਾਈਆਂ ਕੀਤੀਆਂ ਹਨ। ਹਾਲਾਂਕਿ, ਮੌਜੂਦਾ ਅੰਕੜੇ ਇੱਕ ਅਹਿਮ ਸਵਾਲ ਖੜ੍ਹਾ ਕਰਦੇ ਹਨ: ਕੀ ਸਿਰਫ਼ ਤਾਕਤ ਦੀ ਵਰਤੋਂ ਨਾਲ ਅੱਤਵਾਦੀ ਸੰਗਠਨਾਂ ਨੂੰ ਹਰਾਇਆ ਜਾ ਸਕਦਾ ਹੈ, ਜਦੋਂ ਉਹ ਵਿਚਾਰਧਾਰਕ, ਵਿੱਤੀ, ਸਮਾਜਿਕ ਅਤੇ ਕਈ ਵਾਰ ਰਾਜਨੀਤਿਕ ਨੈੱਟਵਰਕਾਂ ਰਾਹੀਂ ਆਪਣਾ ਕੰਮ ਜਾਰੀ ਰੱਖਦੇ ਹਨ ਇਸ ਲਈ, ਅੱਤਵਾਦ ਵਿਰੋਧੀ ਇੱਕ ਪ੍ਰਭਾਵਸ਼ਾਲੀ ਰਣਨੀਤੀ ਵਿੱਚ ਖੁਫੀਆ ਸਹਿਯੋਗ, ਵਿੱਤੀ ਨਿਗਰਾਨੀ, ਸਰਹੱਦ ਦੇ ਪ੍ਰਭਾਵਸ਼ਾਲੀ ਪ੍ਰਬੰਧਨ, ਕਾਨੂੰਨ ਦੇ ਸ਼ਾਸਨ, ਸਿੱਖਿਆ ਅਤੇ ਕੱਟੜਪੰਥੀ ਵਿਚਾਰਧਾਰਾਵਾਂ ਵਿਰੁੱਧ ਲਗਾਤਾਰ ਚੱਲਣ ਵਾਲੇ ਕੱਟੜਪੰਥ-ਵਿਰੋਧੀ ਯਤਨਾਂ ਨੂੰ ਸ਼ਾਮਲ ਕਰਨ ਦੀ ਲੋੜ ਹੈ। ਪਾਕਿਸਤਾਨ ਨੂੰ ਅੱਤਵਾਦ ਦੀ ਫੈਕਟਰੀ ਕਰਾਰ ਦੇਣਾ ਇੱਕ ਸਖ਼ਤ ਰਾਜਨੀਤਿਕ ਬਿਆਨ ਮੰਨਿਆ ਜਾ ਸਕਦਾ ਹੈ। ਹਾਲਾਂਕਿ, 'ਗਲੋਬਲ ਟੈਰਰਿਜ਼ਮ ਇੰਡੈਕਸ' (Global Terrorism Index) ਦੇ ਤਾਜ਼ਾ ਨਤੀਜੇ ਸਪੱਸ਼ਟ ਤੌਰ 'ਤੇ ਦਰਸਾਉਂਦੇ ਹਨ ਕਿ ਪਾਕਿਸਤਾਨ ਇਸ ਸਮੇਂ ਅੱਤਵਾਦ ਦੇ ਬੇਹੱਦ ਗੰਭੀਰ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਮੂਲ ਸਵਾਲ ਇਹ ਹੈ ਕਿ ਪਾਕਿਸਤਾਨੀ ਰਾਜ ਅੱਤਵਾਦੀ ਸੰਗਠਨਾਂ ਦੀ ਭਰਤੀ, ਵਿੱਤ-ਪੋਸ਼ਣ, ਸੰਗਠਨਾਤਮਕ ਪੁਨਰਗਠਨ ਅਤੇ ਵਿਚਾਰਧਾਰਕ ਪ੍ਰਭਾਵ ਨਾਲ ਕਿੰਨੀ ਵਿਆਪਕ ਅਤੇ ਨਿਰੰਤਰਤਾ ਨਾਲ ਨਜਿੱਠਦਾ ਹੈ। ਪਾਕਿਸਤਾਨ ਲਈ ਚੁਣੌਤੀ ਸਿਰਫ਼ ਅੱਤਵਾਦੀ ਹਮਲਿਆਂ ਦੀ ਗਿਣਤੀ ਘਟਾਉਣਾ ਹੀ ਨਹੀਂ ਹੈ। ਸਗੋਂ ਉਨ੍ਹਾਂ ਅੰਤਰੀਵ ਹਾਲਾਤਾਂ ਨੂੰ ਹੱਲ ਕਰਨਾ ਵੀ ਹੈ ਜੋ ਕੱਟੜਪੰਥੀ ਸੰਗਠਨਾਂ ਨੂੰ ਮੁੜ-ਸੰਗਠਿਤ ਹੋਣ ਅਤੇ ਆਪਣੇ ਪਸਾਰ ਦੇ ਮੌਕੇ ਪ੍ਰਦਾਨ ਕਰਦੇ ਹਨ। ਇਸ ਲਈ ਰਾਜਨੀਤਿਕ ਸਥਿਰਤਾ, ਕਾਨੂੰਨ ਦੀ ਬਰਾਬਰ ਵਰਤੋਂ, ਸਰਹੱਦ ਪਾਰ ਪ੍ਰਭਾਵਸ਼ਾਲੀ ਸਹਿਯੋਗ, ਆਰਥਿਕ ਵਿਕਾਸ ਅਤੇ ਕੱਟੜਪੰਥ ਵਿਰੁੱਧ ਇੱਕ ਮਜ਼ਬੂਤ ਬੌਧਿਕ ਰਣਨੀਤੀ ਬੁਨਿਆਦੀ ਮਹੱਤਵ ਰੱਖਦੇ ਹਨ।

**ਮੁਨਸ਼ੀ ਫ਼ਾਰੂਕ, ਮਾਲੇਰਕੋਟਲਾ**

## ਪੰਜਾਬ ਦੇ ਪਾਰਕ ਹਸਪਤਾਲਾਂ 'ਚ ਈ.ਡੀ. ਵੱਲੋਂ ਛਾਪੇਮਾਰੀ

**ਪਟਿਆਲਾ, 12 ਅਕਤੂਬਰ (ਰਾਜਿੰਦਰ ਸਿੰਘ ਥਿੰਦ):** ਪੰਜਾਬ ਦੇ ਪਾਰਕ ਹਸਪਤਾਲਾਂ ਵਿੱਚ ਐਨਫ਼ੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੀ ਟੀਮ ਵੱਲੋਂ ਕਾਰਵਾਈ ਕੀਤੇ ਜਾਣ ਦੀ ਸੂਚਨਾ ਸਾਹਮਣੇ ਆਈ ਹੈ। ਇਹ ਛਾਪੇਮਾਰੀ ਪਟਿਆਲਾ ਅਤੇ ਬਠਿੰਡਾ ਦੇ ਪਾਰਕ ਹਸਪਤਾਲ ਵਿੱਚ ਜਾਰੀ ਹੈ। ਅਹਿਮ ਸੂਤਰਾਂ ਅਨੁਸਾਰ ਈ.ਡੀ. ਨੇ ਆਯੁਸ਼ਮਾਨ ਭਾਰਤ ਯੋਜਨਾ ਦੇ ਮਾਮਲੇ ਵਿੱਚ ਗੜਬਡ਼ ਨੂੰ ਲੈ ਕੇ ਛਾਪੇਮਾਰੀ ਕੀਤੀ ਹੈ। ਇਸ ਤੋਂ ਪਹਿਲਾਂ ਹਰਿਆਣਾ ਵਿੱਚ ਗੜਬਡ਼ੀ ਮਿਲੀ ਸੀ। ਹਰਿਆਣਾ ਦੀ ਪਾਣੀਪਤ ਪੁਲੀਸ ਨੇ ਇੱਕ ਮਰੀਜ਼ ਨਾਲ ਕੀਤੀ ਠੱਗੀ ਦੇ ਮਾਮਲੇ ਵਿੱਚ ਪਾਰਕ ਹਸਪਤਾਲ ਖ਼ ?ਲਾਫ਼ ਮਾਮਲਾ ਦਰਜ ਕੀਤਾ ਸੀ। ਇਸ ਹਸਪਤਾਲ ਵਿੱਚ ਸਡ਼ਕ ਹਾਦਸੇ ਤੋਂ ਬਾਅਦ ਲੱਤ ਦੀ ਹੱਡੀ ਟੁੱਟਣ ਕਾਰਨ ਇੱਕ ਔਰਤ ਨੂੰ ਦਾਖ਼ਲ ਕੀਤਾ ਗਿਆ ਸੀ। ਪਰਿਵਾਰ ਕੋਲ ਆਯੁਸ਼ਮਾਨ ਕਾਰਡ ਸੀ ਅਤੇ ਪਰਿਵਾਰ ਨੇ ਹਸਪਤਾਲ 'ਤੇ ਦੋਸ਼ ਲਾਇਆ ਕਿ ਉਨ੍ਹਾਂ ਨੇ ਮਰੀਜ਼ ਦੀ ਲੱਤ ਦਾ ਇਲਾਜ ਕਰਨ ਦੀ ਬਜਾਏ ਆਯੁਸ਼ਮਾਨ ਸਕੀਮ ਤੋਂ ਵੱਧ ਪੈਸੇ ਕਲੇਮ ਕਰਨ ਲਈ ਮਰੀਜ਼ ਦੀ ਬਿਨਾਂ ਸਹਿਮਤੀ ਤੋਂ ਦਿਲ ਦਾ ਸਟੈਂਟ ਪਾ ਦਿੱਤਾ, ਜਿਸ ਕਾਰਨ ਮਰੀਜ਼ ਦੀ ਮੌਤ ਹੋ ਗਈ। ਇਸ ਮਾਮਲੇ ਵਿੱਚ ਪੁਲੀਸ ਨੇ ਪਰਿਵਾਰ ਦੀ ਸ਼ਿਕਾਇਤ 'ਤੇ ਹਸਪਤਾਲ ਦੇ ਡਾਕਟਰਾਂ ਖ਼ ?ਲਾਫ਼ ਪਰਚਾ ਦਰਜ ਕੀਤਾ ਸੀ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਕਿ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਸਹਿਮਤੀ ਫਾਰਮਾਂ ਉੱਤੇ ਜਾਅਲੀ ਦਸਤਖ਼ਤ ਕੀਤੇ ਗਏ ਸਨ।

## ਹਲਕਾ ਸਨੌਰ ਦੇ ਲੋਕਾਂ ਨੇ ਭਾਜਪਾ ਨਾਲ ਚੱਲਣ ਦਾ ਮਨ ਬਣਾਇਆ : ਸਤਪਾਲ ਪੂਨੀਆ

**ਪਟਿਆਲਾ, 12 ਅਕਤੂਬਰ (ਰਾਜਿੰਦਰ ਸਿੰਘ ਥਿੰਦ):** ਹਲਕਾ ਸਨੌਰ ਦੇ ਭਾਜਪਾ ਆਗੂ ਅਤੇ ਜੀ ਰਾਮ ਜੀ ਦੇ ਸੂਬਾ ਜਨਰਲ ਸਕੱਤਰ ਸਤਪਾਲ ਸਿੰਘ ਪੂਨੀਆ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ ਅਤੇ ਹਲਕੇ ਦੀਆਂ ਸਮੁੱਚੀਆ

# ਮਾਨ ਨਗਰ 'ਚ ਨਸ਼ੇ ਦੀਆਂ ਕਥਿਤ ਗਤੀਵਿਧੀਆਂ ਵਿਰੁੱਧ ਲੋਕਾਂ ਦਾ ਫੁੱਟਿਆ ਗੁੱਸਾ, ਪੁਲਿਸ ਤੋਂ ਸਖ਼ਤ ਕਾਰਵਾਈ ਦੀ ਮੰਗ

ਬਟਾਲਾ, 12 ਅਕਤੂਬਰ (ਸੰਜੀਵ ਨਈਅਰ) ਡੇਰਾ ਬਾਬਾ ਨਾਨਕ ਰੋਡ ਸਥਿਤ ਮਾਨ ਨਗਰ ਵਿੱਚ ਨਸ਼ੇ ਨਾਲ ਸਬੰਧਤ ਕਥਿਤ ਗਤੀਵਿਧੀਆਂ ਨੂੰ ਲੈ ਕੇ ਮੁਹੱਲਾ ਨਿਵਾਸੀਆਂ ਦਾ ਰੋਸ ਵਧਦਾ ਜਾ ਰਿਹਾ ਹੈ। ਇਲਾਕੇ ਵਿੱਚ ਵਿਗੜ ਰਹੇ ਮਾਹੌਲ ਤੋਂ ਚਿੰਤਤ ਮੋਹਤਬਰ ਵਿਅਕਤੀਆਂ, ਬਜ਼ੁਰਗਾਂ ਅਤੇ ਹੋਰ ਵਸਨੀਕਾਂ ਨੇ ਗੁਰਦੁਆਰਾ ਸਿੰਘ ਸਭਾ ਵਿਖੇ ਹੰਗਾਮੀ ਮੀਟਿੰਗ ਕਰਕੇ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦਾ ਐਲਾਨ ਕੀਤਾ। ਉਨ੍ਹਾਂ ਪੁਲਿਸ ਪ੍ਰਸ਼ਾਸਨ ਤੋਂ ਇਲਾਕੇ ਵਿੱਚ ਸੁਰੱਖਿਆ ਪ੍ਰਬੰਧ ਮਜ਼ਬੂਤ ਕਰਨ ਅਤੇ ਕਥਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ। ਮੀਟਿੰਗ ਦੌਰਾਨ ਬੁਲਾਰਿਆਂ ਨੇ ਚਿੰਤਾ ਪ੍ਰਗਟਾਈ ਕਿ ਬਾਹਰੋਂ ਆਉਣ ਵਾਲੇ ਸ਼ੱਕੀ ਵਿਅਕਤੀਆਂ ਦੀਆਂ ਗਤੀਵਿਧੀਆਂ ਕਾਰਨ ਮੁਹੱਲੇ ਦਾ ਮਾਹੌਲ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਾ ਲੈਣ ਲਈ ਆਉਣ ਵਾਲੇ ਕੁਝ ਵਿਅਕਤੀਆਂ ਕਾਰਨ ਚੋਰੀਆਂ, ਲੜਾਈ-ਝਗੜਿਆਂ ਅਤੇ ਗਾਲੀ-ਗਲੋਚ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਇਸ ਸਥਿਤੀ ਨੇ ਇਲਾਕਾ ਵਾਸੀਆਂ, ਖ਼ਾਸ ਕਰਕੇ ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਕਰ ਦਿੱਤੀ ਹੈ। ਮੁਹੱਲਾ ਨਿਵਾਸੀਆਂ ਨੇ ਸਪੱਸ਼ਟ ਕੀਤਾ ਕਿ ਉਹ ਆਪਣੇ ਇਲਾਕੇ ਵਿੱਚ ਨਸ਼ਿਆਂ ਦੇ ਪਸਾਰ ਅਤੇ ਕਿਸੇ ਵੀ ਤਰ੍ਹਾਂ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕਰਨਗੇ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਲਿਆ ਗਿਆ ਕਿ ਮਾਨ ਨਗਰ ਨੂੰ ਨਸ਼ਾ ਮੁਕਤ ਅਤੇ ਸੁਰੱਖਿਅਤ ਬਣਾਉਣ ਲਈ ਪੁਲਿਸ ਪ੍ਰਸ਼ਾਸਨ ਨੂੰ ਲਿਖਤੀ ਸ਼ਿਕਾਇਤ ਦਿੱਤੀ ਜਾਏ। ਉਨ੍ਹਾਂ ਮੰਗ ਕੀਤੀ ਕਿ ਇਲਾਕੇ ਵਿੱਚ ਪੁਲਿਸ ਗਸ਼ਤ ਵਧਾਈ ਜਾਵੇ, ਸ਼ੱਕੀ ਵਿਅਕਤੀਆਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਜਾਵੇ ਅਤੇ ਨਸ਼ਾ ਵੇਚਣ ਵਿੱਚ ਸ਼ਾਮਲ ਪਾਏ ਜਾਣ ਵਾਲੇ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਪੁਲਿਸ ਵੱਲੋਂ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ: ਐਸਐਚਓ ਲਖਵਿੰਦਰ ਸਿੰਘ ਇਸ ਸਬੰਧੀ ਥਾਣਾ ਸਿਵਲ ਲਾਈਨ ਦੇ ਐਸਐਚਓ ਲਖਵਿੰਦਰ ਸਿੰਘ ਨੇ ਕਿਹਾ ਕਿ ਪੁਲਿਸ ਵੱਲੋਂ ਪਿਛਲੇ ਦਿਨਾਂ ਦੌਰਾਨ ਇਸ ਮਾਮਲੇ ਨੂੰ ਲੈ ਕੇ ਲਗਾਤਾਰ ਛਾਪੇਮਾਰੀ ਕੀਤੀ ਗਈ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਇਲਾਕੇ ਵਿੱਚ ਕਿਸੇ ਵੀ ਮਾੜੇ ਅਨਸਰ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਪੁਲਿਸ ਪ੍ਰਸ਼ਾਸਨ ਮੁਹੱਲਾ ਨਿਵਾਸੀਆਂ ਦੀ ਜਾਨ-ਮਾਲ ਦੀ ਸੁਰੱਖਿਆ ਲਈ ਵਚਨਬੱਧ ਹੈ। ਇਸ ਮੌਕੇ ਮਾਨ ਨਗਰ ਦੇ ਮੌਜੂਦਾ ਐਮਸੀ ਸੋਨੂੰ ਵਾਹਲਾ, ਸਾਬਕਾ ਸਰਪੰਚ ਸੇਵਾ ਰਾਮ, ਸਾਧੂ ਸਿੰਘ ਪੁੰਨੀ, ਪ੍ਰਭਜਿੰਦਰ ਸਿੰਘ ਬਾਜਵਾ, ਹੈਪੀ ਬਾਜਵਾ, ਡਾ. ਸੁਭਾਸ਼ ਚੰਦਰ, ਸੁਦੇਸ਼ ਸ਼ਰਮਾ, ਸਤਪਾਲ ਸ਼ਰਮਾ, ਬਲਵੰਤ ਸਿੰਘ, ਜਤਿੰਦਰ ਕੁਮਾਰ, ਪ੍ਰਧਾਨ ਸਿੰਘ, ਬਲਵਿੰਦਰ ਸਿੰਘ, ਜਸਵੰਤ ਸਿੰਘ ਖਹਿਰਾ, ਬਲਜੀਤ ਸਿੰਘ, ਰਾਜੀਵ ਸ਼ਰਮਾ, ਜਸਵਿੰਦਰ ਸਿੰਘ, ਹਰਭੇਜ ਸਿੰਘ, ਸਚਿਨ ਕੁਮਾਰ ਅਤੇ ਅਵਤਾਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੁਹੱਲਾ ਨਿਵਾਸੀ ਹਾਜ਼ਰ ਸਨ।

# ਪਿੰਡ ਭਨੂ ਵਿਖੇ ਬ੍ਰਿਗੇਡੀਅਰ ਰਾਜਕੁਮਾਰ ਦੀ ਅਗਵਾਈ ਹੇਠ ਹੋਈ ਆਪ ਦੀ ਭਰਵੀਂ ਮੀਟਿੰਗ; ਲੋਕਾਂ ਵਿੱਚ ਭਾਰੀ ਉਤਸ਼ਾਹ

ਬਲਾਚੌਰ 12ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ, ਪਾਰਟੀ ਦੀ ਜਨਤਕ ਸੰਪਰਕ ਮੁਹਿੰਮ ਅਤੇ ਹਲਕੇ ਦੇ ਸਰਵਪੱਖੀ ਵਿਕਾਸ ਨੂੰ ਘਰ-ਘਰ ਪਹੁੰਚਾਉਣ ਦੇ ਉਦੇਸ਼ ਤਹਿਤ ਬੀਤੇ ਦਿਨ ਬਲਾਚੌਰ ਹਲਕੇ ਦੇ ਪਿੰਡ ਭਨੂ ਵਿਖੇ ਇੱਕ ਵਿਸ਼ੇਸ਼ ਅਤੇ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਹਲਕੇ ਦੇ ਉੱਘੇ ਆਗੂ ਚੇਅਰਮੈਨ ਗੁਜਰਵੈਲਫੇਅਰ ਪੰਜਾਬ ਬ੍ਰਿਗੇਡੀਅਰ ਰਾਜਕੁਮਾਰ ਜੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਅਗਵਾਈ ਕੀਤੀ। ਇਸ ਦੌਰਾਨ ਪਿੰਡ ਵਾਸੀਆਂ ਅਤੇ ਇਲਾਕੇ ਦੇ ਮੋਹਤਬਰਾਂ ਵੱਲੋਂ ਬੇਹੱਦ ਉਤਸ਼ਾਹ ਭਰਿਆ ਅਤੇ ਵਿਸ਼ਾਲ ਇਕੱਠ ਦੇਖਣ ਨੂੰ ਮਿਲਿਆ, ਜਿਸ ਨੇ ਪੰਜਾਬ ਸਰਕਾਰ ਦੀਆਂ ਨੀਤੀਆਂ ਪ੍ਰਤੀ ਲੋਕਾਂ ਦੇ ਭਰੋਸੇ ਨੂੰ ਹੋਰ ਮਜ਼ਬੂਤ ਕਰ ਦਿੱਤਾ ਹੈ। ਪਿੰਡ ਦੇ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਮੋਹਤਬਰਾਂ ਦੀ ਰਹੀ ਭਰਵੀਂ ਹਾਜ਼ਰੀ ਇਸ ਮੌਕੇ ਪਿੰਡ ਭਨੂ ਅਤੇ ਨਾਲ ਲੱਗਦੇ ਇਲਾਕਿਆਂ ਦੇ ਪਤਵੰਤੇ ਸੱਜਣਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸ਼ਾਮ ਲਾਲ, ਸਰਪੰਚ ਪਰਮਜੀਤ, ਬਲਬੀਰ ਸਿੰਘ, ਹਰਪਾਲ ਸਿੰਘ, ਦੇਸ ਰਾਜ, ਪਵਨਜੀਤ, ਸੁਖਵਿੰਦਰ ਸਿੰਘ, ਵਿਕਰਮ ਸਿੰਘ ਹੈੱਡਮਾਸਟਰ, ਅਸ਼ਵਨੀ ਕੁਮਾਰ, ਅਕਸ਼ੇ ਕੁਮਾਰ, ਸੀਰੀ ਰਾਮ, ਤਿਲਕ ਰਾਜ, ਬਿੰਦਰ, ਗੁਰਪ੍ਰੀਤ, ਕੁਲਵਿੰਦਰ ਸਿੰਘ, ਸੋਢੀ ਰਾਮ, ਜੱਸੀ ਪੰਚ ਅਤੇ ਸੁਰਜੀਤ ਸਿੰਘ ਮਾਨਕੂ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਸ਼ਾਮਲ ਹੋਏ। ਵਿਕਾਸ ਕਾਰਜਾਂ ਅਤੇ ਇਲਾਕੇ ਦੇ ਮੁੱਦਿਆਂ ਤੇ ਹੋਈ ਵਿਸਤ੍ਰਿਤ ਚਰਚਾ ਮੀਟਿੰਗ ਦੌਰਾਨ ਬ੍ਰਿਗੇਡੀਅਰ ਰਾਜਕੁਮਾਰ ਅਤੇ ਹਾਜ਼ਰ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਅਤੇ ਵਿਸ਼ੇਸ਼ ਕਰਕੇ ਬਲਾਚੌਰ ਹਲਕੇ ਵਿੱਚ ਕਰਵਾਏ ਜਾ ਰਹੇ ਜਨ-ਕਲਿਆਣਕਾਰੀ ਕਾਰਜਾਂ, ਸਿੱਖਿਆ, ਸਿਹਤ ਅਤੇ ਬਿਜਲੀ ਵਰਗੀਆਂ ਬੁਨਿਆਦੀ ਸਹੂਲਤਾਂ ਤੇ ਵਿਸਤ੍ਰਿਤ ਚਰਚਾ ਕੀਤੀ। ਹਾਜ਼ਰੀਨ ਨੇ ਪਿੰਡ ਦੀਆਂ ਵਿਕਾਸ ਲੋੜਾਂ ਅਤੇ ਸਥਾਨਕ ਮੁੱਦਿਆਂ ਤੇ ਖੁੱਲ੍ਹ ਕੇ ਆਪਣੇ ਵਿਚਾਰ ਰੱਖੇ। ਇਸ ਮੌਕੇ ਸਭ ਨੇ ਇੱਕਸੁਰ ਹੋ ਕੇ ਪਾਰਟੀ ਦੀਆਂ ਨੀਤੀਆਂ ਦਾ ਸਮਰਥਨ ਕੀਤਾ ਅਤੇ ਆਪਸੀ ਭਾਈਚਾਰੇ ਤੇ ਸਹਿਯੋਗ ਨਾਲ ਇਲਾਕੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਰਲ ਕੇ ਕੰਮ ਕਰਨ ਦਾ ਪੱਕਾ ਅਹਿਦ ਲਿਆ। ਪ੍ਰੋਗਰਾਮ ਦੇ ਅੰਤ ਵਿੱਚ ਪੁੱਜੇ ਹੋਏ ਸਮੁੱਚੇ ਪਤਵੰਤੇ ਸੱਜਣਾਂ, ਮੋਹਤਬਰਾਂ ਅਤੇ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਕਾਂਗਰਸ ਪਾਰਟੀ ਦੀ ਲੋਕ ਮਿਲਣੀ ਨੂੰ ਮਿਲਿਆਂ ਪਿੰਡ ਟਕਾਰਲਾ ਵਿਖੇ ਭਰਵਾਂ ਹੁੰਗਾਰਾ

ਬਲਾਚੌਰ 12 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਹਲਕਾ ਬਲਾਚੌਰ ਦੇ ਪਿੰਡ-ਟਕਾਰਲਾ ਵਿਖੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਵੱਲੋਂ ਲੋਕ ਮਿਲਣੀ ਕੀਤੀ ਗਈ। ਇਸ ਮੌਕੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਵਿਚਾਰ ਸਾਂਝੇ ਕੀਤੇ ਗਏ ਅਤੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲਿਆਂ ਬਾਰੇ ਗੱਲਬਾਤ ਕੀਤੀ ਗਈ। ਲੋਕਾਂ ਵੱਲੋਂ ਮਿਲੇ ਪਿਆਰ ਅਤੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੀ ਆਵਾਜ਼ ਬੁਲੰਦ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੇ ਵਿਚਾਰ ਸੁਣਨਾ ਅਤੇ ਲੋਕ ਹਿੱਤ ਦੇ ਮੁੱਦਿਆਂ ਨੂੰ ਪਹਿਲ ਦੇਣਾ ਸਾਡੀ ਮੁੱਖ ਤਰਜੀਹ ਹੈ। ਪਿੰਡ ਟਕਾਰਲਾ ਦੇ ਸਮੂਹ ਵਾਸੀਆਂ ਵੱਲੋਂ ਦਿੱਤੇ ਪਿਆਰ ਅਤੇ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਚੌਧਰੀ ਦਰਸ਼ਨ ਲਾਲ ਮੰਗਪੁਰ ਸਾਬਕਾ ਵਿਧਾਇਕ ਬਲਾਚੌਰ, ਅਜੇ ਮੰਗਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਧਰਮਪਾਲ ਸਾਬਕਾ ਚੇਅਰਮੈਨ, ਬਲਦੇਵ ਚੌਧਰੀ ਰਾਜੂ ਬੁੰਗੜੀ, ਨਾਨਕ ਸਿੰਘ ਬਾਂਠ ਚੇਅਰਪਰਸਨ, ਜਿੰਦਰ ਕੁਮਾਰ ਪ੍ਰਧਾਨ ਐਸ ਸੀ ਸੈੱਲ, ਲੇਖ ਰਾਜ ਹਕਲਾ, ਵਿਜੇ ਚੇਅਰਮੈਨ ਟਕਾਰਲਾ, ਤਰਸੇਮ ਸਰਪੰਚ ਟਕਾਰਲਾ, ਮਨੋਹਰ ਲਾਲ ਭਾਟੀਆ ਸੀਨੀਅਰ ਆਗੂ, ਪਰਵੀਨ ਚੌਧਰੀ ਟਕਾਰਲਾ, ਹਰਮੇਸ਼ ਚੌਧਰੀ ਸਾਬਕਾ ਸਰਪੰਚ ਉਧਨਵਾਲ, ਰਘੂਵੀਰ ਚੌਧਰੀ, ਧਰਮਪਾਲ ਚੌਧਰੀ, ਸੰਦੀਪ ਟਕਾਰਲਾ, ਧਰਮਵੀਰ ਟਕਾਰਲਾ, ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

# ਸਿਹਤ ਸੇਵਾਵਾਂ ਚ ਸੁਧਾਰ ਲਈ ਸਿਵਲ ਸਰਜਨ ਡਾ. ਭਾਰਤੀ ਧਵਨ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

ਅੰਮ੍ਰਿਤਸਰ, 12 ਅਕਤੂਬਰ (ਰਾਜੇਸ਼ ਡੈਨੀ) ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਿਹਤ ਸੇਵਾਵਾਂ ਵਿੱਚ ਹੋਰ ਸੁਧਾਰ ਅਤੇ ਬਿਹਤਰੀ ਲਿਆਉਣ ਦੇ ਉਦੇਸ਼ ਨਾਲ ਸਿਵਲ ਸਰਜਨ ਅੰਮ੍ਰਿਤਸਰ ਡਾ. ਭਾਰਤੀ ਧਵਨ ਵੱਲੋਂ ਸਮੂਹ ਪ੍ਰੋਗਰਾਮ ਅਧਿਕਾਰੀਆਂ, ਸੀਨੀਅਰ ਮੈਡੀਕਲ ਅਫ਼ਸਰਾਂ ਅਤੇ ਬਲਾਕ ਐਕਸਟੈਂਸ਼ਨ ਐਜੂਕੇਟਰਾਂ ਨਾਲ ਦਫ਼ਤਰ ਸਿਵਲ ਸਰਜਨ, ਅੰਮ੍ਰਿਤਸਰ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ ਮੀਟਿੰਗ ਦੌਰਾਨ ਡਾ. ਭਾਰਤੀ ਧਵਨ ਨੇ ਸਿਹਤ ਵਿਭਾਗ ਦੇ ਸਮੂਹ ਪ੍ਰੋਗਰਾਮਾਂ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਨੇ ਜੱਚਾ-ਬੱਚਾ ਸਿਹਤ ਸੰਭਾਲ, ਪਰਿਵਾਰ ਨਿਯੋਜਨ, ਟੀਕਾਕਰਨ, ਆਮ ਆਦਮੀ ਕਲੀਨਿਕਾਂ, ਸਿਹਤ ਬੀਮਾ ਯੋਜਨਾ ਅਤੇ ਓ.ਪੀ.ਡੀ. ਸੇਵਾਵਾਂ ਦੀ ਸਮੀਖਿਆ ਕਰਦਿਆਂ ਇਨ੍ਹਾਂ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਤੇ ਜ਼ੋਰ ਦਿੱਤਾ ਉਨ੍ਹਾਂ ਨੇ ਹਸਪਤਾਲਾਂ ਦੇ ਵਾਰਡਾਂ ਵਿੱਚ ਦਾਖ਼ਲ ਮਰੀਜ਼ਾਂ ਦੀ ਉਚਿਤ ਦੇਖਭਾਲ, ਬਜ਼ੁਰਗਾਂ, ਬੱਚਿਆਂ ਅਤੇ ਗਰਭਵਤੀ ਮਾਵਾਂ ਲਈ ਲੋੜੀਂਦੇ ਪ੍ਰਬੰਧ, ਸਿਹਤ ਸੰਸਥਾਵਾਂ ਵਿੱਚ ਸਫ਼ਾਈ ਵਿਵਸਥਾ, ਸਟਾਫ਼ ਦੀ ਸਮੇਂ ਸਿਰ ਹਾਜ਼ਰੀ ਦੀ ਜਾਂਚ ਅਤੇ ਮਰੀਜ਼ਾਂ ਨਾਲ ਸਤਿਕਾਰਪੂਰਨ ਤੇ ਸੰਵੇਦਨਸ਼ੀਲ ਵਿਵਹਾਰ ਨੂੰ ਯਕੀਨੀ ਬਣਾਉਣ ਲਈ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਹਰ ਮਰੀਜ਼ ਨੂੰ ਸਿਹਤ ਸੰਸਥਾਵਾਂ ਵਿੱਚ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਵਿਭਾਗ ਦੀ ਮੁੱਖ ਜ਼ਿੰਮੇਵਾਰੀ ਹੈ ਡਾ. ਭਾਰਤੀ ਧਵਨ ਨੇ ਕਿਹਾ ਕਿ ਮਾਤਾ ਅਤੇ ਬੱਚੇ ਦੀ ਮੌਤ ਦਰ ਵਿੱਚ ਕਮੀ ਲਿਆਉਣ ਲਈ ਗਰਭਵਤੀ ਮਾਵਾਂ ਦੀ ਸਮੇਂ ਸਿਰ ਰਜਿਸਟ੍ਰੇਸ਼ਨ ਬਹੁਤ ਜ਼ਰੂਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਰਭ ਅਵਸਥਾ ਦੀ ਸ਼ੁਰੂਆਤ ਵਿੱਚ ਹੀ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾਵੇ, ਤਾਂ ਜੋ ਗਰਭਵਤੀ ਮਾਵਾਂ ਨੂੰ ਸਮੇਂ ਸਿਰ ਲੋੜੀਂਦੀਆਂ ਜਾਂਚਾਂ, ਸਿਹਤ ਸਲਾਹ ਅਤੇ ਹੋਰ ਜ਼ਰੂਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣ ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਸਰਕਾਰੀ ਸਿਹਤ ਯੋਜਨਾਵਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਅਪੀਲ ਕੀਤੀ।

# ਰਮਨ ਬਹਿਲ ਵਲੋਂ ਗ੍ਰਾਮ ਪੰਚਾਇਤ ਭੁੱਲੇ ਚੱਕ ਵਿਖੇ ਈਸਾਈ ਧਰਮਸ਼ਾਲਾ ਉਸਾਰੀ ਦੇ ਕੰਮ ਦਾ ਨੀਂਹ ਪੱਥਰ ਰੱਖਿਆ

ਗੁਰਦਾਸਪੁਰ,12 ਅਕਤੂਬਰ (ਗੁਲਸ਼ਨ ਕੁਮਾਰ ਰਣੀਆਂ) ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਵਲੋਂ ਗ੍ਰਾਮ ਪੰਚਾਇਤ ਭੁੱਲੇ ਚੱਕ ਵਿਖੇ ਈਸਾਈ ਭਾਈਚਾਰੇ ਲਈ ਧਰਮਸ਼ਾਲਾ ਉਸਾਰੀ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਸਰਪੰਚ ਲਖਵਿੰਦਰ ਸਿੰਘ ਅਤੇ ਸਮੂਹ ਪੰਚਾਇਤ ਮੈਂਬਰ, ਸੁੱਚਾ ਸਿੰਘ ਮੁਲਤਾਨੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਰਣਜੀਤ ਸਿੰਘ ਰਾਣਾ ਚੇਅਰਮੈਨ ਬਲਾਕ ਸੰਮਤੀ, ਜਿੰਦੀ ਪ੍ਰਧਾਨ, ਸੂਬੇਦਾਰ ਦੀਪਾ ਮਸੀਹ ਅਤੇ ਬਲਵਿੰਦਰ ਸਿੰਘ ਖਾਲਸਾ ਵਿਸ਼ੇਸ਼ ਤੌਰ ਤੇ ਮੌਜੂਦ ਰਹੇ।ਇਸ ਮੌਕੇ ਗੱਲ ਕਰਦਿਆਂ ਰਮਨ ਬਹਿਲ ਨੇ ਦੱਸਿਆ ਕਿ 5 ਲੱਖ ਰੁਪਏ ਦੀ ਲਾਗਤ ਨਾਲ ਈਸਾਈ ਧਰਮਸ਼ਾਲਾ ਦੀ ਉਸਾਰੀ ਕਰਵਾਈ ਜਾਵੇਗੀ। ਰਮਨ ਬਹਿਲ ਨੇ ਕਿਹਾ ਕਿ ਹਲਕੇ ਦੇ ਹਰ ਪਿੰਡ ਅਤੇ ਹਰ ਵਰਗ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਵਾਉਣਾ ਉਨ੍ਹਾਂ ਦੀ ਪਹਿਲ ਹੈ। ਉਨ੍ਹਾਂ ਕਿਹਾ ਕਿ ਪਿੰਡ ਭੁੱਲੇਚੱਕ ਦੀ ਈਸਾਈ ਧਰਮਸ਼ਾਲਾ ਦੇ ਨਵੀਨੀਕਰਨ ਨਾਲ ਭਾਈਚਾਰੇ ਨੂੰ ਧਾਰਮਿਕ ਅਤੇ ਸਮਾਜਿਕ ਸਮਾਗਮਾਂ ਲਈ ਬਿਹਤਰ ਸਹੂਲਤ ਮਿਲੇਗੀ।ਉਨ੍ਹਾਂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਹਰ ਵਰਗ ਨੂੰ ਨਾਲ ਲੈ ਕੇ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਅਤੇ ਉਨ੍ਹਾਂ ਵੱਲੋਂ ਯਤਨ ਲਗਾਤਾਰ ਜਾਰੀ ਰਹਿਣਗੇ।ਇਸ ਮੌਕੇ ਪਿੰਡ ਵਾਸੀਆਂ ਅਤੇ ਈਸਾਈ ਭਾਈਚਾਰੇ ਵੱਲੋਂ ਧਰਮਸ਼ਾਲਾ ਦੀ ਉਸਾਰੀ ਲਈ ਰਾਸ਼ੀ ਮੁਹੱਈਆ ਕਰਵਾਉਣ 'ਤੇ ਰਮਨ ਬਹਿਲ ਦਾ ਧੰਨਵਾਦ ਕੀਤਾ ਗਿਆ।

# ਕਲਾਨੌਰ ਮੰਡੀ 'ਚ ਝੋਨੇ 'ਤੇ 85 ਰੁਪਏ ਪ੍ਰਤੀ ਕੁਇੰਟਲ ਦੀ ਕਟੌਤੀ ਦਾ ਮਾਮਲਾ ਭਖਿਆ, ਕਿਸਾਨਾਂ ਨੂੰ ਪੂਰਾ ਭਾਅ ਦਿਵਾਉਣ ਦਾ ਮੰਤਰੀ ਨੇ ਦਿੱਤਾ ਭਰੋਸਾ

ਬਟਾਲਾ, 12 ਅਕਤੂਬਰ (ਸੰਜੀਵ ਨਈਅਰ) ਕਲਾਨੌਰ ਦੀ ਦਾਣਾ ਮੰਡੀ ਵਿੱਚ ਝੋਨੇ ਦੀ

# ਪਿੰਡ ਕਮਾਲਪੁਰ ਵਿਖੇ ਆਪ ਦੀ ਹੋਈ ਪ੍ਰਭਾਵਸ਼ਾਲੀ ਲੋਕ ਮਿਲਣੀ; ਆਪ ਸਰਕਾਰ ਦੀਆਂ ਨੀਤੀਆਂ ਤੇ ਹੋਈ ਚਰਚਾ

ਬਲਾਚੌਰ 12 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਇਲਾਕੇ ਦੇ ਵਿਕਾਸ ਕਾਰਜਾਂ ਤੇ ਚਰਚਾ ਕਰਨ ਲਈ ਪਿੰਡ ਕਮਾਲਪੁਰ ਵਿਖੇ ਆਮ ਆਦਮੀ ਪਾਰਟੀ (ਆਪ) ਵੱਲੋਂ ਇੱਕ ਵਿਸ਼ੇਸ਼ ਲੋਕ ਮਿਲਣੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਆਪ ਆਗੂ ਅਸ਼ੋਕ ਕਟਾਰੀਆ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ ਵੀ ਉਚੇਚੇ ਤੌਰ ਤੇ ਹਾਜ਼ਰ ਹੋਏ। ਕਮਾਲਪੁਰ ਦੇ ਸਰਪੰਚ ਗੁਰਮੇਲ ਸਿੰਘ ਦੇ ਨਿਵਾਸ ਅਸਥਾਨ ਤੇ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਮਾਨਯੋਗ ਪ੍ਰਾਪਤੀਆਂ ਨੂੰ ਦੇਖ ਕੇ ਵਿਰੋਧੀ ਧਿਰਾਂ ਬੌਖਲਾਹਟ ਵਿੱਚ ਆ ਕੇ ਝੂਠੀ ਬਿਆਨਬਾਜ਼ੀ ਕਰ ਰਹੀਆਂ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਦਾ ਕੋੜ੍ਹ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਨਸ਼ਿਆਂ ਨੂੰ ਜੜ੍ਹੋਂ ਮਿਟਾਉਣ ਲਈ ਪੂਰੇ ਪੰਜਾਬ ਵਿੱਚ ਇੱਕ ਵੱਡੀ ਲੋਕ ਲਹਿਰ ਦੀ ਲੋੜ ਹੈ। ਉਨ੍ਹਾਂ ਮਾਵਾਂ-ਭੈਣਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਖ਼ਿਲਾਫ਼ ਵਿੱਢੀ ਇਸ ਮੁਹਿੰਮ ਨੂੰ ਅੱਗੇ ਵਧਾਉਣ ਲਈ ਵੱਧ-ਚੜ੍ਹ ਕੇ ਅੱਗੇ ਇਸ ਮੌਕੇ ਆਪ ਆਗੂ ਅਸ਼ੋਕ ਕਟਾਰੀਆ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਜਨ-ਕਲਿਆਣ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਵੇਰਵਾ ਸਾਂਝਾ ਕੀਤਾ। ਉਨ੍ਹਾਂ ਨੇ ਸਿੱਖਿਆ, ਸਿਹਤ ਅਤੇ ਮੁਫ਼ਤ ਬਿਜਲੀ ਵਰਗੀਆਂ ਬੁਨਿਆਦੀ ਸਹੂਲਤਾਂ ਖੇਤਰ ਵਿੱਚ ਕੀਤੇ ਜਾ ਰਹੇ ਇਨਕਲਾਬੀ ਸੁਧਾਰਾਂ ਅਤੇ ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਲੋਕ ਮਿਲਣੀ ਵਿੱਚ ਕਮਾਲਪੁਰ ਦੇ ਸਰਪੰਚ ਗੁਰਮੇਲ ਸਿੰਘ, ਪਨਿਆਲੀ ਦੇ ਸਰਪੰਚ ਹਰਨੇਕ ਸਿੰਘ, ਭਰਥਲਾ ਦੇ ਸਰਪੰਚ ਨਰੇਸ਼ ਸ਼ਰਮਾ, ਚਾਹਲ ਜੱਟਾਂ ਦੇ ਸਰਪੰਚ ਹਰਵਿੰਦਰ ਸਿੰਘ, ਬਛੂਆਂ ਦੇ ਸਰਪੰਚ ਬਲਬੀਰ ਸਿੰਘ, ਰਾਣਾ ਸਿੰਘ, ਸੁਰਜੀਤ ਸਿੰਘ, ਦਰਸ਼ਨ ਸਿੰਘ, ਕਰਨੈਲ ਸਿੰਘ, ਜਸਬੀਰ ਸਿੰਘ, ਹਰਦੀਪ ਸਿੰਘ, ਬਲਵਿੰਦਰ ਸਿੰਘ ਅਤੇ ਨਿਰਮਲ ਸਿੰਘ ਸਮੇਤ ਇਲਾਕੇ ਦੇ ਪੰਚ-ਸਰਪੰਚ ਅਤੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਪ੍ਰੋਗਰਾਮ ਦੇ ਅੰਤ ਵਿੱਚ ਆਪ ਦੀ ਮਹਿਲਾ ਆਗੂ ਹਰਦੀਪ ਕੌਰ ਅਤੇ ਸਰਪੰਚ ਗੁਰਮੇਲ ਸਿੰਘ ਨੇ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।

# ਡੈਰਿਕ ਇੰਟਰਨੈਸ਼ਨਲ ਸਕੂਲ, ਬੰਗਾ ਦੇ ਵਿਦਿਆਰਥੀਆਂ ਨੇ ਜ਼ੋਨਲ ਐਥਲੈਟਿਕ ਮੀਟ ਵਿੱਚ ਜਿੱਤੇ ਚਾਰ ਚਾਂਦੀ ਦੇ ਤਗਮੇ

ਬੰਗਾ, 12 ਅਕਤੂਬਰ (ਮਨਜਿੰਦਰ ਸਿੰਘ) ਡੈਰਿਕ ਇੰਟਰਨੈਸ਼ਨਲ ਸਕੂਲ, ਬੰਗਾ ਦੇ ਵਿਦਿਆਰਥੀਆਂ ਨੇ ਜ਼ੋਨਲ ਪੱਧਰੀ ਐਥਲੈਟਿਕ ਮੀਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚਾਰ ਚਾਂਦੀ ਦੇ ਤਗਮੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਹ ਐਥਲੈਟਿਕ ਮੀਟ 8 ਅਕਤੂਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮੁਕੰਦਪੁਰ ਵਿਖੇ ਮੁਕੰਦਪੁਰ ਜ਼ੋਨ ਵੱਲੋਂ ਕਰਵਾਈ ਗਈ। ਇਸ ਮੁਕਾਬਲੇ ਵਿੱਚ ਡੈਰਿਕ ਇੰਟਰਨੈਸ਼ਨਲ ਸਕੂਲ ਦੇ ਸੱਤ ਵਿਦਿਆਰਥੀਆਂ ਨੇ ਵੱਖ-ਵੱਖ ਐਥਲੈਟਿਕ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਆਪਣੀ ਖੇਡ ਪ੍ਰਤਿਭਾ, ਮਿਹਨਤ ਤੇ ਦ੍ਰਿੜ੍ਹ ਇਰਾਦੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲਿਆਂ ਵਿੱਚ ਨੌਵੀਂ ਜਮਾਤ ਦੇ ਮਨਰਾਜ ਸਿੰਘ ਗੋਸਲ ਨੇ ਜੈਵਲਿਨ ਥ੍ਰੋਅ (ਨੇਜ਼ਾ ਸੁੱਟਣ), ਅੱਠਵੀਂ ਜਮਾਤ ਦੇ ਏਕਮ ਸਿੰਘ ਨੇ ਸ਼ਾਟ ਪੁੱਟ (ਗੋਲਾ ਸੁੱਟਣ), ਅੱਠਵੀਂ ਜਮਾਤ ਦੇ ਸਹਿਜਪ੍ਰੀਤ ਸਿੰਘ ਨੇ ਡਿਸਕਸ ਥ੍ਰੋਅ (ਚੱਕਾ ਸੁੱਟਣ) ਅਤੇ ਸੱਤਵੀਂ ਜਮਾਤ ਦੇ ਸਮਰ ਕੌਸ਼ਲ ਨੇ 100 ਮੀਟਰ ਦੌੜ ਵਿੱਚ ਦੂਜਾ ਸਥਾਨ ਹਾਸਲ ਕਰਦਿਆਂ ਚਾਂਦੀ ਦੇ ਤਗਮੇ ਜਿੱਤੇ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨੀਨਾ ਭਾਰਦਵਾਜ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਮਿਹਨਤ, ਲਗਨ, ਸਮਰਪਣ ਤੇ ਖੇਡ ਭਾਵਨਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਰਾਹੀਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ ਅਤੇ ਚੁਣੌਤੀਆਂ ਦਾ ਸਾਹਮਣਾ ਕਰਨ ਦੀ ਸਮਰੱਥਾ ਵਿਕਸਿਤ ਹੁੰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਜੋਸ਼ ਅਤੇ ਲਗਨ ਨਾਲ ਮਿਹਨਤ ਕਰਦਿਆਂ ਹੋਰ ਵੱਡੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਬੰਧਕਾਂ ਵੱਲੋਂ ਇਸ ਪ੍ਰਾਪਤੀ ਲਈ ਜੇਤੂ ਵਿਦਿਆਰਥੀਆਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ ਗਈ। ਉਨ੍ਹਾਂ ਕਿਹਾ ਕਿ ਡੈਰਿਕ ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਦੀਆਂ ਖੇਡ ਪ੍ਰਤਿਭਾਵਾਂ ਨੂੰ ਨਿਖਾਰਨ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ, ਤਾਂ ਜੋ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਨਵੀਆਂ ਬੁਲੰਦੀਆਂ ਹਾਸਲ ਕਰ ਸਕਣ।

# ਐੱਸਡੀਐੱਮ ਸਮਰਾਲਾ ਨੇ ਮਿਲਾਵਟਖ਼ੋਰੀ ਤੇ ਨੱਥ ਪਾਉਣ ਲਈ ਜਾਰੀ ਕੀਤੀਆਂ ਹਦਾਇਤਾਂ

ਸਮਰਾਲਾ, 12 ਅਕਤੂਬਰ (ਬ੍ਰਹਮਜੋਤ ਭੰਗਲਾਂ) ਸਥਾਨਕ ਐੱਸਡੀਐੱਮ ਗੁਰਸਿਮਰਨਜੀਤ ਕੌਰ ਵੱਲੋਂ ਜ਼ਿਲ੍ਹਾ ਹੈਲਥ ਅਫਸਰ ਡਾ. ਅਸ਼ੀਸ਼ ਅਤੇ ਫੂਡ ਸੇਫਟੀ ਅਫਸਰ ਯੋਗੇਸ਼ ਕੁਮਾਰ ਦੇ ਸਹਿਯੋਗ ਨਾਲ ਦੀਵਾਲੀ ਅਤੇ ਹੋਰ ਫੈਸਟੀਵਲ ਤਿਉਹਾਰਾਂ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚ ਮਿਲਾਵਟਖ਼ੋਰੀ ਵਾਲੇ ਸਮਾਨ ਦੀ ਵਿਕਰੀ ਰੋਕਣ ਲਈ ਹਲਵਾਈ ਦਾ ਕੰਮ ਕਰਦੇ ਦੁਕਾਨਦਾਰਾਂ ਅਤੇ ਕਰਿਆਨਾ ਵਪਾਰੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਵਿੱਚ ਸਮੂਹ ਦੁਕਾਨਦਾਰਾ ਨੂੰ ਹਦਾਇਤ ਕੀਤੀ ਗਈ ਕਿ ਉਹ ਮਿਲਾਵਟੀ ਸਮਾਨ, ਪਨੀਰ, ਦੁੱਧ, ਦਹੀਂ ਆਦਿ ਦੀ ਖਰੀਦ ਵਿੱਚ ਕਿਸੇ ਵੀ ਕਿਸਮ ਨਾਲ ਸ਼ਾਮਲ ਨਾ ਹੋਣ। ਇਸ ਸਬੰਧੀ ਜੇਕਰ ਉਹਨ੍ਹਾਂ ਦੇ ਧਿਆਨ ਵਿੱਚ ਇਸ ਤਰ੍ਹਾਂ ਦੀ ਮਿਲਾਵਟ ਦਾ ਸਮਾਨ ਵੇਚਦਾ ਕੋਈ ਵੀ ਵਿਅਕਤੀ ਨਜ਼ਰ ਆਉਂਦਾ ਹੈ ਤਾਂ ਤੁਰੰਤ ਉਸਦੀ ਸੂਚਨਾ ਵਿਭਾਗ ਨੂੰ ਦਿੱਤੀ ਜਾਵੇ। ਇਸ ਦੇ ਨਾਲ ਹੀ ਉਹਨ੍ਹਾਂ ਨੂੰ ਦੱਸਿਆ ਗਿਆ ਕਿ ਇਸ ਮਿਲਾਵਟੀ ਸਮਾਨ ਨਾਲ ਕੁੱਝ ਮੁਨਾਫੇ ਦੇ ਚੱਕਰ ਵਿੱਚ ਲੋਕਾਂ ਦੀ ਸਿਹਤ ਨਾਲ ਖਿਲਵਾੜ ਨਾ ਕੀਤਾ ਜਾਵੇ। ਦੁਕਾਨਦਾਰਾ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਨਾ ਹੀ ਉਹ ਮਿਲਾਵਟੀ ਸਮਾਨ ਵੇਚਣਗੇ ਅਤੇ ਨਾ ਹੀ ਕਿਸੇ ਨੂੰ ਵੇਚਣ ਦੇਣਗੇ। ਇਸ ਦੇ ਨਾਲ ਹੀ ਜ਼ਿਲ੍ਹਾ ਹੈਲਥ ਅਫਸਰ ਲੁਧਿਆਣਾ ਨੂੰ ਹਦਾਇਤ ਕੀਤੀ ਗਈ ਕਿ ਸਬ ਡਵੀਜਨ ਵਿੱਚ ਅਚਨਚੇਤ ਚੈਕਿੰਗ ਨੂੰ ਹੋਰ ਵਧਾਇਆ ਜਾਵੇ ਅਤੇ ਜੇਕਰ ਕਿਸੇ ਵੀ ਪ੍ਰਕਾਰ ਦਾ ਮਿਲਾਵਟੀ ਸਮਾਨ ਵੇਚਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਤੁਰੰਤ ਢੁੱਕਵੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ।

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਜੰਮੂ—ਕਸ਼ਮੀਰ ਵਿੱਚ ਪੰਜਾਬੀ ਭਾਸ਼ਾ ਦੀ ਬਹਾਲੀ ਲਈ 'ਜੰਮੂ ਪੰਜਾਬੀ ਮੋਰਚੇ' ਦੀ ਪੁਰਜ਼ੋਰ ਹਮਾਇਤ

ਅੰਮ੍ਰਿਤਸਰ 12 ਅਕਤੂਬਰ (ਮੋਹਕਮ ਸਿੰਘ) ਸਿੱਖਾਂ ਦੀ ਸਿਰਮੌਰ ਵਿਦਿਅਕ ਅਤੇ ਧਾਰਮਿਕ ਸੰਸਥਾ ਚੀਫ਼ ਖ਼ਾਲਸਾ ਦੀਵਾਨ ਨੇ ਜੰਮੂ ਕਸ਼ਮੀਰ ਵਿੱਚ ਪੰਜਾਬੀ ਭਾਸ਼ਾ ਨੂੰ ਅਧਿਕਾਰਤ ਭਾਸ਼ਾ ਦਾ ਦਰਜਾ ਦਿਵਾਉਣ ਅਤੇ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਮੁੜ ਬਹਾਲ ਕਰਵਾਉਣ ਲਈ ਸੰਘਰਸ਼ ਕਰ ਰਹੇ 'ਜੰਮੂ ਪੰਜਾਬੀ ਮੋਰਚੇ' ਦੀ ਪੂਰਨ ਹਮਾਇਤ ਦਾ ਐਲਾਨ ਕੀਤਾ ਹੈ। ਪੰਜਾਬੀ ਮਾਂ ਬੋਲੀ ਅਤੇ ਗੁਰਮੁਖੀ ਲਿਪੀ ਦੇ ਪ੍ਰਚਾਰ ਪ੍ਰਸਾਰ ਲਈ ਤਤੱਪਰ ਚੀਫ਼ ਖ਼ਾਲਸਾ ਦੀਵਾਨ ਨੇ ਕੇਂਦਰ ਸਰਕਾਰ ਅਤੇ ਜੰਮੂ ਕਸ਼ਮੀਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਜੰਮੂ ਕਸ਼ਮੀਰ ਵਿਖੇ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ ਸਤਿਕਾਰ ਅਤੇ ਮੁੜ ਅਧਿਕਾਰਤ ਦਰਜਾ ਦੇਣ ਲਈ ਛੇਤੀ ਠੋਸ ਕਦਮ ਚੁੱਕੇ ਜਾਣ। ਜਾਰੀ ਬਿਆਨ ਵਿਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਦੱਸਿਆ ਕਿ ਜੰਮੂ ਕਸ਼ਮੀਰ ਵਿੱਚ ਵੱਡੀ ਗਿਣਤੀ ਵਿੱਚ ਪੰਜਾਬੀ ਬੋਲਣ ਵਾਲੇ ਲੋਕ ਵੱਸਦੇ ਹਨ ਅਤੇ ਭਾਸ਼ਾ ਕਿਸੇ ਵੀ ਸਮਾਜ ਦੀ ਪਛਾਣ ਅਤੇ ਵਿਰਾਸਤ ਦਾ ਅਹਿਮ ਹਿੱਸਾ ਹੁੰਦੀ ਹੈ। ਪੰਜਾਬੀ ਭਾਸ਼ਾ ਇਸ ਖੇਤਰ ਦੀ ਅਮੀਰ ਸੱਭਿਆਚਾਰਕ ਵਿਰਾਸਤ, ਇਤਿਹਾਸ ਅਤੇ ਭਾਈਚਾਰਕ ਸਾਂਝ ਦਾ ਅਨਿੱਖੜਵਾਂ ਅੰਗ ਹੈ। ਇਸ ਲਈ ਪੰਜਾਬੀ ਭਾਸ਼ਾ ਦੇ ਹੱਕਾਂ ਦੀ ਰਾਖੀ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਉਹਨਾਂ ਨੇ ਕਿਹਾ ਕਿ ਜੰਮੂ—ਕਸ਼ਮੀਰ ਅਧਿਕਾਰਤ ਭਾਸ਼ਾਵਾਂ ਐਕਟ, 2020 ਵਿੱਚ ਪੰਜਾਬੀ ਨੂੰ ਅਧਿਕਾਰਤ ਭਾਸ਼ਾ ਵਜੋਂ ਸ਼ਾਮਲ ਨਾ ਕਰਨਾ ਅਤੇ ਸਕੂਲਾਂ ਵਿਚ ਪੰਜਾਬੀ ਦੀ ਪੜ੍ਹਾਈ ਨੂੰ ਬਾਹਰ ਰੱਖਣਾ ਇਸ ਦੀ ਇਤਿਹਾਸਕ ਮਹੱਤਤਾ ਨੂੰ ਨਜ਼ਰ—ਅੰਦਾਜ਼ ਕਰਨਾ ਹੈ। ਉਹਨਾਂ ਨੇ ਮੰਗ ਕੀਤੀ ਕਿ ਜੰਮੂ—ਕਸ਼ਮੀਰ ਵਿੱਚ ਪੰਜਾਬੀ ਨੂੰ ਮੁੜ ਅਧਿਕਾਰਤ ਭਾਸ਼ਾ ਦਾ ਦਰਜਾ ਦੇਣ ਲਈ ਸਬੰਧਤ ਕਾਨੂੰਨ ਵਿੱਚ ਲੋੜੀਂਦੀ ਸੋਧ ਕੀਤੀ ਜਾਵੇ ਅਤੇ ਇਸ ਸਬੰਧੀ ਵਿਧਾਨਕ ਪ੍ਰਕਿਰਿਆ ਨੂੰ ਜਲਦ ਅੱਗੇ ਵਧਾਇਆ ਜਾਵੇ। ਉਹਨਾਂ ਨੇ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਵੱਲੋਂ ਜੰਮੂ ਪੰਜਾਬੀ ਮੋਰਚੇ ਦੇ ਆਗੂਆਂ ਨਾਲ ਮੁਲਾਕਾਤ ਕਰਨ ਅਤੇ ਪੰਜਾਬੀ ਭਾਸ਼ਾ ਦੀ ਬਹਾਲੀ ਸਬੰਧੀ ਵਿਚਾਰ ਵਟਾਂਦਰਾ ਕਰਨ ਜਲਦ ਹੀ ਇਕ ਵਫਦ ਜੰਮੂ ਭੇਜਿਆ ਜਾਵੇਗਾ। ਚੀਫ਼ ਖ਼ਾਲਸਾ ਦੀਵਾਨ ਪ੍ਰਬੰਧਕਾਂ ਨੇ ਕੇਂਦਰ ਸਰਕਾਰ ਅਤੇ ਜੰਮੂਕਸ਼ਮੀਰ ਸਰਕਾਰ ਦੇ ਸਬੰਧਤ ਵਿਭਾਗਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਪੰਜਾਬੀ ਭਾਸ਼ਾ ਦੀ ਇਤਿਹਾਸਕ ਮਹੱਤਤਾ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਨੂੰ ਅਧਿਕਾਰਤ ਭਾਸ਼ਾ ਦਾ ਦਰਜਾ ਦੇਣ ਲਈ ਤੁਰੰਤ ਠੋਸ ਕਦਮ ਚੁੱਕੇ ਜਾਣ। ਇਸ ਦੇ ਨਾਲ ਹੀ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਮੁੜ ਸ਼ੁਰੂ ਕਰਨ, ਪੰਜਾਬੀ ਅਧਿਆਪਕਾਂ ਦੀਆਂ ਅਸਾਮੀਆਂ ਭਰਨ ਅਤੇ ਨਵੀਂ ਪੀੜ੍ਹੀ ਨੂੰ ਆਪਣੀ ਮਾਂ ਬੋਲੀ ਨਾਲ ਜੋੜਨ ਲਈ ਪ੍ਰਭਾਵਸ਼ਾਲੀ ਨੀਤੀ ਲਾਗੂ ਕੀਤੀ ਜਾਵੇ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਮਾਂ ਬੋਲੀ ਦਾ ਸਤਿਕਾਰ ਸਿਰਫ਼ ਭਾਸ਼ਾ ਦਾ ਸਤਿਕਾਰ ਨਹੀਂ, ਸਗੋਂ ਕਿਸੇ ਵੀ ਖੇਤਰ ਦੀ ਵਿਰਾਸਤ, ਸੱਭਿਆਚਾਰ ਅਤੇ ਪਛਾਣ ਦੀ ਰਾਖੀ ਹੈ। ਇਸ ਲਈ ਜੰਮੂ ਕਸ਼ਮੀਰ ਵਿਖੇ ਵੱਡੀ ਗਿਣਤੀ ਵਿਚ ਵੱਸਦੇ ਪੰਜਾਬੀਆਂ ਨੂੰ ਉਹਨਾਂ ਦਾ ਬਣਦਾ ਹੱਕ ਦੇਣਾ ਸਰਕਾਰਾਂ ਦੀ ਤਰਜੀਹ ਹੋਣੀ ਚਾਹੀਦੀ ਹੈ, ਤਾਂ ਜੋ ਜੰਮੂ ਕਸ਼ਮੀਰ ਵਿੱਚ ਪੰਜਾਬੀ ਭਾਸ਼ਾ ਦੀ ਸ਼ਾਨ ਨੂੰ ਮੁੜ ਬਹਾਲ ਕਰਕੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਇਸ ਦੀ ਅਮੀਰ ਵਿਰਾਸਤ ਨੂੰ ਸੁਰੱਖਿਅਤ ਰੱਖਿਆ ਜਾ ਸਕੇ।

# ਗਿਆਨੀ ਪਰਮਵੀਰ ਸਿੰਘ ਜੀ ਦੀ ਹਾਜ਼ਰੀ ਵਿਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਗੁਰਮਤਿ ਨਾਲ ਜੁੜਨ ਦੀ ਅਪੀਲ

ਅੰਮ੍ਰਿਤਸਰ, 12 ਅਕਤੂਬਰ (ਰਾਜੇਸ਼ ਡੈਨੀ) ਹਰ ਘਰ ਗੁਰਮਤਿ ਮੁਹਿੰਮ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ, ਨਾਂਦੇੜ ਦੇ ਸਤਿਕਾਰਯੋਗ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਦੀ ਪ੍ਰੇਰਣਾ ਸਦਕਾ ਪੰਜਾਬ ਵਿੱਚ ਗੁਰਮਤਿ ਪ੍ਰਚਾਰ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਹੈ। ਜਿਸ ਲਈ ਵਿਸ਼ੇਸ਼ ਤੌਰ ਤੇ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਤੋਂ ਗਿਆਨੀ ਪਰਮਵੀਰ ਸਿੰਘ ਜੀ ਦੀ ਹਾਜ਼ਰੀ ਵਿੱਚ ਬਟਾਲਾ ਸ਼ਹਿਰ ਵਿਖੇ ਇਸ ਮੁਹਿੰਮ ਸਬੰਧੀ ਅਹਿਮ ਮੀਟਿੰਗ ਹੋਈ ਮੀਟਿੰਗ ਦੌਰਾਨ ਨੌਜਵਾਨ ਪੀੜ੍ਹੀ ਨੂੰ ਵਿਸ਼ੇਸ਼ ਅਪੀਲ ਕੀਤੀ ਗਈ ਕਿ ਉਹ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਅਤੇ ਗੁਰਮਤਿ ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ। ਬੁਲਾਰਿਆਂ ਨੇ ਕਿਹਾ ਕਿ ਨੌਜਵਾਨ ਦੇਸ਼ ਅਤੇ ਸਮਾਜ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਬਚਾ ਕੇ ਸੇਵਾ, ਸਿਮਰਨ ਅਤੇ ਚੰਗੇ ਸੰਸਕਾਰਾਂ ਨਾਲ ਜੋੜਨਾ ਸਮੇਂ ਦੀ ਅਹਿਮ ਲੋੜ ਹੈ ਇਸ ਮੌਕੇ ਡਾ. ਵਿਜੈ ਸਤਬੀਰ ਸਿੰਘ ਜੀ, ਪ੍ਰਸ਼ਾਸਕ ਸਾਹਿਬ ਨੇ ਪਹੁੰਚੀ ਸਮੂਹ ਸੰਗਤ, ਧਾਰਮਿਕ ਪ੍ਰਚਾਰਕਾਂ, ਸਮਾਜ ਸੇਵੀਆਂ ਅਤੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਮੁਹਿੰਮ ਦੇ ਕੋ-ਆਰਡੀਨੇਟਰ ਸ. ਜ

# ਵਿਧਾਇਕ ਗਿਆਸਪੁਰਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ 'ਚ ਦਾਖਲ ਹੋਣ ਤੋਂ ਰੋਕਿਆ

## ਗਿਆਸਪੁਰਾ ਨੇ ਜਾਤੀਸੂਚਕ ਸ਼ਬਦ ਵਰਤ ਕੇ ਸਕਤਰੇਤ ਵਿਚ ਦਾਖਲ ਹੋਣ ਤੋਂ ਰੋਕਣ ਦੇ ਲਗਾਏ ਇਲਜਾਮ

**ਸ੍ਰੀ ਅੰਮ੍ਰਿਤਸਰ, 12 ਅਕਤੂਬਰ (ਮੋਹਕਮ ਸਿੰਘ)** : ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਦੇ ਬਾਹਰ ਉਸ ਸਮੇ ਸਥਿਤੀ ਹੰਗਾਮਾ ਪੂਰਨ ਹੋ ਗਈ ਜਦ ਹਲਕਾ ਪਾਇਲ ਦੇ ਵਿਧਾਇਕ ਮਨਜਿੰਦਰ ਸਿੰਘ ਗਿਆਸਪੁਰਾ ਨੂੰ ਬੀਤੇ ਸਮੇ ਵਿਚ ਉਨਾਂ ਦੁਆਰਾ ਦਿੱਤੇ ਕਥਿਤ ਬਿਆਨਾਂ ਕਾਰਨ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਵਿਚ ਦਾਖਲ ਹੋਣ ਤੋ ਰੋਕ ਦਿੱਤਾ ਗਿਆ ਜਿਸ ਤੋ ਬਾਅਦ ਵਿਧਾਇਕ ਗਿਆਸਪੁਰਾ ਨੇ ਇਲਜਾਮ ਲਗਾਇਆ ਕਿ ਉਨਾਂ ਨੂੰ ਉਨਾਂ ਦੀ ਜਾਤੀ ਦੇ ਕਾਰਨ ਸਕਤਰੇਤ ਵਿਚ ਦਾਖਲ ਹੋਣ ਤੋ ਰੋਕਿਆ ਗਿਆ ਹੈ। ਅੱਜ ਆਮ ਆਦਮੀ ਪਾਰਟੀ ਦੇ ਕਰੀਬ ਇਕ ਦਰਜਨ ਤੋ ਵਧ ਵਿਧਾਇਕ ਤੇ 3 ਦੇ ਕਰੀਬ ਆਗੂ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਵਿਖੇ ਜਥੇਦਾਰ ਦੇ ਨਾਮ ਤੇ ਗੁਰਦਵਾਰਾ ਬੰਗਲਾ ਸਾਹਿਬ ਨਵੀ ਦਿੱਲੀ ਵਿਚ ਪੁਲੀਸ ਦਾਖਲੇ ਦੇ ਖਿਲਾਫ ਮੰਗ ਪੱਤਰ ਦੇਣ ਲਈ ਆਏ ਸਨ ਇਨਾਂ ਵਿਧਾਇਕਾਂ ਤੇ ਆਗੂਆਂ ਵਿਚ ਡਾ ਇੰਦਰਬੀਰ ਸਿੰਘ ਨਿਜਰ, ਬੀਬੀ ਜੀਵਨਜੋਤ ਕੌਰ, ਸ੍ ਕੁਲਦੀਪ ਸਿੰਘ ਧਾਲੀਵਾਲ, ਪ੍ਰੋ ਬਲਜਿੰਦਰ ਕੌਰ, ਸਰਵਣ ਸਿੰਘ, ਮਨਜਿੰਦਰ ਸਿੰਘ, ਜ਼ਸਵੀਰ ਸਿੰਘ, ਕਰਮਬੀਰ ਸਿੰਘ,ਕੁਲਵੰਤ ਸਿੰਘ,ਦਲਬੀਰ ਸਿੰਘ, ਹਰਮੀਤ ਸਿੰਘ ਅਤੇ ਮਨਜਿੰਦਰ ਸਿੰਘ ਗਿਆਸਪੁਰਾ (ਸਾਰੇ ਵਿਧਾਇਕ) ਅਤੇ ਬੀਬੀ ਸੋਨੀਆ ਕੌਰ,ਗੁਰਇਕਬਾਲ ਸਿੰਘ,ਜੋਬਨ ਸਿੰਘ ਆਦਿ ਸ਼ਾਮਲ ਸਨ। ਜਿਵੇ ਹੀ ਇਹ ਸਾਰੇ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਵਿਚ ਦਾਖਲ ਹੋਣ ਲਗੇ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਦੇ ਬਾਹਰ ਤੈਨਾਤ ਸ਼੍ਰੋਮਣੀ ਕਮੇਟੀ ਦੇ ਸੁਰਖਿਆ ਦਸਤੇ ਵਿਚ ਤੈਲਾਤ ਇਕ ਕਰਮਚਾਰੀ ਨੇ ਵਿਧਾਇਕ ਗਿਆਸਪੁਰਾ ਨੂੰ ਸਕਤਰੇਤ ਵਿਚ ਜਾਣ ਤੋ ਰੋਕ ਦਿੱਤਾ ਜਿਸ ਤੋ ਬਾਅਦ ਮਾਹੌਲ ਤਨਾਅਪੂਰਨ ਹੋ ਗਿਆ। ਵਿਧਾਇਕ ਗਿਆਸਪੁਰਾ ਨੇ ਪੱਤਰਕਾਰਾਂ ਨਾ ਲਗਲ ਕਰਦਿਆਂ ਕਿਹਾ ਕਿ ਮੈਨੂੰ ਸਿਰਫ ਮੇਰੀ ਜਾਤ ਕਰਕੇ ਸਕਤਰੇਤ ਵਿਚ ਦਾਖਲ ਹੋਦ ਤੋ ਰੋਕਿਆ ਗਿਆ ਹੈ।ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਵਲੋ ਜਥੇਦਾਰ ਦੇ ਮੀਡੀਆ ਸਲਾਹਕਾਰ ਸ੍ ਜ਼ਸਕਰਨ ਸਿੰਘ ਨੇ ਬਿਆਨ ਜਾਰੀ ਕਰਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਨਾਲ ਸਬੰਧਤ ਪੰਜਾਬ ਦੇ ਕੁਝ ਵਿਧਾਇਕ ਤੇ ਆਗੂ ਅੱਜ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਦਿੱਲੀ 'ਚ ਚੱਲ ਰਹੇ ਰੋਸ ਪ੍ਰਦਰਸ਼ਨ ਦੇ ਚੱਲਦਿਆਂ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਸਮੂਹ ਨਾਲ ਸਬੰਧਤ ਘਟਨਾਵਾਂ ਬਾਰੇ ਸ਼ਿਕਾਇਤ ਪੱਤਰ ਲੈ ਕੇ ਪੁੱਜੇ ਸਨ। ਇਸ ਮੌਕੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ ਬਗੀਚਾ ਸਿੰਘ ਨੇ ਵਿਧਾਇਕਾਂ ਪਾਸੋਂ ਸਤਿਕਾਰ ਸਹਿਤ ਪੱਤਰ ਪ੍ਰਾਪਤ ਕੀਤਾ। ਵਿਧਾਇਕਾਂ ਨੂੰ ਦੱਸਿਆ ਗਿਆ ਕਿ ਇਹ ਪੱਤਰ ਸਿੰਘ ਸਾਹਿਬ ਦੇ ਸਨਮੁਖ ਯੋਗ ਕਾਰਵਾਈ ਲਈ ਪੇਸ਼ ਕੀਤਾ ਜਾਵੇਗਾ। ਇਸ ਦੌਰਾਨ ਲੁਧਿਆਣਾ ਜ਼ਿਲ੍ਹੇ ਦੇ ਪਾਇਲ ਤੋਂ ਆਪ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਜੋ ਬਾਕੀ ਵਿਧਾਇਕਾਂ ਨਾਲ ਪੁੱਜੇ ਸਨ ਉਨ੍ਹਾਂ ਨੂੰ ਬੀਤੇ ਸਮੇਂ ਵਿੱਚ ਸਿੱਖ ਸਖ਼ਸ਼ੀਅਤਾਂ ਤੇ ਸਿੱਖ ਸੰਸਥਾਵਾਂ ਵਿਰੁੱਧ ਕੀਤੀ ਬਦਜਬਾਨੀ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ ਅਨੁਸਾਰ ਸਕੱਤਰੇਤ ਦੇ ਅੰਦਰ ਜਾਣ ਤੋਂ ਰੋਕਿਆ ਗਿਆ। ਇਸ ਸਬੰਧੀ ਮੀਡੀਆ ਨਾਲ ਗੱਲ ਕਰਦਿਆਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੀਡੀਆ ਸਲਾਹਕਾਰ ਸ ਜਸਕਰਨ ਸਿੰਘ ਨੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਮੀਡੀਆ ਨੂੰ ਦਿੱਤੇ ਉਸ ਬਿਆਨ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਖੰਡਨ ਕੀਤਾ ਕਿ ਉਨ੍ਹਾਂ ਨੂੰ ਜਾਤ ਅਧਾਰਤ ਵਿਤਕਰਾ ਕਰਦਿਆਂ ਅੰਦਰ ਜਾਣ ਤੋਂ ਰੋਕਿਆ ਗਿਆ। ਉਨ੍ਹਾਂ ਕਿਹਾ ਗਿਆਸਪੁਰਾ ਨੂੰ ਆਪਣੇ ਦਿੱਤੇ ਝੂਠੇ ਅਤੇ ਗਲਤ ਪ੍ਰਾਪੇਗੰਡਾ ਵਾਲੇ ਬਿਆਨ ਲਈ ਸਿੱਖ ਕੌਮ ਪਾਸੋਂ ਮੁਆਫੀ ਮੰਗਣੀ ਚਾਹੀਦੀ ਹੈ ਅਤੇ ਜੇਕਰ ਉਹ ਅਜਿਹਾ ਨਹੀਂ ਕਰਦੇ ਤਾਂ ਉਨ੍ਹਾਂ ਵਿਰੁੱਧ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਦਿੱਲੀ ਵਿਖੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਅੰਦਰ ਦਾਖਲ ਹੋਏ ਧਰਨਾਕਾਰੀਆਂ ਅਤੇ ਪੁਲਿਸ ਸਬੰਧੀ ਸ. ਜਸਕਰਨ ਸਿੰਘ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਤਰਫ਼ੋਂ ਕਿਹਾ ਗੁ ਰ ਦ ੁ ਆ ਰ ਾ ਸਾਹਿਬਾਨ ਦੀ ਇੱਕ ਤੈਅ ਮਰਯਾਦਾ ਹੈ ਜਿਸ ਦੀ ਉਲੰਘਣਾ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਹੋਰ ਵੀ ਸ਼ਿਕਾਇਤਾਂ ਤੇ ਪੱਤਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜੇ ਹਨ, ਜਿਨ੍ਹਾਂ ਦੀ ਘੋਖ ਕੀਤੀ ਜਾਵੇਗੀ। ਇਸ ਸਿਧਾਂਤ ਨੂੰ ਧਿਆਨ ਵਿੱਚ ਰੱਖਦਿਆਂ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਗੁਰੂ ਘਰਾਂ ਨੂੰ ਆਪਣੇ ਸਿਆਸੀ ਨਿਸ਼ਾਨਿਆਂ ਅਨੁਸਾਰ ਕੋਈ ਵੀ ਆਗੂ ਮਨਮਾਫ਼ਿਕ ਟਿੱਪਣੀਆਂ ਕਰਨ ਲਈ ਨਾ ਵਰਤੇ। ਸ ਜਸਕਰਨ ਸਿੰਘ ਨੇ ਕਿਹਾ ਕਿ ਵਿਧਾਇਕਾਂ ਦੇ ਵਫ਼ਦ ਦੀ ਅਗਵਾਈ ਕਰ ਰਹੇ ਡਾ। ਇੰਦਰਬੀਰ ਸਿੰਘ ਨਿੱਝਰ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰੀਆਂ ਵੱਲੋਂ ਇਹ ਆਖਿਆ ਗਿਆ ਸੀ ਕਿ ਉਹ ਬਾਹਰ ਮੀਡੀਆ ਨੂੰ ਜਾ ਕੇ ਇਹ ਗੱਲ ਸਪੱਸ਼ਟ ਕਰਨ ਕਿ ਵਿਧਾਇਕਾਂ ਨਾਲ ਕਿਸੇ ਕਿਸਮ ਦਾ ਵਿਤਕਰਾ ਨਹੀਂ ਕੀਤਾ ਗਿਆ। ਲੇਕਿਨ ਜਸਕਰਨ ਸਿੰਘ ਨੇ ਕਿਹਾ ਕਿ ਵਿਧਾਇਕਾਂ ਦੇ ਆਉਣ ਸਬੰਧੀ ਸਰਕਾਰ ਵੱਲੋਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹਿਲਾਂ ਤੋਂ ਕੋਈ ਸਮਾਂ ਨਹੀਂ ਲਿਆ ਗਿਆ ਅਤੇ ਅੱਜ ਮਿਤੀ 12 ਅਕਤੂਬਰ ਸਵੇਰੇ ਕਰੀਬ 9:30 ਵਜੇ ਅੰਮ੍ਰਿਤਸਰ ਲੋਕ ਸੰਪਰਕ ਅਧਿਕਾਰੀ ਸ ਇੰਦਰਜੀਤ ਸਿੰਘ ਹਰਪੁਰਾ ਦੀ ਤਰਫ਼ੋਂ ਫੋਨ ਉੱਤੇ ਹੀ ਇਸ ਸਬੰਧੀ ਸੂਚਿਤ ਕੀਤਾ ਗਿਆ ਸੀ। ਇਸ ਦੌਰਾਨ ਜਥੇਦਾਰ ਦੇ ਨਿਜੀ ਸਹਾਇਕ ਸ੍ ਬਗੀਚਾ ਸਿੰਘ ਨੇ ਪੱਤਰ ਜਾਰੀ ਕਰਕੇ ਮਨਜਿੰਦਰ ਸਿੰਘ ਗਿਆਸਪੁਰਾ ਤੋਂ ਇਲਾਵਾ ਬਾਕੀ ਸਾਰੇ ਆਗੂਆਂ ਨੂੰ 15 ਅਕਤੂਬਰ ਦੁਪਿਹਰ 12 ਵਜੇ ਨਿਜੀ ਤੌਰ ਤੇ ਪਹੁੰਚ ਕੇ ਸ਼ਪਸ਼ਟੀਕਰਨ ਦੇਣ ਲਈ ਕਿਹਾ ਹੈ।

## ਪਿੰਡ ਮਹਿਮਾ ਸਰਜਾ ਤੇ ਤੁੰਗਵਾਲੀ ਵਿਖੇ ਐਡਵੋਕੇਟ ਲੇਖਪ੍ਰੀਤ ਸਿੰਘ ਵਿੱਕੀ ਵੱਲੋਂ ਮੀਟਿੰਗਾਂ

### ਲੋਕਾਂ ਨਾਲ ਮੁਲਾਕਾਤ ਕਰਕੇ ਸਰਕਾਰ ਦੇ ਕੰਮਾਂ ਬਾਰੇ ਕੀਤਾ ਵਿਚਾਰ-ਵਟਾਂਦਰਾ

**ਭੁੱਚੋ ਮੰਡੀ, 12 ਅਕਤੂਬਰ (ਚਰਨਜੀਤ ਧੁਰਮੀ)** : ਵਿਧਾਨ ਸਭਾ ਹਲਕਾ ਭੁੱਚੋ ਮੰਡੀ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸੰਭਾਵੀ ਉਮੀਦਵਾਰ ਐਡਵੋਕੇਟ ਲੇਖਪ੍ਰੀਤ ਸਿੰਘ ਵਿੱਕੀ ਵੱਲੋਂ ਪਿੰਡ ਮਹਿਮਾ ਸਰਜਾ ਅਤੇ ਤੁੰਗਵਾਲੀ ਵਿਖੇ ਵੱਖ-ਵੱਖ ਮੀਟਿੰਗਾਂ ਕਰਕੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਇਲਾਕੇ ਦੀਆਂ ਸਮੱਸਿਆਵਾਂ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਬਾਰੇ ਗੱਲਬਾਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਲੇਖਪ੍ਰੀਤ ਸਿੰਘ ਵਿੱਕੀ ਨੇ ਕਿਹਾ ਕਿ ਉਨ੍ਹਾਂ ਨੂੰ ਹਲਕੇ ਦੇ ਪਿੰਡਾਂ ਵਿੱਚੋਂ ਲੋਕਾਂ ਦਾ ਭਰਪੂਰ ਪਿਆਰ ਅਤੇ ਮਾਣ-ਸਤਿਕਾਰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਹੁੰਗਾਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੰਮਾਂ ਪ੍ਰਤੀ ਲੋਕਾਂ ਦੀ ਪ੍ਰਤੀਕਿਰਿਆ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਸਰਕਾਰ ਦੀਆਂ ਨੀਤੀਆਂ ਤੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕਰ ਰਹੇ ਹਨ। ਇਸ ਨਾਲ ਲੋਕਾਂ ਨਾਲ ਸਿੱਧਾ ਸੰਪਰਕ ਮਜ਼ਬੂਤ ਕਰਨ ਅਤੇ ਉਨ੍ਹਾਂ ਦੇ ਵਿਚਾਰ ਜਾਣਨ ਦਾ ਮੌਕਾ ਮਿਲ ਰਿਹਾ ਹੈ। ਐਡਵੋਕੇਟ ਲੇਖਪ੍ਰੀਤ ਸਿੰਘ ਵਿੱਕੀ ਨੇ ਉਮੀਦ ਪ੍ਰਗਟਾਈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਅਤੇ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਵਜੋਂ ਦੇਖਣ ਲਈ ਆਪਣਾ ਸਮਰਥਨ ਦੇਣਗੇ।

**ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ ਨਾਇਬ ਤਹਿਸੀਲਦਾਰ ਮੂਨਕ ਜਿਲ੍ਹਾ ਸੰਗਰੂਰ।**

ਵਿਸ਼ਾ: ਮਾਲ ਰਿਕਾਰਡ ਵਿੱਚ ਨਾਮ ਦੀ ਦਰੁਸਤੀ ਕਰਵਾਉਣ ਸਬੰਧੀ ਦ/ਵ ਗੁਰਸੇਗਤ ਸਿੰਘ ਪੁੱਤ ਪ੍ਦੁਮਣ ਸਿੰਘ ਵਾਸੀ ਗੰਥਿਦਪੁਰਾ ਪਾਪੜਾ ਤਹਿਸੀਲ ਮੂਨਕ ਜਿਲ੍ਹਾ ਸੰਗਰੂਰ।

**ਇਸ਼ਤਿਹਾਰ ਨੰਟਿਸ**

ਉਪਰੋਕਤ ਵਿਸੇ ਸਬੰਧੀ ਦੇ ਸਬੰਧ ਵਿੱਚ ਗੁਰਸੇਗਤ ਸਿੰਘ ਪੁੱਤਰ ਪ੍ਦੁਮਣ ਸਿੰਘ ਵਾਸੀ ਗੰਥਿਦਪੁਰਾ ਪਾਪੜਾ ਤਹਿਸੀਲ ਮੂਨਕ ਜਿਲ੍ਹਾ ਸੰਗਰੂਰ ਵੱਲੋਂ ਇੱਕ ਦਰਖਾਸਤ ਪੇਸ਼ ਕੀਤੀ ਗਈ ਹੈ ਕਿ ਉਸਦਾ ਨਾਮ ਆਧਾਰ ਕਾਰਡ, ਅਤੇ ਵੋਟਰ ਕਾਰਡ ਵਿੱਚ ਗੁਰਸੇਗਤ ਸਿੰਘ ਪੁੱਤਰ ਪ੍ਦੁਮਣ ਸਿੰਘ ਵਾਸੀ ਗੰਥਿਦਪੁਰਾ ਪਾਪੜਾ ਦਰਜ ਹੈ। ਪੰਰਤੂ ਮਾਲ ਰਿਕਾਰਡ ਜਮਾਂਬੰਦੀ ਸਾਲ 2024-25 ਵਾਕਾ ਰਕਬਾ ਗੰਥਿਦਪੁਰਾ ਪਾਪੜਾ ਦੇ ਖਾਤਾ ਨੰ. 33/29 ਵਿੱਚ ਸੇਗਤ ਸਿੰਘ ਪੁੱਤਰ ਪਰਦਮਨ ਸਿੰਘ ਦਰਜ ਹੈ। ਇਸ ਇਸ਼ਤਿਹਾਰ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਸੇਗਤ ਸਿੰਘ ਉਰਫ ਪ੍ਦੁਮਣ ਸਿੰਘ ਦਰਜ ਕਰਨ ਵਿੱਚ ਕੋਈ ਇਤਰਾਜ ਹੈ ਤਾਂ ਉਹ ਇਹ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਮੂਲ ਦਸਤਾਵੇਜ ਅਤੇ ਵਕੀਲ ਰਾਂਹੀ ਆਪਣਾ ਇਤਰਾਜ ਪੇਸ਼ ਕਰ ਸਕਦਾ ਹੈ। ਨਿਸਚਿਤ ਸਮੇਂ ਤੋਂ ਬਾਅਦ ਕਿਸੇ ਵੀ ਵਿਅਕਤੀ ਦਾ ਇਤਰਾਜ ਨਹੀਂ ਸੁਣਿਆ ਜਾਵੇਗਾ ਅਤੇ ਮਾਲ ਰਿਕਾਰਡ ਵਿੱਚ ਰੂਲ 7.28 (2) ਵਿੱਚ ਦਰਸਾਏ ਮੁਤਾਬਿਕ ਪੁਰਾਣੇ ਨਾਂਅ ਦੇ ਨਾਲ ਨਾਲ ਨਵਾਂ ਦਰਜ ਕੀਤਾ ਜਾਵੇਗਾ। ਉਦਾਹਰਨ ਸੇਗਤ ਸਿੰਘ ਉਰਫ ਗੁਰਸੇਗਤ ਸਿੰਘ ਪੁੱਤਰ ਪਰਦਮਨ ਸਿੰਘ ਉਰਫ ਪ੍ਦੁਮਣ ਕੀਤਾ ਜਾਵੇਗਾ।
ਅੱਜ ਇਹ ਇਸ਼ਤਿਹਾਰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਮਿਤੀ 12-10-2026 ਨੂੰ ਜਾਰੀ ਕੀਤਾ ਗਿਆ।
**ਨੰ. 390-391/ਰੀਡਰ-2, ਮਿਤੀ 12-10-2026**
**ਸਹਾਇਕ ਕੁਲੈਕਟਰ ਦਰਜਾ ਪਹਿਲਾ, ਕਮ ਨਾਇਬ ਤਹਿਸੀਲਦਾਰ ਮੂਨਕ।**

# ਅੰਮ੍ਰਿਤਸਰ ਪੁਲਿਸ ਕਮਿਸ਼ਨਰ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਅੰਮ੍ਰਿਤਸਰ , 12 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਪੁਲਿਸ ਕਮਿਸ਼ਨਰ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਪੁਲਿਸ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੋ ਗਿਆ। ਸੂਚਨਾ ਮਿਲਦੇ ਹੀ ਪੁਲਿਸ ਨੇ ਕਮਿਸ਼ਨਰ ਦਫ਼ਤਰ, ਡੀਸੀ ਦਫ਼ਤਰ ਅਤੇ ਕੋਰਟ ਕੰਪਲੈਕਸ ਸਮੇਤ ਆਲੇ ਦੁਆਲੇ ਦੇ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਚਲਾਈ ਗਈ। ਇਸ ਮਾਮਲੇ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਡੀਸੀਪੀ ਆਪਰੇਸ਼ਨ ਜੁਗਰਾਜ ਸਿੰਘ ਨੇ ਦੱਸਿਆ ਕਿ ਅੱਜ ਸਵੇਰੇ ਅੰਮ੍ਰਿਤਸਰ ਪੁਲਿਸ ਕਮਿਸ਼ਨਰ ਤੇ ਐਡਰੈਸ ਤੇ ਇੱਕ ਈਮੇਲ ਪ੍ਰਾਪਤ ਹੋਈ ਸੀ, ਜਿਸ ਤੋਂ ਬਾਅਦ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਵੱਲੋਂ ਐਂਟੀ-ਸੈਬੋਤਾਜ ਟੀਮ ਵੱਲੋਂ ਜਾਂਚ ਕਰਵਾਈ ਗਈ। ਤਲਾਸ਼ੀ ਦੌਰਾਨ ਕੋਈ ਵੀ ਸ਼ੱਕੀ ਵਸਤੂ ਜਾਂ ਗਤੀਵਿਧੀ ਸਾਹਮਣੇ ਨਹੀਂ ਆਈ ਅਤੇ ਮਾਹੌਲ ਪੂਰੀ ਤਰ੍ਹਾਂ ਸ਼ਾਂਤਮਈ ਹੈ। ਉਨ੍ਹਾਂ ਕਿਹਾ ਕਿ ਸ਼ਹਿਰ, ਸੂਬੇ ਅਤੇ ਦੇਸ਼ ਦਾ ਅਮਨ-ਕਾਨੂੰਨ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਸ਼ਰਾਰਤੀ ਅਨਸਰ ਅਜਿਹੀਆਂ ਧਮਕੀਆਂ ਦਿੰਦੇ ਹਨ, ਪਰ ਪੁਲਿਸ ਵੱਲੋਂ ਹਰ ਇਨਪੁੱਟ ਨੂੰ ਪੂਰੀ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੁਲਿਸ ਕਮਿਸ਼ਨਰ ਦੇ ਨਿਰਦੇਸ਼ਾਂ ਅਨੁਸਾਰ ਸੁਰੱਖਿਆ ਪ੍ਰਬੰਧਾਂ ਦੀ ਨਿਰੰਤਰ ਸਮੀਖਿਆ ਕੀਤੀ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਆਉਣ ਵਾਲੇ ਤਿਉਹਾਰਾਂ ਦੇ ਮੌਸਮ ਦੇ ਮੱਦੇਨਜ਼ਰ ਸ਼ਹਿਰ ਭਰ ਵਿੱਚ ਸੁਰੱਖਿਆ ਹੋਰ ਮਜ਼ਬੂਤ ਕੀਤੀ ਜਾਵੇਗੀ ਅਤੇ ਅਚਨਚੇਤ (ਸਰਪ੍ਰਾਈਜ਼) ਚੈਕਿੰਗਾਂ ਜਾਰੀ ਰਹਿਣਗੀਆਂ।

## ਸਫ਼ਾ ਇੱਕ ਦੀਆਂ ਬਾਕੀ...

### ਸੀਐਮ ਮਾਨ ਦੇ ਵਿਵਾਦਤ.....

ਨਿਰਧਾਰਤ ਸਿੱਟਿਆਂ ਦੇ ਅਨੁਸਾਰ, ਵੀਡੀਓ ਨਾਲ ਸਬੰਧਤ ਸਾਰੇ ਦੋਸ਼ਾਂ ਨੂੰ ਗਲਤ ਸਾਬਤ ਕਰਨ ਦੀ ਕੋਸ਼ਿਸ਼ ਕਰੇਗੀ। ਸ਼ਿਕਾਇਤਕਰਤਾ ਦੀ ਬਾਅਦ ਵਿੱਚ ਕੀਤੀ ਗਈ ਤੱਥ-ਖੋਜ ਜਾਂਚ ਨੇ ਸਬੰਧਤ ਸੰਸਥਾਵਾਂ ਅਤੇ ਰਿਪੋਰਟਾਂ ਦੀ ਭਰੋਸੇਯੋਗਤਾ ਬਾਰੇ ਗੰਭੀਰ ਸ਼ੱਕ ਪੈਦਾ ਕੀਤੇ ਸਨ। ਜਦੋਂ ਸ਼ਿਕਾਇਤਕਰਤਾ ਨੇ ਇਤਰਾਜ਼ ਕੀਤਾ, ਤਾਂ ਉਸਨੂੰ ਕਥਿਤ ਤੌਰ 'ਤੇ ਧਮਕੀ ਦਿੱਤੀ ਗਈ ਅਤੇ ਮਾਮਲਾ ਜਨਤਕ ਨਾ ਕਰਨ ਲਈ ਦਬਾਅ ਪਾਇਆ ਗਿਆ ਸੀ। ਦੱਸਣਯੋਗ ਹੈ ਕਿ ਜਨਵਰੀ ਮਹੀਨੇ 'ਚ ਸੀਐਮ ਭਗਵੰਤ ਮਾਨ ਨੂੰ ਸ

# ਪਾਵਰ ਲਿਫਟਿੰਗ ਵਰਲਡ ਕੱਪ 'ਚ ਦੀਦਾਰ ਸਿੰਘ ਨੇ ਜਿੱਤਿਆ ਗੋਲਡ ਮੈਡਲ

**ਗੁਰਦਾਸਪੁਰ, 12 ਅਕਤੂਬਰ (ਗੁਲਸ਼ਨ ਕੁਮਾਰ ਰਣੀਆਂ):** ਪਾਵਰਲਿਫਟਿੰਗ ਵਰਲਡ ਕੱਪ ਜੋ ਨੇਪਾਲ ਵਿੱਚ ਡਬਲਿਊ ਆਰ ਪੀ ਸੀ ਵਲੋਂ ਕਰਵਾਇਆ ਗਿਆ ਸੀ, ਜਿਸ ਵਿੱਚ ਦੀਦਾਰ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਜਿੱਤ ਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ ।ਦੀਦਾਰ ਸਿੰਘ ਸਾਬਕਾ ਏ ਐੱਸ ਆਈ ਪੰਜਾਬ ਪੁਲਿਸ ਅਧਿਕਾਰੀ ਨੇ ਦੱਸਿਆ 9 ਤੋਂ 11 ਅਕਤੂਬਰ ਨੂੰ ਨੇਪਾਲ ਵਿਖੇ ਪਾਵਰ ਲਿਫਟਿੰਗ ਵਰਲਡ ਕੱਪ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਪ੍ਰਧਾਨ ਗੁਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਪੰਜਾਬ ਟੀਮ ਪਹੁੰਚੀ ਸੀ ਅਤੇ ਉਨ੍ਹਾਂ ਨੇ ਭਾਗ ਲਿਆ ਅਤੇ ਆਪਣੀ ਕੈਟਾਗਰੀ ਵਿੱਚ ਪਹਿਲਾ ਸਥਾਨ ਹਾਸਿਲ ਕਰਕੇ ਗੋਲਡ ਮੈਡਲ ਜਿੱਤਿਆ, ਜਿਸ ਨਾਲ ਭਾਰਤ, ਪੰਜਾਬ ਅਤੇ ਪਿੰਡ ਸੇਖਵਾਂ ਦਾ ਨਾਮ ਰੋਸ਼ਨ ਕੀਤਾ ਇਸ ਮੌਕੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਉੱਪ ਪ੍ਰਧਾਨ ਆਪ ਪੰਜਾਬ ਨੇ ਦੀਦਾਰ ਸਿੰਘ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਦੀਦਾਰ ਸਿੰਘ ਦੀ ਇਹ ਜਿੱਤ ਉਨ੍ਹਾਂ ਦੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਦਾ ਨਤੀਜਾ ਹੈ ਉਨ੍ਹਾਂ ਕਿਹਾ ਕਿ ਪਾਵਰਲਿਫਟਿੰਗ ਇੱਕ ਅਜਿਹੀ ਖੇਡ ਹੈ, ਜਿਸ ਵਿੱਚ ਖਿਡਾਰੀ ਨੂੰ ਆਪਣੀ ਸਰੀਰਕ ਤਾਕਤ ਦੇ ਨਾਲ-ਨਾਲ ਮਾਨਸਿਕ ਦ੍ਰਿੜ੍ਹਤਾ ਅਤੇ ਲਗਾਤਾਰ ਅਭਿਆਸ ਦੀ ਵੀ ਲੋੜ ਹੁੰਦੀ ਹੈ। ਦੀਦਾਰ ਸਿੰਘ ਨੇ ਆਪਣੀ ਮਿਹਨਤ ਸਦਕਾ ਇਸ ਅੰਤਰਰਾਸ਼ਟਰੀ ਮੁਕਾਬਲੇ ਵਿੱਚ ਸੋਨ ਤਮਗਾ ਜਿੱਤ ਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ।ਦੀਦਾਰ ਸਿੰਘ ਦੀ ਇਸ ਪ੍ਰਾਪਤੀ 'ਤੇ ਖੇਡ ਪ੍ਰੇਮੀਆਂ ਅਤੇ ਸ਼ੁਭਚਿੰਤਕਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੀ ਜਿੱਤ ਹੋਰਨਾਂ ਨੌਜਵਾਨਾਂ ਲਈ ਵੀ ਪ੍ਰੇਰਣਾ ਦਾ ਸਰੋਤ ਹੈ। ਇਹ ਪ੍ਰਾਪਤੀ ਦਰਸਾਉਂਦੀ ਹੈ ਕਿ ਸਖ਼ਤ ਮਿਹਨਤ, ਲਗਨ ਅਤੇ ਦ੍ਰਿੜ੍ਹ ਇਰਾਦੇ ਨਾਲ ਵੱਡੀਆਂ ਮੰਜ਼ਿਲਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ।

# ਗੁਰੂ ਨਾਨਕ ਕਾਲਜੀਏਟ ਸਕੂਲ ਦੀ ਵਿਦਿਆਰਥਣ ਏਕਮਦੀਪ ਕੌਰ ਨੇ ਜਿੱਤੇ ਸੋਨ ਤਗਮੇ

**ਸ੍ਰੀ ਮੁਕਤਸਰ ਸਾਹਿਬ, 12 ਅਕਤੂਬਰ (ਆਦੇਸ਼):** ਗੁਰੂ ਨਾਨਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਬਾਦਲ ਵਿਖੇ ਕਰਵਾਈ ਗਈ ਜ਼ਿਲ੍ਹਾ ਸਕੂਲ ਅਥਲੈਟਿਕ ਮੀਟ ਵਿੱਚ ਭਾਗ ਲਿਆ। ਇਸ ਦੌਰਾਨ ਸਕੂਲ ਦੀ 11ਵੀਂ ਜਮਾਤ ਦੀ ਵਿਦਿਆਰਥਣ ਏਕਮਦੀਪ ਕੌਰ ਨੇ ਡਿਸਕਸ ਥਰੋ ਅਤੇ ਸ਼ਾਟ ਪੁੱਟ ਦੇ ਮੁਕਾਬਲਿਆਂ ਵਿੱਚ ਸੋਨ ਤਗਮੇ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥਣ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਪ੍ਰੋ. ਸਰਬਜੀਤ ਕੌਰ ਅਤੇ ਲੋਕਲ ਮੈਨੇਜਿੰਗ ਕਮੇਟੀ ਦੇ ਵਧੀਕ ਸਕੱਤਰ ਸਰਦਾਰ ਮਨਜੀਤ ਸਿੰਘ ਬਰਕੰਦੀ ਨੇ ਉਸ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ, ਕਿਉਂਕਿ ਖੇਡਾਂ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਪ੍ਰਿੰਸੀਪਲ ਪ੍ਰੋ. ਸਰਬਜੀਤ ਕੌਰ ਨੇ ਫਿਜ਼ੀਕਲ ਐਜੂਕੇਸ਼ਨ ਅਧਿਆਪਕਾ ਮੈਡਮ ਸੁਰਿੰਦਰ ਕੌਰ ਨੂੰ ਵੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕਰਨਾ ਬਹੁਤ ਜ਼ਰੂਰੀ ਹੈ, ਤਾਂ ਜੋ ਉਹ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਆਪਣਾ ਭਵਿੱਖ ਰੌਸ਼ਨ ਕਰ ਸਕਣ।

# ਹਲਕਾ ਲਹਿਰਾ ਦੇ ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਦੇਣ 'ਤੇ ਬਰਿੰਦਰ ਕੁਮਾਰ ਗੋਇਲ ਵੱਲੋਂ ਸੀਐਮ ਮਾਨ ਦਾ ਧੰਨਵਾਦ

**ਮੂਨਕ/ਲਹਿਰਾ, 12 ਅਕਤੂਬਰ (ਸਾਹਿਬ ਸਿੰਘ ਖੁਰਾਣਾ/ਮਨਪ੍ਰੀਤ ਕੌਰ ਸੇਣੀ):** ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਵਿਧਾਨ ਸਭਾ ਹਲਕਾ ਲਹਿਰਾ ਦੇ ਪਿੰਡ ਬੱਲਰਾਂ ਅਤੇ ਲਹਿਲ ਖੁਰਦ ਦੇ ਵਿਕਾਸ ਲਈ ਕੁੱਲ 60 ਲੱਖ ਰੁਪਏ ਦੀਆਂ ਗ੍ਰਾਂਟਾਂ ਦੇਣ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਪਿੰਡ ਬੱਲਰਾਂ ਵਿਖੇ ਹੋਈ ਲੋਕ ਮਿਲਣੀ ਦੌਰਾਨ ਮੁੱਖ ਮੰਤਰੀ ਵੱਲੋਂ ਬੱਲਰਾਂ ਲਈ 35 ਲੱਖ ਰੁਪਏ ਅਤੇ ਗੁਆਂਢੀ ਪਿੰਡ ਲਹਿਲ ਖੁਰਦ ਲਈ 25 ਲੱਖ ਰੁਪਏ ਦੇ ਗ੍ਰਾਂਟ ਚੈੱਕ ਸੌਂਪਣ ਨਾਲ ਦੋਵਾਂ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹਲਕਾ ਲਹਿਰਾ ਦੇ ਪਿੰਡਾਂ ਦੀਆਂ ਜ਼ਰੂਰਤਾਂ ਨੂੰ ਤਰਜੀਹ ਦੇਣ ਅਤੇ ਵਿਕਾਸ ਲਈ ਵਿੱਤੀ ਸਹਾਇਤਾ ਮੁਹੱਈਆ ਕਰਵਾਉਣ ਨਾਲ ਇਲਾਕੇ ਦੇ ਲੋਕਾਂ ਦਾ ਸਰਕਾਰ ਪ੍ਰਤੀ ਭਰੋਸਾ ਹੋਰ ਮਜ਼ਬੂਤ ਹੋਇਆ ਹੈ।ਬਰਿੰਦਰ ਕੁਮਾਰ ਗੋਇਲ ਨੇ ਕਿਹਾ, "ਮੈਂ ਸਮੂਹ ਹਲਕਾ ਵਾਸੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕਰਦਾ ਹਾਂ। ਉਨ੍ਹਾਂ ਨੇ ਪਿੰਡ ਬੱਲਰਾਂ ਵਿੱਚ ਪਹੁੰਚ ਕੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਬੱਲਰਾਂ ਤੇ ਲਹਿਲ ਖੁਰਦ ਦੇ ਵਿਕਾਸ ਲਈ ਗ੍ਰਾਂਟਾਂ ਦੇ ਕੇ ਪੇਂਡੂ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ ਹੈ। ਗ੍ਰਾਂਟਾਂ ਦੇ ਰੂਪ ਵਿਚ ਕੀਤੀ ਇਹ ਪਹਿਲਕਦਮੀ ਪਿੰਡਾਂ ਦੀਆਂ ਲੋੜਾਂ ਅਨੁਸਾਰ ਕੰਮ ਅੱਗੇ ਵਧਾਉਣ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਵਿੱਚ ਅਹਿਮ ਯੋਗਦਾਨ ਪਾਵੇਗੀ। ਉਨ੍ਹਾਂ ਕਿਹਾ ਕਿ ਹਲਕਾ ਲਹਿਰਾ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਤਰਜੀਹ ਹੈ ਅਤੇ ਪਿੰਡਾਂ ਵਿੱਚ ਸੜਕਾਂ, ਗਲੀਆਂ, ਪਾਣੀ ਦੀ ਨਿਕਾਸੀ, ਸਾਫ਼-ਸਫ਼ਾਈ ਅਤੇ ਹੋਰ ਸਾਂਝੀਆਂ ਸਹੂਲਤਾਂ ਨਾਲ ਸਬੰਧਤ ਲੋੜਾਂ ਨੂੰ ਪੂਰਾ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਚਾਇਤਾਂ ਅਤੇ ਸਬੰਧਤ ਵਿਭਾਗਾਂ ਦੇ ਤਾਲਮੇਲ ਨਾਲ ਵਿਕਾਸ ਕਾਰਜਾਂ ਨੂੰ ਅੱਗੇ ਵਧਾਇਆ ਜਾਵੇਗਾ ਅਤੇ ਜਾਰੀ ਗ੍ਰਾਂਟਾਂ ਦੀ ਪਾਰਦਰਸ਼ੀ ਤੇ ਸੁਚੱਜੀ ਵਰਤੋਂ ਯਕੀਨੀ ਬਣਾਉਣ ਦੇ ਨਾਲ ਉਸਾਰੀ ਦੀ ਗੁਣਵੱਤਾ ਅਤੇ ਸਮੇਂ ਸਿਰ ਕੰਮ ਮੁਕੰਮਲ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ਉਨ੍ਹਾਂ ਕਿਹਾ ਕਿ ਲੋਕ ਮਿਲਣੀ ਵਰਗੇ ਪ੍ਰੋਗਰਾਮ ਲੋਕਾਂ ਅਤੇ ਸਰਕਾਰ ਵਿਚਕਾਰ ਸਿੱਧੇ ਸੰਵਾਦ ਦਾ ਅਹਿਮ ਮਾਧਿਅਮ ਹਨ। ਇਨ੍ਹਾਂ ਰਾਹੀਂ ਲੋਕਾਂ ਦੀਆਂ ਮੁਸ਼ਕਿਲਾਂ, ਸੁਝਾਵਾਂ ਅਤੇ ਇਲਾਕੇ ਦੀਆਂ ਲੋੜਾਂ ਬਾਰੇ ਜਾਣਕਾਰੀ ਮਿਲਦੀ ਹੈ, ਜਿਸ ਨਾਲ ਵਿਕਾਸ ਕਾਰਜਾਂ ਦੀਆਂ ਤਰਜੀਹਾਂ ਨਿਰਧਾਰਤ ਕਰਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਵੱਲ ਕੰਮ ਕਰਨ ਵਿੱਚ ਮਦਦ ਮਿਲਦੀ ਹੈ।

# ਹਰਸਿਮਰਤ ਕੌਰ ਨੇ 5 ਸੋਨੇ ਦੇ ਤਗਮੇ ਜਿੱਤ ਕੇ ਮਾਤਾ ਗੁਜਰੀ ਸਕੂਲ, ਦੇਵੀਗੜ੍ਹ ਦਾ ਨਾਮ ਰੌਸ਼ਨ ਕੀਤਾ

**ਸਨੌਰ /ਦੇਵੀਗੜ੍ਹ, 12 ਅਕਤੂਬਰ (ਰਾਜਿੰਦਰ ਸਿੰਘ ਥਿੰਦ):** ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁੱਥਮੜਾ ਦੀ ਨੌਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਹਰਸਿਮਰਤ ਕੌਰ ਨੇ ਓਪਨ ਜੂਨੀਅਰ ਜ਼ਿਲ੍ਹਾ ਅਥਲੈਟਿਕਸ ਮੀਟ-ਪਟਿਆਲਾ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੈਂਟਾਥਲਨ ਮੁਕਾਬਲੇ ਵਿੱਚ ਪੰਜ ਸੋਨੇ ਦੇ ਤਗਮੇ ਜਿੱਤ ਕੇ ਸਕੂਲ ਦਾ ਮਾਣ ਵਧਾਇਆ। ਇਹ ਮੁਕਾਬਲਾ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਕਰਵਾਇਆ ਗਿਆ। ਹਰਸਿਮਰਤ ਕੌਰ ਨੇ 60 ਮੀਟਰ ਦੌੜ, 80 ਮੀਟਰ ਹਰਡਲਜ਼ ਦੌੜ, 600 ਮੀਟਰ ਦੌੜ, ਸ਼ਾਟ ਪੁੱਟ ਅਤੇ ਲੰਬੀ ਛਾਲ ਵਿੱਚ ਸੋਨੇ ਦੇ ਤਗਮੇ ਜਿੱਤੇ। ਇਸ ਸ਼ਾਨਦਾਰ ਪ੍ਰਾਪਤੀ ਦੇ ਆਧਾਰ 'ਤੇ ਉਸ ਨੇ 20ਵੀਂ ਨੈਸ਼ਨਲ ਇੰਟਰ-ਡਿਸਟ੍ਰਿਕਟ ਜੂਨੀਅਰ ਐਥਲੈਟਿਕਸ ਮੀਟ-2026 ਲਈ ਕੁਆਲੀਫਾਈ ਕੀਤਾ ਹੈ, ਜੋ ਵੋਕਸਨ ਯੂਨੀਵਰਸਿਟੀ, ਕਮਕੋਲੇ, ਸਦਾਸ਼ਿਵਪੇਟ, ਹੈਦਰਾਬਾਦ, ਤੇਲੰਗਾਨਾ ਵਿਖੇ ਹੋਵੇਗੀ। ਸਕੂਲ ਦੇ ਡਾਇਰੈਕਟਰ ਸ. ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਵਿਦਿਆਰਥਣ, ਉਸ ਦੇ ਮਾਪਿਆਂ ਅਤੇ ਕੋਚ ਹਿਮਾਂਸ਼ੂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਫਲਤਾ ਵਿਦਿਆਰਥਣ ਦੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਕੋਚ ਦੀ ਯੋਗ ਅਗਵਾਈ ਦਾ ਨਤੀਜਾ ਹੈ। ਉਨ੍ਹਾਂ ਨੇ ਹਰਸਿਮਰਤ ਕੌਰ ਨੂੰ ਕੌਮੀ ਪੱਧਰ ਦੇ ਮੁਕਾਬਲੇ ਲਈ ਸ਼ੁਭਕਾਮਨਾਵਾਂ ਦਿੱਤੀਆਂ। ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁੱਥਮੜਾ ਨੇ ਇਸ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦਿਆਂ ਵਿਦਿਆਰਥਣ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਅੰਨਦਾਤੇ ਦੀ ਮਿਹਨਤ ਦਾ ਮੁੱਲ ਦਿਵਾਉਣਾ ਸਰਕਾਰ ਦੀ ਜ਼ਿੰਮੇਵਾਰੀ: ਬਲਕਾਰ ਸਿੱਧੂ

**ਭਗਤਾ ਭਾਈਕਾ, 12 ਅਕਤੂਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ):** ਝੋਨੇ ਦੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਮੰਡੀਆਂ ਵਿੱਚ ਸੁਚਾਰੂ ਪ੍ਰਬੰਧ ਮੁਹੱਈਆ ਕਰਵਾਉਣ ਦੇ ਮੱਦੇਨਜ਼ਰ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਭਗਤਾ ਭਾਈ ਕਾ ਦੀ ਦਾਣਾ ਮੰਡੀ ਵਿਖੇ ਝੋਨੇ ਦੀ ਖਰੀਦ ਸ਼ੁਰੂ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਅੰਨਦਾਤੇ ਦੀ ਦਿਨ-ਰਾਤ ਦੀ ਮਿਹਨਤ ਦਾ ਸਹੀ ਮੁੱਲ ਮਿਲਣਾ ਚਾਹੀਦਾ ਹੈ ਅਤੇ ਫ਼ਸਲ ਦੀ ਖਰੀਦ ਵਿੱਚ ਕਿਸਾਨਾਂ ਨੂੰ ਬੇਲੋੜੀ ਖੱਜਲ-ਖੁਆਰੀ ਨਹੀਂ ਹੋਣੀ ਚਾਹੀਦੀ।ਵਿਧਾਇਕ ਨੇ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਖਰੀਦ, ਲਿਫਟਿੰਗ ਅਤੇ ਅਦਾਇਗੀ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਈ ਰੱਖਣਾ ਬੇਹੱਦ ਅਹਿਮ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ ਅਤੇ ਮੰਡੀ ਵਿੱਚ ਲੋੜੀਂਦੇ ਪ੍ਰਬੰਧਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਉਨ੍ਹਾਂ ਕਿਹਾ ਕਿ ਕਿਸਾਨ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੀ ਮਿਹਨਤ ਦਾ ਸਤਿਕਾਰ ਕਰਨਾ ਸਾਰਿਆਂ ਦੀ ਜ਼ਿੰਮੇਵਾਰੀ ਹੈ। ਸਰਕਾਰ ਦਾ ਉਦੇਸ਼ ਹੈ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਸੁਖਾਵਾਂ ਮਾਹੌਲ ਮਿਲੇ ਅਤੇ ਖਰੀਦ ਪ੍ਰਕਿਰਿਆ ਬਿਨਾਂ ਕਿਸੇ ਰੁਕਾਵਟ ਦੇ ਨੇਪਰੇ ਚੜ੍ਹੇ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ ਦੀਆਂ ਮੁਸ਼ਕਲਾਂ ਸੁਣਨ ਅਤੇ ਖਰੀਦ ਸੀਜ਼ਨ ਦੌਰਾਨ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕਣ 'ਤੇ ਜ਼ੋਰ ਦਿੱਤਾ।

# ਮਹਿਲਾ ਦੀ ਇਲਾਜ ਦੌਰਾਨ ਮੌਤ ਦੇ ਮਾਮਲੇ 'ਚ ਮੁਲਜ਼ਮ ਕਾਬੂ

**ਨਥਾਣਾ/ਭੁੱਚੋ ਮੰਡੀ, 12 ਅਕਤੂਬਰ (ਅਭਿਸ਼ੇਕ ਜੋੜਾ/ਚਰਨਜੀਤ ਖੁਰਮੀ):** ਥਾਣਾ ਨਥਾਣਾ ਦੀ ਪੁਲਿਸ ਨੇ ਇਕ ਮਹਿਲਾ ਨੂੰ ਜ਼ਖ਼ਮੀ ਕਰਨ ਤੋਂ ਬਾਅਦ ਉਸ ਦੀ ਇਲਾਜ ਦੌਰਾਨ ਹੋਈ ਮੌਤ ਦੇ ਮਾਮਲੇ ਵਿੱਚ ਮੁਲਜ਼ਮ ਨੂੰ ਬਠਿੰਡਾ ਦੀ ਕੈਂਟ ਰੋਡ ਤੋਂ ਗ੍ਰਿਫ਼ਤਾਰ ਕਰਨ ਦਾ ਦਾਅਵਾ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅਮਨਦੀਪ ਸਿੰਘ ਵਾਸੀ ਪਿੰਡ ਗੰਗਾ ਅਤੇ ਸਿਮਰਜੀਤ ਕੌਰ ਪਤਨੀ ਰਵਿੰਦਰ ਸਿੰਘ ਵਾਸੀ ਜ਼ਿਲ੍ਹਾ ਮੋਗਾ ਪਿਛਲੇ ਕਰੀਬ 10 ਸਾਲਾਂ ਤੋਂ ਇਕ-ਦੂਜੇ ਦੇ ਸੰਪਰਕ ਵਿੱਚ ਸਨ। ਦੱਸਿਆ ਜਾਂਦਾ ਹੈ ਕਿ ਅਮਨਦੀਪ ਸਿੰਘ ਉਰਫ਼ ਅਮਨਾ ਕਥਿਤ ਤੌਰ 'ਤੇ ਸਿਮਰਜੀਤ ਕੌਰ ਤੋਂ ਪਿੱਛਾ ਛੁਡਵਾਉਣਾ ਚਾਹੁੰਦਾ ਸੀ। ਇਸੇ ਦੌਰਾਨ ਉਸ ਨੇ ਕਥਿਤ ਤੌਰ 'ਤੇ ਸਿਮਰਜੀਤ ਕੌਰ ਨੂੰ ਜ਼ਖ਼ਮੀ ਕਰ ਦਿੱਤਾ, ਜਿਸ ਦੀ ਬਾਅਦ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਘਟਨਾ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਿਆ ਸੀ। ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਥਾਣਾ ਨਥਾਣਾ ਦੇ ਐੱਸ.ਐੱਚ.ਓ. ਜਗਦੀਪ ਸਿੰਘ ਅਤੇ ਪੁਲਿਸ ਟੀਮ ਨੇ ਮੁਲਜ਼ਮ ਨੂੰ ਬਠਿੰਡਾ ਦੀ ਕੈਂਟ ਰੋਡ ਤੋਂ ਕਾਬੂ ਕਰ ਲਿਆ। ਐੱਸ.ਐੱਚ.ਓ. ਜਗਦੀਪ ਸਿੰਘ ਨੇ ਦੱਸਿਆ ਕਿ ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਐੱਨ.ਡੀ.ਪੀ.ਐੱਸ. ਐਕਟ ਤਹਿਤ ਕਰੀਬ 10 ਮੁਕੱਦਮੇ ਦਰਜ ਹਨ। ਉਨ੍ਹਾਂ ਦੱਸਿਆ ਕਿ ਪੁਲਿਸ ਵੱਲੋਂ ਮਾਮਲੇ ਦੀ ਅਗਲੇਰੀ ਜਾਂਚ ਅਤੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

# ਪਰਗਟ ਸਿੰਘ ਦੀ ਪ੍ਰਧਾਨ ਵਜੋਂ ਨਿਯੁਕਤੀ ਨਾਲ ਕਾਂਗਰਸ ਨੂੰ ਮਿਲੇਗੀ ਨਵੀਂ ਊਰਜਾ : ਢਿੱਲਵਾਂ

**ਕੋਟਕਪੂਰਾ, 12 ਅਕਤੂਬਰ (ਗੁਰਪ੍ਰੀਤ ਸਿੰਘ ਔਲਖ) :** ਕਾਂਗਰਸ ਹਾਈਕਮਾਂਡ ਵੱਲੋਂ ਸਾਬਕਾ ਭਾਰਤੀ ਹਾਕੀ ਕਪਤਾਨ ਅਤੇ ਜਲੰਧਰ ਕੈਂਟ ਤੋਂ ਲਗਾਤਾਰ ਵਿਧਾਇਕ ਚੁਣੇ ਆ ਰਹੇ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਨਵਾਂ ਪ੍ਰਧਾਨ ਨਿਯ

# ਪੰਜਾਬ ਸਰਕਾਰ ਨੇ ਨੰਬਰਦਾਰਾਂ ਨਾਲ ਫਿਰ ਕੀਤਾ ਧੋਖਾ, ਮੰਗਾਂ ਨੂੰ ਜਲਦੀ ਮੰਨੇ ਜਾਣ ਨੂੰ ਲੈ ਕੇ ਲਾਇਆ ਲਾਰੇ ਤੇ ਲਾਰਾ

ਜਲੰਧਰ (ਪਰਮਜੀਤ ਸਿੰਘ) ਪੰਜਾਬ ਨੰਬਰਦਾਰ ਯੂਨੀਅਨ (643) ਦੇ ਜਲੰਧਰ ਇਕਾਈ ਦੀ ਜਲੰਧਰ ਦੇ ਤਹਿਸੀਲ ਕੰਪਲੈਕਸ ਵਿਖੇ ਇੱਕ ਮੀਟਿੰਗ ਹੋਈ ਜਿਸ ਵਿੱਚ ਨੰਬਰਦਾਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਗਈ, ਇਸ ਮੌਕੇ ਤੇ ਨੰਬਰਦਾਰ ਯੂਨੀਅਨ ਪੰਜਾਬ ਦੇਮਿਲ ਮੁੱਖ ਬੁਲਾਰੇ ਚਰਨਜੀਤ ਸਿੰਘ ਵੀ ਮੌਜੂਦ ਸਨ ਇਸ ਮੌਕੇ ਤੇ ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਨੰਬਰਦਾਰਾਂ ਨਾਲ ਲਾਰੇ ਤੇ ਲਾਰਾ ਲਾ ਕੇ ਧੋਖਾ ਕੀਤਾ ਜਾ ਰਿਹਾ ਹੈ ਉਹਨਾਂ ਨੇ ਕਿਹਾ ਕਿ ਲੰਬਰਦਾਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਜਥੇਬੰਦੀ ਪਿਛਲੇ ਸਾਢੇ ਚਾਰ ਸਾਲਾਂ ਤੋਂ ਸੰਘਰਸ਼ ਕਰਦੀ ਆ ਰਹੀ ਹੈ ਅਤੇ ਪੰਜਾਬ ਸਰਕਾਰ ਨਾਲ ਆਪਣੀਆਂ ਮੰਗਾਂ ਨੂੰ ਲੈ ਕੇ ਜਿੱਥੇ ਪੰਜਾਬ ਦੇ ਕੈਬਨਟ ਮੰਤਰੀਆਂ ਨੂੰ ਅਤੇ ਐਮਐਲਏ ਨੂੰ ਕਈ ਵਾਰ ਆਪਣੇ ਮੰਗਾਂ ਸਬੰਧੀ ਮੰਗ ਪੱਤਰ ਵੀ ਦੇ ਚੁੱਕੀ ਹੈ ਪਰ ਸਰਕਾਰ ਨੇ ਸਾਢੇ ਚਾਰ ਸਾਲ ਬੀਤਣ ਜਾਣ ਦੇ ਬਾਅਦ ਵੀ ਨੰਬਰਦਾਰਾਂ ਦੀਆਂ ਹੱਕੀ ਮੰਗਾਂ ਨੂੰ ਨਹੀਂ ਮੰਨਿਆ ਅਤੇ ਹਰ ਵਾਰ ਨੰਬਰਦਾਰਾਂ ਦੀਆਂ ਹੱਕੀ ਮੰਗਾਂ ਨੂੰ ਅਣਗੌਲਿਆ ਕੀਤਾ ਗਿਆ ਇਸ ਮੌਕੇ ਤੇ ਉਹਨਾਂ ਨੇ ਕਿਹਾ ਕਿ ਪੰਜਾਬ ਨੰਬਰਦਾਰ ਯੂਨੀਅਨ 643 ਦੁਆਰਾ ਪੰਜਾਬ ਦੇ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਪੰਜਾਬ ਦੇ ਸਮੂਹ ਲੰਬੜਦਾਰਾਂ ਨੇ ਇੱਕ ਸ਼ਾਂਤਮਈ ਰੋਸ ਮਾਰਚ ਵੀ ਕੀਤਾ ਅਤੇ ਸਰਕਾਰ ਤੱਕ ਆਪਣੀ ਗੱਲ ਰੱਖਣ ਲਈ ਪੰਜਾਬ ਦੇ ਕੈਬਨਟ ਮੰਤਰੀ ਅਮਨ ਅਰੋੜਾ ਨਾਲ ਮੀਟਿੰਗ ਵੀ ਕੀਤੀ ਉਹਨਾਂ ਨੇ ਕਿਹਾ ਕਿ ਪੰਜ ਤਰੀਕ ਦੇ ਰੋਸ ਧਰਨੇ ਦੇ ਦੌਰਾਨ ਪ੍ਰਸ਼ਾਸਨ ਨੇ ਮੁੱਖ ਮੰਤਰੀ ਨਾਲ ਮੀਟਿੰਗ ਕਰਨ ਦਾ ਆਸ਼ਵਾਸਨ ਦਿੱਤਾ ਸੀ ਲੇਕਿਨ ਜਦੋਂ ਨੰਬਰਦਾਰ ਯੂਨੀਅਨ ਦੇ ਨੁਮਾਇੰਦੇ ਚੰਡੀਗੜ੍ਹ ਪਹੁੰਚੇ ਤਾਂ ਉਨਾਂ ਦੀ ਅਮਨ ਅਰੋੜਾ ਨਾਲ ਮੀਟਿੰਗ ਕਰਵਾ ਦਿੱਤੀ ਗਈ ਜਿੱਥੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਟ ਮੰਤਰੀ ਅਮਨ ਅਰੋੜਾ ਨੇ ਜਥੇਬੰਦੀ ਦੇ ਕਾਰਜਕਾਰੀ ਪ੍ਰਧਾਨ ਅਤੇ ਪੰਜਾਬ ਬਾਡੀ ਦੇ ਪਹੁੰਚੇ ਹੋਏ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਇਹ ਭਰੋਸਾ ਦਿੱਤਾ ਕਿ ਸ਼ਾਮ ਤੱਕ ਸੀਐਮ ਸਾਹਿਬ ਨਾਲ ਮੀਟਿੰਗ ਕਰਕੇ ਤੁਹਾਡੀਆਂ ਮੰਗਾਂ ਮੰਨ ਲਈਆਂ ਜਾਣਗੀਆਂ ਲੇਕਿਨ ਇੱਕ ਹਫਤੇ ਤੋਂ ਉੱਪਰ ਦਿਨ ਬੀਤਣ ਦੇ ਬਾਅਦ ਵੀ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਹਾਲੇ ਤੱਕ ਪੰਜਾਬ ਦੀ ਬਾਡੀ ਦੇ ਨੁਮਾਇੰਦਿਆਂ ਨੂੰ ਹਾਲੇ ਤੱਕ ਕੋਈ ਵੀ ਫੋਨ ਜਾਂ ਕਿਸੇ ਹੋਰ ਤਰੀਕੇ ਨਾਲ ਭਰੋਸਾ ਨਹੀਂ ਦਵਾਇਆ ਗਿਆ ਕਿ ਤੁਹਾਡੀਆਂ ਮੰਗਾਂ ਮੰਨ ਲਈਆਂ ਗਈਆਂ ਹਨ ਇਸ ਤੋਂ ਇਹ ਜਾਹਿਰ ਹੁੰਦਾ ਹੈ ਕਿ ਪੰਜਾਬ ਸਰਕਾਰ ਨੇ ਹਮੇਸ਼ਾ ਨੰਬਰਦਾਰਾਂ ਨਾਲ ਧੋਖਾ ਕੀਤਾ ਹੈ ਅਤੇ ਲਾਰੇ ਤੇ ਲਾਰਾ ਲਾ ਕੇ ਨੰਬਰਦਾਰਾ ਨੂੰ ਅਣਗੌਲਿਆ ਕੀਤਾ ਹੈ ਉਹਨਾਂ ਨੇ ਕਿਹਾ ਕਿ ਕੀ ਅਗਰ ਪੰਜਾਬ ਸਰਕਾਰ ਨੇ ਨੰਬਰਦਾਰਾਂ ਦੀਆਂ ਹੱਕੀ ਮੰਗਾਂ ਨੂੰ ਨਾ ਮੰਨਿਆ ਤਾਂ ਜਥੇਬੰਦੀ ਅਗਲਾ ਪ੍ਰੋਗਰਾਮ ਉਲੀਕੇਗੀ ਅਤੇ ਆਉਣ ਵਾਲੇ ਵਿਧਾਨ ਸਭਾ ਵਿੱਚ ਇਸ ਦਾ ਜਵਾਬ ਦੇਗੀ ਇਸ ਮੌਕੇ ਤੇ ਲੰਬੜਦਾਰ ਯੂਨੀਅਨ ਜਲੰਧਰ ਸ਼ਹਿਰੀ ਦੇ ਪ੍ਰਧਾਨ ਗੁਰਦੇਵ ਲਾਲ ਸੰਧੂ, ਤਹਿਸੀਲ -2 ਦੇ ਪ੍ਰਧਾਨ ਕੈਲਾਸ਼ ਕੁਮਾਰ, ਤਹਿਸੀਲ -1 ਦੇ ਪ੍ਰਧਾਨ ਮੰਗਾ ਸਿੰਘ ਸ਼ੇਰ ਗਿੱਲ, ਨੰਬਰਦਾਰ ਜਰਨੈਲ ਸਿੰਘ, ਨੰਬਰਦਾਰ ਇੰਦਰਜੀਤ ਸਿੰਘ, ਨੰਬਰਦਾਰ ਨਵਜੋਤ ਸਿੰਘ, ਨੰਬਰਦਾਰ ਬਿਸ਼ਨਦਾਸ, ਨੰਬਰਦਾਰ ਸੁਖਵਿੰਦਰ ਰਾਮ, ਨੰਬਰਦਾਰ ਹਰਜਿੰਦਰ, ਨੰਬਰਦਾਰ ਬਲਵਿੰਦਰ ਬੈਗਾ ਸਿੰਘ ਤੇ ਹੋਰ ਵੀ ਲੰਬੜਦਾਰ ਮੌਜੂਦ ਸਨ

# 2027 ਦੀਆਂ ਚੋਣਾਂ ਲਈ ਚੇਅਰਮੈਨ ਤੇ ਕੋਆਰਡੀਨੇਟਰ ਸੰਭਾਲੋ ਆਪੋ-ਆਪਣੇ ਮੋਰਚੇ: ਪਾਲਾ ਜਲਾਲਪੁਰੀਆ

ਸ਼ਾਹਕੋਟ/ਮਲਸੀਆਂ, 12 ਅਕਤੂਬਰ (ਕੁਲਜੀਤ ਸਿੰਘ ਖਿੰਡਾ) ਆਮ ਆਦਮੀ ਪਾਰਟੀ ਦੇ ਨਵੇਂ ਚੁਣੇ ਹਲਕਾ ਇੰਚਾਰਜ ਬਲਵੀਰ ਸਿੰਘ ਪਾਲਾ ਜਲਾਲਪੁਰੀਆ ਵੱਲੋਂ ਆਏ ਦਿਨ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਤੱਕ ਪਾਰਟੀ ਦੀ ਪਕੜ ਮਜਬੂਤ ਕਰਨ ਲਈ ਪਹਿਲ ਦੇ ਆਧਾਰ ਤੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਦੀ ਤਿਆਰੀ ਦੇ ਨਾਲ ਨਾਲ ਪਿੰਡ ਪੱਧਰ ਅਤੇ ਬੂਥ ਪੱਧਰ ਤੱਕ ਸਾਰੇ ਵਰਕਰਾਂ ਅਤੇ ਹੋਰਨਾਂ ਨਾਲ ਰੂਬਰੂ ਹੋਇਆ ਜਾ ਸਕੇ । ਅੱਜ ਮਾਰਕੀਟ ਕਮੇਟੀ ਸ਼ਾਹਕੋਟ ਦੇ ਦਫਤਰ ਵਿਖੇ ਪੰਜਾਬ ਸਰਕਾਰ ਵੱਲੋਂ ਨਾਮਜਦ ਕੀਤੇ ਵੱਖ ਵੱਖ ਅਦਾਰਿਆਂ ਦੇ ਚੇਅਰਮੈਨ ਅਤੇ ਕੋਆਰਡੀਨੇਟਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਜਿਸ ਵਿੱਚ ਹਲਕਾ ਇੰਚਾਰਜ ਪਾਲਾ ਜਲਾਲਪੁਰ ਅਤੇ ਸੰਗਠਨ ਇੰਚਾਰਜ ਹਰਜਿੰਦਰ ਸਿੰਘ ਸੀਚੇਵਾਲ ਵਿਸ਼ੇਸ਼ ਤੌਰ ਤੇ ਹਾਜਰ ਹੋਏ । ਵੱਖ-ਵੱਖ ਅਹੁਦੇਦਾਰਾਂ ਦਾ ਸਵਾਗਤ ਕਰਨ ਉਪਰੰਤ ਪਾਰਟੀ ਦੀ ਮਜ਼ਬੂਤੀ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਕਿਸਾਨ ਵਿੰਗ ਦੇ ਕੋਆਰਡੀਨੇਟਰ ਕੁਲਵਿੰਦਰ ਸਿੰਘ ਨੇ ਰੁੱਸੇ ਆਗੂਆਂ ਨੂੰ ਮਨਾ ਕੇ ਪਾਰਟੀ ਲਈ ਇੱਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ। ਚੇਅਰਮੈਨ ਕ੍ਰਾਂਤੀਜੀਤ ਸਿੰਘ ਨੇ ਐਸ.ਸੀ ਭਾਈਚਾਰੇ ਦੇ ਵਿਕਾਸ ਲਈ ਗ੍ਰਾਂਟਾਂ ਦੀ ਮੰਗ ਰੱਖੀ। ਵਿਰਾਸਤ ਸੇਵਾ ਦੇ ਕੋਆਰਡੀਨੇਟਰ ਕੁਲਵੰਤ ਸਿੰਘ ਸਿੱਧੂ ਨੇ ਨਸ਼ਾ ਤਸਕਰਾਂ ਦੀ ਜਾਣਕਾਰੀ ਦੇਣ ਵਾਲਿਆਂ ਦੀ ਸੁਰੱਖਿਆ ਅਤੇ ਨਾਮ ਗੁਪਤ ਨਾ ਰਹਿਣ ਦੀ ਗੰਭੀਰ ਸਮੱਸਿਆ ਵੱਲ ਧਿਆਨ ਦਿਵਾਇਆ। ਨਸ਼ਾ ਵਿਰੋਧੀ ਮੰਚ ਦੇ ਕੋਆਰਡੀਨੇਟਰ ਜਗਜੋਤ ਸਿੰਘ ਆਹਲੂਵਾਲੀਆਂ ਨੇ ਜ਼ਿਲ੍ਹੇ ਵਿੱਚ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਦੀ ਘਾਟ ਦਾ ਮੁੱਦਾ ਚੁੱਕਦਿਆਂ ਸ਼ਾਹਕੋਟ ਜਾਂ ਨਕੋਦਰ ਵਿਖੇ ਨਵਾਂ ਸੈਂਟਰ ਖੋਲ੍ਹਣ ਦੀ ਮੰਗ ਕੀਤੀ। ਚੇਅਰਮੈਨ ਦੇਵ ਰਾਜ ਵਰਮਾ ਨੇ ਚੇਅਰਮੈਨਾਂ ਨੂੰ ਅਧਿਕਾਰਤ ਸ਼ਨਾਖਤੀ ਕਾਰਡ ਜਾਰੀ ਕਰਨ ਦੀ ਮੰਗ ਕੀਤੀ। ਮੀਟਿੰਗ ਦੌਰਾਨ ਨਸ਼ਿਆਂ ਖ਼ਿਲਾਫ਼ ਕਾਰਵਾਈ ਦਾ ਮੁੱਦਾ ਖਾਸ ਤੌਰ ਤੇ ਭਾਰੂ ਰਿਹਾ। ਹਲਕਾ ਇੰਚਾਰਜ ਨੇ ਭਰੋਸਾ ਦਿੱਤਾ ਕਿ ਵਰਕਰਾਂ ਦੇ ਮਾਣ-ਸਤਿਕਾਰ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਮੀਟਿੰਗ ਵਿੱਚ ਮਨੋਜ ਅਰੋੜਾ, ਰਣਜੀਤ ਬਹਾਦੁਰ, ਗੁਰਪ੍ਰੀਤ ਸਿੰਘ ਮਠਾੜੂ, ਅਨਿਲ ਅਗਰਵਾਲ, ਡਾ. ਰਮੇਸ਼ ਹੰਸ, ਸੁਰਜੀਤ ਲਾਲ, ਹਰਜਿੰਦਰ ਸਿੰਘ ਮੱਲੀ, ਸ਼ਿਵ ਸ਼ੰਭੂ ਗੁਪਤਾ, ਸੁਖਜਿੰਦਰ ਬਾਵਾ, ਪ੍ਰਮਿੰਦਰ ਸਿੰਘ ਸੈਣੀ, ਸ਼ਮਸ਼ੇਰ ਸਿੰਘ, ਪਰਮਵੀਰ ਪੰਮਾਂ, ਪਰਮਜੀਤ ਕੌਰ, ਰਵਿੰਦਰ ਸਿੰਘ, ਕੁਲਵੀਰ ਸਿੰਘ, ਅਵਤਾਰ ਚੰਦ, ਦਲਬੀਰ ਸਿੰਘ ਟਿੰਕਾ, ਰਾਂਝਾ ਅਤੇ ਨਿਜਾਮਦੀਨ ਸਮੇਤ ਹੋਰ ਆਗੂ ਮੌਜੂਦ ਸਨ। ਅੰਤ ਵਿੱਚ ਇੱਕਤਰ ਸਾਰੇ ਸੱਜਣਾਂ ਦੇ ਸਰੋਪੇ ਪਾ ਕੇ ਉਨਾਂ ਦਾ ਸਤਿਕਾਰ ਕੀਤਾ ਗਿਆ

# ਪੰਜਾਬ ਦਾ ਪਹਿਲਾ 'ਸੁਰੱਖਿਅਤ ਜ਼ਿਲ੍ਹਾ' ਬਣਿਆ ਪਠਾਨਕੋਟ, 95-95-95 ਦੇ ਤਿੰਨੋਂ ਟੀਚੇ ਹਾਸਲ

ਪਠਾਨਕੋਟ 12, ਅਕਤੂਬਰ (ਤਰੁਣ ਸਣਹੋਤਰਾ) ਜ਼ਿਲ੍ਹਾ ਪਠਾਨਕੋਟ ਨੇ ਐੱਚਆਈਵੀ/ਏਡਜ਼ ਦੀ ਰੋਕਥਾਮ, ਜਾਂਚ ਅਤੇ ਇਲਾਜ ਦੇ ਖੇਤਰ ਵਿੱਚ ਇੱਕ ਵੱਡੀ ਪ੍ਰਾਪਤੀ ਹਾਸਲ ਕਰਦਿਆਂ ਪੰਜਾਬ ਭਰ ਵਿੱਚ ਪਹਿਲਾ 'ਸੁਰੱਖਿਅਤ ਜ਼ਿਲ੍ਹਾ' ਬਣਨ ਦਾ ਮਾਣ ਪ੍ਰਾਪਤ ਕੀਤਾ ਹੈ। ਰਾਸ਼ਟਰੀ ਸਵੈ-ਇੱਛੁਕ ਖੂਨਦਾਨ ਦਿਵਸ ਮੌਕੇ ਸਿਵਲ ਸਰਜਨ ਡਾ. ਸੁਨੀਤਾ ਸ਼ਰਮਾ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਪਠਾਨਕੋਟ ਨੂੰ ਇਸ ਪ੍ਰਾਪਤੀ ਲਈ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਮਾਣਯੋਗ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਐੱਮਡੀ ਐੱਨਐੱਚਐੱਮ ਸਾਕਸ਼ੀ ਸਾਹਨੀ ਵੱਲੋਂ ਪ੍ਰਦਾਨ ਕੀਤਾ ਗਿਆ। ਜ਼ਿਲ੍ਹਾ ਪਠਾਨਕੋਟ ਨੇ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ ਵੱਲੋਂ ਨਿਰਧਾਰਤ 95-95-95 ਦੇ ਤਿੰਨੋਂ ਟੀਚੇ ਹਾਸਲ ਕੀਤੇ ਹਨ। ਇਨ੍ਹਾਂ ਟੀਚਿਆਂ ਤਹਿਤ ਐੱਚਆਈਵੀ ਨਾਲ ਪੀੜਤ 95 ਫ਼ੀਸਦੀ ਲੋਕਾਂ ਦੀ ਪਛਾਣ ਕਰਨੀ, ਪਛਾਣੇ ਗਏ 95 ਫ਼ੀਸਦੀ ਮਰੀਜ਼ਾਂ ਨੂੰ ਇਲਾਜ ਨਾਲ ਜੋੜਨਾ ਅਤੇ ਇਲਾਜ ਅਧੀਨ 95 ਫ਼ੀਸਦੀ ਮਰੀਜ਼ਾਂ ਦੇ ਵਾਇਰਲ ਲੋਡ ਨੂੰ ਦਬਾਅ ਹੇਠ ਲਿਆਉਣਾ ਸ਼ਾਮਲ ਹੈ। ਇਹ ਪ੍ਰਾਪਤੀ ਜ਼ਿਲ੍ਹੇ ਵਿੱਚ ਸਿਹਤ ਵਿਭਾਗ ਦੇ ਵੱਖ-ਵੱਖ ਵਿੰਗਾਂ ਅਤੇ ਸਬੰਧਤ ਸਟਾਫ਼ ਦੇ ਸਾਂਝੇ ਯਤਨਾਂ, ਲਗਨ ਅਤੇ ਮਿਹਨਤ ਦਾ ਨਤੀਜਾ ਹੈ। ਇਨ੍ਹਾਂ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਸਿਹਤ ਵਿਭਾਗ ਵੱਲੋਂ ਕਈ ਅਹਿਮ ਗਤੀਵਿਧੀਆਂ ਚਲਾਈਆਂ ਗਈਆਂ। ਇਨ੍ਹਾਂ ਵਿੱਚ ਇੰਡੈਕਸ ਟੈਸਟਿੰਗ, ਏਕੀਕ੍ਰਿਤ ਸਿਹਤ ਕੈਂਪ ਲਗਾਉਣਾ, ਇਲਾਜ ਤੋਂ ਦੂਰ ਹੋ ਚੁੱਕੇ ਮਰੀਜ਼ਾਂ ਦੀ ਭਾਲ ਕਰਕੇ ਉਨ੍ਹਾਂ ਨੂੰ ਮੁੜ ਇਲਾਜ ਨਾਲ ਜੋੜਨਾ ਅਤੇ ਵਾਇਰਲ ਲੋਡ ਟੈਸਟਿੰਗ ਕੈਂਪ ਲਗਾਉਣਾ ਸ਼ਾਮਲ ਸੀ। ਇਨ੍ਹਾਂ ਉਪਰਾਲਿਆਂ ਰਾਹੀਂ ਐੱਚਆਈਵੀ ਦੀ ਜਾਂਚ, ਮਰੀਜ਼ਾਂ ਨੂੰ ਸਮੇਂ ਸਿਰ ਇਲਾਜ ਮੁਹੱਈਆ ਕਰਵਾਉਣ ਅਤੇ ਇਲਾਜ ਦੀ ਨਿਰੰਤਰਤਾ ਯਕੀਨੀ ਬਣਾਉਣ ਲਈ ਵਿਸ਼ੇਸ਼ ਯਤਨ ਕੀਤੇ ਗਏ। ਜਾਣਕਾਰੀ ਦਿੰਦਿਆਂ ਡਾਕਟਰ ਸੁਨੀਤਾ ਸ਼ਰਮਾ ਸਿਵਲ ਸਰਜਨ ਪਠਾਨਕੋਟ ਨੇ ਦੱਸਿਆ ਕਿ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ ਜੀ ਦੀ ਯੋਗ ਅਗਵਾਈ ਵਿੱਚ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਵਿੱਚ ਸਿਵਲ ਸਰਜਨ ਦਫ਼ਤਰ, ਜ਼ਿਲ੍ਹਾ ਹਸਪਤਾਲ, ਡੀਐੱਚ-ਐੱਸਐੱਮਓ ਡਾ. ਸੁਨੀਲ ਚੰਦ, ਡੀਟੀਓ/ਡਾਕੋ ਡਾ. ਸ਼ੁਵੇਤਾ ਗੁਪਤਾ ਅਤੇ ਏਆਰਟੀ ਦੇ ਐੱਸਐੱਮਓ ਡਾ. ਪਰਵਿੰਦਰ ਕੌਰ ਦਾ ਅਹਿਮ ਯੋਗਦਾਨ ਰਿਹਾ। ਇਸ ਤੋਂ ਇਲਾਵਾ ਬਲਾਕ ਪੱਧਰ 'ਤੇ ਘਰੋਟਾ ਤੋਂ ਡਾ. ਸੰਦੀਪ ਕੁਮਾਰ, ਸੁਜਾਨਪੁਰ ਤੋਂ ਡਾ. ਗੁਰਬਚਨ ਸਿੰਘ, ਨਰੋਟ ਜੈਮਲ ਸਿੰਘ ਤੋਂ ਡਾ. ਵਿਨੈ ਜਮਵਾਲ, ਬਧਾਨੀ ਤੋਂ ਡਾ. ਅਮਨਦੀਪ ਅਤੇ ਆਰਐੱਸਡੀ ਤੋਂ ਡਾ. ਜਸਵਿੰਦਰ ਪਾਲ ਨੇ ਵੀ ਮਹੱਤਵਪੂਰਨ ਭੂਮਿਕਾ ਨਿਭਾਈ। ਇਸੇ ਤਰ੍ਹਾਂ ਏਆਰਟੀ ਸਟਾਫ਼ ਵਿੱਚ ਆਸ਼ੂ, ਮੋਨਿਕਾ, ਕਮਲਜੀਤ, ਰਮਨ ਅਤੇ ਮਨਮੀਤ; ਆਈਸੀਟੀਸੀ ਸਟਾਫ਼ ਵਿੱਚ ਸੁਮਨ, ਨਵਜੋਤ, ਨਵਨੀਤ ਅਤੇ ਉਪਾਸਨਾ; ਡੀਐੱਸਆਰਸੀ ਤੋਂ ਦੀਪਿਕਾ; ਓਐੱਸਟੀ ਟੀਮ ਵਿੱਚ ਡਾ. ਨਿਤਿਨ, ਰਵਿੰਦਰ, ਸੰਦੀਪ, ਘਣਸ਼ਿਆਮ ਅਤੇ ਪ੍ਰਭਾ; ਟੀਆਈ ਮੈਨੇਜਰਾਂ ਵਿੱਚ ਸ਼ੋਭਾ ਅਤੇ ਅਮਨਦੀਪ; ਐੱਸਐੱਸਕੇ ਟੀਮ ਵਿੱਚ ਸਪਨਾ, ਗੋਲਡੀ ਅਤੇ ਦਿਲਬਾਗ; ਜਦਕਿ ਸੀਐੱਸਸੀ ਮੈਨੇਜਰਾਂ ਵਿੱਚ ਪੁਨੀਤ ਅਤੇ ਸਾਰਿਕਾ ਨੇ ਆਪਣੀਆਂ ਸੇਵਾਵਾਂ ਨਿਭਾਈਆਂ। ਸਿਹਤ ਵਿਭਾਗ ਦੇ ਇਨ੍ਹਾਂ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਆਪਸੀ ਤਾਲਮੇਲ ਅਤੇ ਸਮਰਪਣ ਭਾਵਨਾ ਨਾਲ ਕੰਮ ਕਰਦਿਆਂ 95-95-95 ਦੇ ਟੀਚਿਆਂ ਨੂੰ ਹਾਸਲ ਕਰਨ ਵਿੱਚ ਅਹਿਮ ਯੋਗਦਾਨ ਪਾਇਆ। ਜ਼ਿਲ੍ਹਾ ਪਠਾਨਕੋਟ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਰਾਜ ਪੱਧਰੀ ਟੀਮ ਵੱਲੋਂ ਵੀ ਸਿਹਤ ਵਿਭਾਗ ਦੀ ਟੀਮ ਦੀ ਸ਼ਲਾਘਾ ਕੀਤੀ ਗਈ ਅਤੇ ਵਧਾਈ ਦਿੱਤੀ ਗਈ। ਉਹਨਾਂ ਦੱਸਿਆ ਕਿ ਇਹ ਪ੍ਰਾਪਤੀ ਜ਼ਿਲ੍ਹਾ ਪਠਾਨਕੋਟ ਲਈ ਮਾਣ ਵਾਲੀ ਗੱਲ ਹੈ ਅਤੇ ਐੱਚਆਈਵੀ/ਏਡਜ਼ ਦੀ ਰੋਕਥਾਮ, ਸਮੇਂ ਸਿਰ ਜਾਂਚ, ਮਰੀਜ਼ਾਂ ਨੂੰ ਇਲਾਜ ਨਾਲ ਜੋੜਨ ਅਤੇ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਲਿਆਉਣ ਲਈ ਸਿਹਤ ਵਿਭਾਗ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਸਿਹਤ ਵਿਭਾਗ ਦੀ ਟੀਮ ਨੇ ਇਸ ਸਫ਼ਲਤਾ ਨੂੰ ਸਾਂਝੇ ਯਤਨਾਂ ਦਾ ਨਤੀਜਾ ਦੱਸਦਿਆਂ ਭਵਿੱਖ ਵਿੱਚ ਵੀ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ।

# ਐਸ.ਆਈ.ਆਰ ਦਾ ਕੰਮ ਸਫਲਤਾ ਪੂਰਵਕ ਮੁਕੰਮਲ

ਨਵਾਂ ਸ਼ਹਿਰ 12ਅਕਤੂਬਰ(ਮਨਜਿੰਦਰ ਸਿੰਘ) ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦੇ ਸ਼ੈਡਿਊਲ ਅਨੁਸਾਰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਮਿਤੀ 13.08.2026 ਨੂੰ ਕੀਤੀ ਗਈ ਸੀ ਅਤੇ ਮਿਤੀ 13.08.2026 ਤੋਂ 12.09.2026 ਤੱਕ ਦਾਅਵੇ ਅਤੇ ਇਤਰਾਜ਼ਾ ਪ੍ਰਾਪਤ ਕੀਤੇ ਗਏ ਅਤੇ ਪ੍ਰਾਪਤ ਕੀਤੇ ਗਏ ਦਾਅਵੇ ਅਤੇ ਇਤਰਾਜ਼ਾ ਦਾ ਨਿਪਟਾਰਾ ਸਬੰਧਤ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਵੱਲੋਂ ਮਿਤੀ 08.10.2026 ਤੱਕ ਕੀਤਾ ਗਿਆ ਅਤੇ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਮਿਤੀ 12.10.2026 ਨੂੰ ਕੀਤੀ ਗਈ, ਇਸ ਨਾਲ ਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦੇ ਸ਼ੈਡਿਊਲ ਅਨੁਸਾਰ ਐਸ.ਆਈ.ਆਰ.-2026 ਦਾ ਕੰਮ ਮੁਕੰਮਲ ਹੋ ਗਿਆ ਹੈ। ਇਹ ਜਾਣਕਾਰੀ ਗੁਲਪ੍ਰੀਤ ਸਿੰਘ ਔਲਖ, ਆਈ.ਏ.ਐਸ. ਜ਼ਿਲ੍ਹਾਂ ਚੋਣ ਅਫ਼ਸਰ -ਕਮ-ਡਿਪਟੀ ਕਮਿਸ਼ਨਰ, ਸ਼.ਭ.ਸ.ਨਗਰ ਵੱਲੋਂ ਜ਼ਿਲ੍ਹੇ ਦੀਆਂ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਸਾਂਝਾ ਕੀਤਾ ਗਿਆ । ਜ਼ਿਲ੍ਹਾ ਚੋਣ ਅਫ਼ਸਰ, ਵੱਲੋਂ ਦੱਸਿਆ ਗਿਆ ਕਿ ਵਿਸ਼ੇਸ਼ ਗਹਿਰੀ ਸੁਧਾਈ ਦੇ ਸ਼ੈਡਿਊਲ ਅਨੁਸਾਰ ਬੀ.ਐਲ.ਓਜ਼ ਵੱਲੋਂ ਮਿਤੀ 25 ਜੂਨ 2026 ਤੋਂ 03 ਅਗਸਤ, 2026 ਤੱਕ 

# ਲੁਧਿਆਣਾ ਜ਼ਿਲ੍ਹੇ ਦੀ ਅੰਤਿਮ ਵੋਟਰ ਸੂਚੀ ਜਾਰੀ, ਕੁੱਲ 23,44,070 ਵੋਟਰ ਦਰਜ

**ਲੁਧਿਆਣਾ, 12 ਅਕਤੂਬਰ (ਝੱਜ ਉਮੈਦਪੁਰ):** ਭਾਰਤ ਚੋਣ ਕਮਿਸ਼ਨ ਵੱਲੋਂ ਵਿਸ਼ੇਸ਼ ਗਹਿਰੀ ਸੁਧਾਈ (ਐੱਸ.ਆਈ.ਆਰ)-2026 ਸਬੰਧੀ ਜਾਰੀ ਸ਼ਡਿਊਲ ਅਨੁਸਾਰ ਯੋਗਤਾ ਮਿਤੀ 1 ਅਕਤੂਬਰ, 2026 ਦੇ ਆਧਾਰ 'ਤੇ ਫੋਟੋ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਅੱਜ 12 ਅਕਤੂਬਰ ਨੂੰ ਕਰ ਦਿੱਤੀ ਗਈ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਲੁਧਿਆਣਾ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨਾਂ ਅਤੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਦੱਸਿਆ ਗਿਆ ਕਿ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ ਉਪਰੰਤ ਜ਼ਿਲ੍ਹਾ ਲੁਧਿਆਣਾ ਵਿੱਚ ਕੁੱਲ ਵੋਟਰਾਂ ਦੀ ਗਿਣਤੀ 23,44,070 ਹੋ ਗਈ ਹੈ। ਇਨ੍ਹਾਂ ਵਿੱਚ 12,16,462 ਪੁਰਸ਼, 11,27,537 ਔਰਤਾਂ, 71 ਟਰਾਂਸਜੈਂਡਰ ਅਤੇ 471 ਐਨ.ਆਰ.ਆਈ. ਵੋਟਰ ਸ਼ਾਮਲ ਹਨ। ਜ਼ਿਲ੍ਹੇ ਵਿੱਚ ਕੁੱਲ 3,031 ਪੋਲਿੰਗ ਬੂਥ ਹਨ, ਜਿਨ੍ਹਾਂ ਵਿੱਚ 1,528 ਸ਼ਹਿਰੀ ਅਤੇ 1,503 ਪੇਂਡੂ ਪੋਲਿੰਗ ਬੂਥ ਹਨ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀ-2026 (ਬਿਨਾਂ ਫੋਟੋ) ਜ਼ਿਲ੍ਹਾ ਪ੍ਰਸ਼ਾਸਨ ਦੀ ਵੈੱਬਸਾਈਟ www.ludhiana.nic.in 'ਤੇ ਅਪਲੋਡ ਕਰ ਦਿੱਤੀ ਗਈ ਹੈ। ਵੋਟਰ ਇਸ ਵੈੱਬਸਾਈਟ ਰਾਹੀਂ ਆਪਣਾ ਨਾਮ ਅਤੇ ਵੋਟ ਸਬੰਧੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ, ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਵਿਖੇ ਜਾ ਕੇ ਵੀ ਵੋਟਰ ਸੂਚੀ ਵਿੱਚ ਆਪਣੇ ਵੇਰਵਿਆਂ ਦੀ ਪੁਸ਼ਟੀ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਕੋਈ ਵੀ ਯੋਗ ਵਿਅਕਤੀ, ਜਿਸ ਦੀ ਉਮਰ 1 ਅਕਤੂਬਰ, 2026 ਨੂੰ 18 ਸਾਲ ਪੂਰੀ ਹੋ ਗਈ ਹੈ ਅਤੇ ਜਿਸ ਦਾ ਨਾਮ ਦੇਸ਼ ਦੇ ਕਿਸੇ ਵੀ ਚੋਣ ਹਲਕੇ ਦੀ ਵੋਟਰ ਸੂਚੀ ਵਿੱਚ ਦਰਜ ਨਹੀਂ ਹੈ, ਉਹ ਲਗਾਤਾਰ ਸੁਧਾਈ ਦੌਰਾਨ ਫਾਰਮ ਨੰਬਰ 6 ਭਰ ਕੇ ਆਪਣਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਵਾਉਣ ਲਈ ਅਰਜ਼ੀ ਦੇ ਸਕਦਾ ਹੈ। ਵਿਦੇਸ਼ਾਂ ਵਿੱਚ ਰਹਿ ਰਹੇ ਯੋਗ ਭਾਰਤੀ ਨਾਗਰਿਕ ਫਾਰਮ ਨੰਬਰ 6ਏ ਰਾਹੀਂ ਆਪਣੀ ਵੋਟ ਬਣਵਾਉਣ ਲਈ ਅਰਜ਼ੀ ਦੇ ਸਕਦੇ ਹਨ। ਇਸੇ ਤਰ੍ਹਾਂ, ਕਿਸੇ ਵੋਟਰ ਦੀ ਮੌਤ ਹੋਣ 'ਤੇ ਉਸ ਦਾ ਨਾਮ ਵੋਟਰ ਸੂਚੀ ਵਿੱਚੋਂ ਕਟਵਾਉਣ ਲਈ ਫਾਰਮ ਨੰਬਰ 7 ਭਰਿਆ ਜਾ ਸਕਦਾ ਹੈ। ਵੋਟਰ ਸੂਚੀ ਜਾਂ ਵੋਟਰ ਸ਼ਨਾਖਤੀ ਕਾਰਡ ਵਿੱਚ ਦਰਜ ਵੇਰਵਿਆਂ ਦੀ ਦੁਰਸਤੀ, ਰਿਹਾਇਸ਼ ਦੀ ਤਬਦੀਲੀ ਜਾਂ ਡੁਪਲੀਕੇਟ ਵੋਟਰ ਸ਼ਨਾਖਤੀ ਕਾਰਡ ਬਣਵਾਉਣ ਲਈ ਫਾਰਮ ਨੰਬਰ 8 ਭਰਿਆ ਜਾ ਸਕਦਾ ਹੈ। ਇਹ ਫਾਰਮ ਸਬੰਧਤ ਪੋਲਿੰਗ ਬੂਥ ਦੇ ਬੂਥ ਲੈਵਲ ਅਫ਼ਸਰਾਂ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਜਾਂ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਕੋਲ ਜਮ੍ਹਾਂ ਕਰਵਾਏ ਜਾ ਸਕਦੇ ਹਨ। ਇਸ ਤੋਂ ਇਲਾਵਾ, ਭਾਰਤ ਚੋਣ ਕਮਿਸ਼ਨ ਦੇ ਪੋਰਟਲ www.nvsp.in ਜਾਂ ECINET ਰਾਹੀਂ ਆਨਲਾਈਨ ਅਰਜ਼ੀ ਦੇ ਕੇ ਲੋੜੀਂਦੇ ਦਸਤਾਵੇਜ਼, ਜਿਵੇਂ ਬਿਨੈਕਾਰ ਦੀ ਫੋਟੋ ਅਤੇ ਉਮਰ ਤੇ ਰਿਹਾਇਸ਼ ਦੇ ਸਬੂਤ, ਵੀ ਅਪਲੋਡ ਕੀਤੇ ਜਾ ਸਕਦੇ ਹਨ।

# ਪਟਿਆਲਾ ਦੇ ਪਾਰਕ ਹਸਪਤਾਲ 'ਈ ਡੀ ਵੱਲੋਂ ਛਾਪੇਮਾਰੀ -ਇਲਾਕੇ 'ਚ ਫੈਲੀ ਸਨਸਨੀ, ਹਰਿਆਣਾ ਨੰਬਰ ਦੀਆਂ ਗੱਡੀਆਂ 'ਚ ਪੁੱਜੀਆਂ ਟੀਮਾਂ

**ਪਟਿਆਲਾ, 12 ਅਕਤੂਬਰ (ਰਾਜਿੰਦਰ ਸਿੰਘ ਬਿੰਦ):** ਪੰਜਾਬ ਅੰਦਰ ਕੇਂਦਰੀ ਜਾਂਚ ਏਜੰਸੀ ਇਨਫੋਰਸਮੈਂਟ ਡਾਇਰੈਕਟੋਰੇਟ ਦੀ ਦਸਤਕ ਨਾਲ ਇਕ ਵਾਰ ਫਿਰ ਵੱਡੀ ਹਲਚਲ ਅਤੇ ਸਨਸਨੀ ਫੈਲ ਗਈ ਹੈ। ਤਾਜ਼ਾ ਘਟਨਾਕ੍ਰਮ ਦੌਰਾਨ ਈਡੀ ਦੀਆਂ ਵਿਸ਼ੇਸ਼ ਟੀਮਾਂ ਨੇ ਪਟਿਆਲਾ ਸਥਿਤ ਨਾਮੀ 'ਪਾਰਕ ਹਸਪਤਾਲ' ਵਿਖੇ ਅਚਨਚੇਤ ਛਾਪੇਮਾਰੀ ਕੀਤੀ। ਪ੍ਰਾਪਤ ਜਾਣਕਾਰੀ ਅਨੁਸਾਰ ਏਜੰਸੀ ਦੇ ਅਧਿਕਾਰੀ ਹਰਿਆਣਾ ਨੰਬਰ ਦੀਆਂ ਨਿੱਜੀ ਅਤੇ ਸਰਕਾਰੀ ਗੱਡੀਆਂ ਵਿੱਚ ਸਵਾਰ ਹੋ ਕੇ ਹਸਪਤਾਲ ਕੰਪਲੈਕਸ ਪਹੁੰਚੇ, ਜਿਸ ਕਾਰਨ ਇਲਾਕੇ 'ਚ ਤੁਰੰਤ ਭਾਰੀ ਚਰਚਾ ਛਿੜ ਗਈ। ਟੀਮਾਂ ਦੇ ਪਹੁੰਚਦੇ ਹੀ ਹਸਪਤਾਲ ਦੇ ਪ੍ਰਬੰਧਕੀ ਵਿੰਗ ਅਤੇ ਦਫ਼ਤਰਾਂ ਅੰਦਰ ਦਸਤਾਵੇਜ਼ਾਂ ਦੀ ਪੜਤਾਲ ਸ਼ੁਰੂ ਕਰ ਦਿੱਤੀ ਗਈ। ਸੂਤਰਾਂ ਮੁਤਾਬਕ ਜਾਂਚ ਟੀਮ ਵੱਲੋਂ ਰਿਕਾਰਡ, ਵਿੱਤੀ ਲੈਣ-ਦੇਣ ਅਤੇ ਕੰਪਿਊਟਰ ਪ੍ਰਣਾਲੀ ਨਾਲ ਸਬੰਧਤ ਅੰਕੜਿਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਕਾਰਵਾਈ ਦੌਰਾਨ ਅੰਦਰ ਆਉਣ-ਜਾਣ ਵਾਲਿਆਂ 'ਤੇ ਵੀ ਕਰੜੀ ਨਜ਼ਰ ਰੱਖੀ ਹੋਈ ਹੈ। ਪੰਜਾਬ 'ਚ ਕਥਿਤ ਵਿੱਤੀ ਬੇਨਿਯਮੀਆਂ, ਮਨੀ ਲਾਂਡਰਿੰਗ ਅਤੇ ਟੈਕਸ ਚੋਰੀ ਨਾਲ ਜੁੜੇ ਮਾਮਲਿਆਂ ਨੂੰ ਲੈ ਕੇ ਈਡੀ ਪਿਛਲੇ ਕੁਝ ਸਮੇਂ ਤੋਂ ਲਗਾਤਾਰ ਸਰਗਰਮ ਦਿਖਾਈ ਦੇ ਰਹੀ ਹੈ। ਇਸ ਤੋਂ ਪਹਿਲਾਂ ਵੀ ਪਟਿਆਲਾ ਅਤੇ ਆਸ-ਪਾਸ ਦੇ ਇਲਾਕਿਆਂ 'ਚ ਵੱਡੇ ਪ੍ਰਾਪਰਟੀ ਕਾਰੋਬਾਰੀਆਂ, ਰੀਅਲ ਅਸਟੇਟ ਫਰਮਾਂ ਅਤੇ ਆਨਲਾਈਨ ਵਪਾਰ ਨਾਲ ਜੁੜੀਆਂ ਕੰਪਨੀਆਂ ਦੇ ਵੱਖ-ਵੱਖ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਜਾ ਚੁੱਕੀ ਹੈ। ਇਸ ਲੜੀ ਤਹਿਤ ਹੁਣ ਸਿਹਤ ਸੇਵਾਵਾਂ ਨਾਲ ਜੁੜੇ ਵੱਡੇ ਹਸਪਤਾਲ 'ਤੇ ਹੋਈ ਇਸ ਕਾਰਵਾਈ ਨੇ ਸ਼ਹਿਰ ਦੇ ਕਾਰੋਬਾਰੀ ਤੇ ਸਿਆਸੀ ਹਲਕਿਆਂ ਵਿੱਚ ਖਲਬਲੀ ਮਚਾ ਦਿੱਤੀ ਹੈ। ਫਿਲਹਾਲ ਪਾਰਕ ਹਸਪਤਾਲ ਵਿਖੇ ਪਹੁੰਚੀਆਂ ਟੀਮਾਂ ਦੀ ਇਸ ਕਾਰਵਾਈ ਦੇ ਮੁੱਖ ਕਾਰਨਾਂ, ਸ਼ਿਕਾਇਤ ਦੇ ਆਧਾਰ ਅਤੇ ਜਾਂਚ ਦੇ ਦਾਇਰੇ ਬਾਰੇ ਜਾਂਚ ਏਜੰਸੀ ਜਾਂ ਹਸਪਤਾਲ ਪ੍ਰਬੰਧਕਾਂ ਵੱਲੋਂ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ। ਜਾਂਚ ਮੁਕੰਮਲ ਹੋਣ ਤੋਂ ਬਾਅਦ ਹੀ ਸਥਿਤੀ ਪੂਰੀ ਤਰ੍ਹਾਂ ਸਪੱਸ਼ਟ ਹੋਣ ਦੀ ਉਮੀਦ ਹੈ

# ਕਾਂਗਰਸੀ ਆਗੂ ਨਛੱਤਰ ਅਰਈਮਾਜ਼ਰਾ ਨੇ ਸੂਬਾ ਪ੍ਰਧਾਨ ਪਰਗਟ ਸਿੰਘ ਨਾਲ ਕੀਤੀ ਮੁਲਾਕਾਤ

**ਪਟਿਆਲਾ, 12 ਅਕਤੂਬਰ (ਰਾਜਿੰਦਰ ਸਿੰਘ ਬਿੰਦ ):** ਸੀਨੀਅਰ ਕਾਂਗਰਸੀ ਆਗੂ ਨਛੱਤਰ ਸਿੰਘ ਅਰਈਮਾਜ਼ਰਾ ਨੇ ਆਪਣੇ ਸਾਥੀਆਂ ਸਾਥੀਆਂ ਸਮੇਤ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਬਣੇ ਪ੍ਰਧਾਨ ਪਰਗਟ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਸਨੌਰ ਦੇ ਦੇ ਕਾਂਗਰਸੀ ਵਰਕਰਾਂ ਵੱਲੋਂ ਗੁਲਦਸਤਾ ਭੇਟ ਕੀਤਾ। ਇਸ ਮੌਕੇ ਉਨ੍ਹਾਂ ਪੰਜਾਬ ਪ੍ਰਧਾਨ ਨਾਲ ਵਿਧਾਨ ਸਭਾ ਹਲਕਾ ਘੱਗਾ ਬਾਰੇ 2027 ਵਿਖੇ ਕਾਂਗਰਸ ਦੀਆਂ ਗਤੀਵਿਧਿਆਂ ਬਾਰੇ ਖੁੱਲ ਕੇ ਚਰਚਾ ਕੀਤੀ ਗਈ,, ਅਰਈਮਾਜਰਾ ਨੇ ਪੰਜਾਬ ਪ੍ਰਧਾਨ ਨੂੰ ਵਿਸ਼ਵਾਸ ਦਿਵਾਇਆ ਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਮੌਕੇ ਘੱਗਾ ਹਲਕੇ ਦੀ ਸੀਟ ਤੇ ਕਾਂਗਰਸ ਜਿੱਤ ਪ੍ਰਾਪਤ ਕਰੇਗੀ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਸੰਗਠਨ ਸਿਰਜਣ ਅਭਿਆਨ ਦੇ ਤਹਿਤ ਜ਼ਿਲਾ ਕਾਂਗਰਸ ਕਮੇਟੀ ਦਾ ਗਠਨ ਕਰਨ ਤੋਂ ਬਾਅਦ ਵਰਕਰਾਂ ਦੇ ਹੌਸਲੇ ਬੁਲੰਦ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਦੀ ਲੜਾਈ ਕਾਂਗਰਸ ਪਾਰਟੀ ਭਾਜਪਾ ਦੇ ਖ਼ਲਾਫ਼ ਲੜ ਰਹੀ ਹੈ ।ਉਹਨਾਂ ਕਿਹਾ ਕਿ ਦੇ ਵਰਕਰ ਕਾਂਗਰਸ ਨਾਲ ਮਿਲ ਕੇ ਮੰਡਲ ਪੱਧਰ 'ਤੇ ਵਧੀਆ ਕੰਮ ਕਰ ਰਹੇ ਹਨ। ਇਸੇ ਤਰ੍ਹਾਂ ਸਨੌਰ 'ਚ ਸਮੂਹ ਬਲਾਕ ਪ੍ਰਧਾਨ, ਮੰਡਲ ਪ੍ਰਧਾਨ ਅਤੇ ਸਮੁੱਚੀ ਜ਼ਿਲਾ ਕਾਂਗਰਸ ਪੂਰੀ ਤਰ੍ਹਾਂ ਡਟੀ ਹੋਈ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਨੂੰ ਪਟਿਆਲਾ ਦੇ ਐੱਮ.ਪੀ. ਡਾ. ਧਰਮਵੀਰ ਗਾਂਧੀ ਸਹਿਯੋਗ ਮਿਲ ਰਿਹਾ ਹੈ। ਸਮੇਤ ਸਮੁੱਚੀ ਲੀਡਰਸ਼ਿਪ ਤੇ ਪੂਰਾ ਪੂਰਾ ਭਰੋਸਾ ਹੈ! ਇਸ ਮੌਕੇ ਉਹਨਾਂ ਨਾਲ ਕਈ ਕਾਂਗਰਸੀ ਹੋਰ ਆਗੂ ਇਸ ਮੌਕੇ ਉਹਨਾਂ ਦੇ ਨਾਲ ਸਨ

# ਅਧਿਆਪਕਾਂ ਲਈ "ਪ੍ਰਮੋਟਿੰਗ ਮੈਂਟਲ ਹੈਲਥ ਅਤੇ ਵੈਲਨੈੱਸ ਅੰਗ ਸਟੂਡੈਂਟਸ"ਵਿਸ਼ੇ 'ਤੇ ਸੈਮੀਨਾਰ

**ਭਗਤਾ ਭਾਈ, 12 ਅਕਤੂਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ):** 'ਦ ਆਕਸਫ਼ੋਰਡ ਸਕੂਲ ਆਫ਼ ਐਜ਼ੂਕੇਸ਼ਨ' ਭਗਤਾ ਭਾਈ ਕਾ, ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ, ਜਿਸ ਵਿੱਚ ਸਮੇਂ-ਸਮੇਂ ਤੇ ਵੱਖ-ਵੱਖ ਸਿਖਲਾਈ ਸੈਮੀਨਾਰ ਲਗਾਏ ਜਾਂਦੇ ਹਨ ਇਹ ਸੈਮੀਨਾਰ ਵਿਦਿਆਰਥੀਆਂ ਲਈ ਵੀ ਅਤੇ ਅਧਿਆਪਕਾਂ ਲਈ ਵੀ ਮਹੱਈਆ ਕਰਵਾਏ ਜਾਂਦੇ ਹਨ। ਬੀਤੇ ਦਿਨੀਂ ਇਸ ਸੰਸਥਾ ਵਿੱਚ ਸੀ.ਬੀ.ਐਸ.ਈ ਵੱਲੋਂ ਆਯੋਜਿਤ ਅਧਿਆਪਕਾਂ ਲਈ ਇੱਕ ਮੈਂਟੀਵੇਸ਼ਨਲ ਸੈਮੀਨਾਰ ਲਗਵਾਇਆ ਗਿਆ। ਇਸ ਸੈਮੀਨਾਰ ਦੇ ਮੁੱਖ ਸਰੋਤ ਸੀਮਾ ਅਤੇ ਡਾ.ਸੰਜੇ ਚੁੱਘ ਸਨ।ਡਾ.ਸੰਜੇ ਚੁੱਘ ਵੱਲੋਂ ਮੈਂਟਲ ਹੈਲਥ ਵਿਸ਼ੇ ਉੱਤੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਗਿਆ ਕਿ ਬੱਚੇ ਬਹੁਤ ਹੀ ਨਾਜ਼ੁਕ ਅਤੇ ਦਿਮਾਗੀ ਤੌਰ 'ਤੇ ਕੋਮਲ ਹੁੰਦੇ ਹਨ ਜੋ ਕਿ ਕਿਤੇ ਨਾ ਕਿਤੇ ਹੀਣ-ਭਾਵਨਾ, ਡਿਪਰੈਸ਼ਨ ਦੇ ਸ਼ਿਕਾਰ ਹੋ ਜਾਂਦੇ ਹਨ। ਜਿਸ ਕਰਕੇ ਅਜਿਹੇ ਬੱਚਿਆਂ ਦੀ ਦਿਮਾਗੀ ਅਰੋਗਤਾ ਨੂੰ ਕਾਇਮ ਕਰਨ ਲਈ ਉਨ੍ਹਾਂ ਵਿੱਚੋਂ ਹੀਣ ਭਾਵਨਾ ਅਤੇ ਡਿਪਰੈਸ਼ਨ ਦੇ ਕਾਰਨ ਲੱਭਣੇ ਪੈਣਗੇ ਅਤੇ ਫਿਰ ਉਸ ਨੂੰ ਪੇ ਗਰਿਤ ਕਰਦੇ ਹੋਏ ਆਮ ਸਥਿਤੀ ਵੱਲ ਲਿਜਾਇਆ ਜਾ ਸਕਦਾ ਹੈ।ਸ੍ਰੀਮਤੀ ਸੀਮਾ ਨੇ ਵਿਦਿਆਰਥੀਆਂ ਦੇ ਝੁਕਾਅ, ਦੋਸਤੀ ਦਾ ਦਾਇਰਾ, ਅਕਾਦਮਿਕ ਰਿਪੋਰਟ, ਸਰੀਰਕ ਅਯੋਗਤਾ, ਗੈਰ-ਹਾਜ਼ਰੀ ਅਤੇ ਕਈ ਵਾਰ ਅਧਿਆਪਕ ਦੀ ਨਜ਼ਰ ਵਿੱਚ ਨਾਂਹ-ਪੱਖੀ ਵਿਵਹਾਰ ਨੂੰ ਮੁੱਦਾ ਬਣਾਉਂਦੇ ਕਿਹਾ ਕਿ ਉੱਪਰ ਦਿੱਤੇ ਕਾਰਨਾਂ ਕਾਰਨ ਵਿਦਆਰਥੀ ਆਪਣੇ ਆਪ ਨੂੰ ਇੱਕਲਾ ਮਹਿਸੂਸ ਕਰਦਾ ਹੈ ਅਤੇ ਇਕਾਂਤ ਵਿੱਚ ਹੀ ਰਹਿਣਾ ਪਸੰਦ ਕਰਦਾ ਹੈ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ , ਹਰਗੁਰਪ੍ਰੀਤ ਸਿੰਘ ਗਗਨ ਬਰਾੜ, ਗੁਰਮੀਤ ਸਿੰਘ ਗਿੱਲ , ਗੁਰਮੀਤ ਸਿੱਘ ਗਿੱਲ ਸਰਪੰਚ ਕੋਆਰਡੀਨੇਟਰਜ਼ ਅਤੇ ਸਮੂਹ ਮੈਂਬਰ ਹਾਜ਼ਰ ਸਨ।

# ਬਿਰਧ ਆਸ਼ਰਮ ਸ੍ਰੀ ਮੁਕਤਸਰ ਸਾਹਿਬ ਦੀ ਨਵੀਂ ਕਮੇਟੀ ਦਾ ਗਠਨ, ਗੁਲਸ਼ਨ ਭਾਟੀਆ ਬਣੇ ਪ੍ਰਧਾਨ

**ਸ੍ਰੀ ਮੁਕਤਸਰ ਸਾਹਿਬ, 12 ਅਕਤੂਬਰ (ਆਦੇਸ਼):** ਬਿਰਧ ਆਸ਼ਰਮ ਸ੍ਰੀ ਮੁਕਤਸਰ ਸਾਹਿਬ ਦੀ ਕਾਰਜਕਾਰੀ ਕਮੇਟੀ ਦੀ ਮੀਟਿੰਗ ਰਜਿੰਦਰ ਭੰਡਾਰੀ ਦੀ ਰਹਿਨੁਮਾਈ ਹੇਠ ਹੋਈ। ਇਸ ਦੌਰਾਨ ਸਰਬਸੰਮਤੀ ਨਾਲ ਨਵੀਂ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਗੁਲਸ਼ਨ ਭਾਟੀਆ ਨੂੰ ਪ੍ਰਧਾਨ ਚੁਣਿਆ ਗਿਆ। ਨਵੀਂ ਕਮੇਟੀ ਵਿੱਚ ਜਗਪ੍ਰੀਤ ਸਿੰਘ ਛਾਬੜਾ ਨੂੰ ਜਨਰਲ ਸਕੱਤਰ, ਜਸਵਿੰਦਰ ਸਿੰਘ ਰਿੰਕੂ ਨੂੰ ਖ਼ਜ਼ਾਨਚੀ ਅਤੇ ਬਲਜੀਤ ਸਿੰਘ ਨੂੰ ਮੈਨੇਜਰ ਨਿਯੁਕਤ ਕੀਤਾ ਗਿਆ। ਇਸ ਮੌਕੇ ਸਵਰਗਵਾਸੀ ਸਰਬਜੀਤ ਸਿੰਘ ਦਰਦੀ ਦੀ ਬੇਵਕਤੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਲੀਲਾਧਰ, ਬੂਟਾ ਰਾਮ ਕਮਰਾ, ਅਸ਼ਵਨੀ ਜੁਨੇਜਾ, ਡਾ. ਵਿਜੇ ਕੁਮਾਰ, ਸ਼ੰਮੀ ਤੇਰੀਆ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

# ਪ੍ਰਗਟ ਸਿੰਘ ਤੇ ਸਚਿਨ ਪਾਇਲਟ ਦੀ ਅਗਵਾਈ 'ਚ ਕਾਂਗਰਸ ਸ਼ਾਨਦਾਰ ਜਿੱਤ ਹਾਸਿਲ ਕਰੇਗੀ : ਸ਼ਮਸ਼ਪੁਰ

**ਪਟਿਆਲਾ, 12 ਅਕਤੂਬਰ (ਰਾਜਿੰਦਰ ਸਿੰਘ ਬਿੰਦ):** ਕਾਂਗਰਸੀ ਪਾਰਟੀ ਦੇ ਸੀਨੀਅਰ ਆਗੂ ਅਤੇ ਜਿ ਲਾ ਮੀਤ ਪ੍ਰਧਾਨ ਬਲਿਹਾਰ ਸਿੰਘ ਸ਼ਮਸ਼ਪੁਰ ਨੇ ਕਿਹਾ ਕਿ ਪ੍ਰਗਟ ਸਿੰਘ ਅਤੇ ਸਚਿਨ ਪਾਇਲਟ ਦੀ ਅਗਵਾਈ ਹੇਠ 2027 ਦੀਆਂ ਚੋਣਾਂ ਵਿਚ ਕਾਂਗਰਸ ਪੰਜਾਬ ਅੰਦਰ ਸ਼ਾਨਦਾਰ ਜਿੱਤ ਹਾਸਲ ਕਰਕੇ ਆਪਣੀ ਸਰਕਾਰ ਬਣਾਏਗੀ ਅਤੇ ਇਨ੍ਹਾਂ ਆਗੂਆਂ ਦੀ ਅਗਵਾਈ ਵਿਚ ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਹੈ। ਉਨ੍ਹਾਂ ਇਹ ਪ੍ਰਗਟਾਵਾ ਅੱਜ ਕਾਂਗਰਸ ਪਾਰਟੀ ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਵਲੋਂ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਆਪਣਾ ਆਹੁਦਾ ਸੰਭਾਲਣ ਸਮਾਗਮ ਮੌਕੇ ਆਪਣੇ ਸਾਥੀਆਂ ਅਤੇ ਵੱਡੀ ਗਿਣਤੀ ਚ ਵਰਕਰਾਂ ਦੇ ਕਾਫਲੇ ਸਮੇਤ ਰਵਾਨਾ ਹੋਣ ਮੌਕੇ ਗੱਲਬਾਤ ਕਰਦਿਆਂ ਕੀਤਾ । ਬਲਿਹਾਰ ਸ਼ਮਸ਼ਪੁਰ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਆਗੂਆਂ ਅਤੇ ਵਰਕਰਾਂ ਦੀ ਭੂਮਿਕਾ ਅਹਿਮ ਹੁੰਦੀ ਹੈ। ਉਨ੍ਹਾ ਅਨੁਸਾਰ, ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਸੰਪਰਕ ਬਣਾਈ ਰੱਖਣ ਲਈ ਸਾਂਝੇ ਯਤਨਾਂ ਦੀ ਲੋੜ ਹੈ। ਇਸ ਮੌਕੇ ਜਿਲਾ ਯੂਥ ਪ੍ਰਧਾਨ ਦਿਹਾਤੀ ਅਗਸ਼ਦੀਪ ਸਿੰਘ ਮੱਲ ਨੇ ਕਿਹਾ ਕਿ ਪ੍ਰਗਟ ਸਿੰਘ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਲੋਕਾਂ ਮੁੱਦਿਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਏਗੀ । ਇਸ ਸਮੇਂ ਗੁਰਦੇਵ ਸਿੰਘ ਦੇਬਣ ਹਾਜ਼ੀਪੁਰ, ਹੈਪੀ ਰੀਠ ਖੇੜੀ, ਜੋਨ ਮਰਦਾਂਹੇੜੀ, ਮਲਕੀਤ ਖੁੱਡਾ, ਪ੍ਰੇਮ ਚੌਧਰੀ, ਜੋਵੰਤ ਸਿੰਘ ਸਰਪੰਚ ਬੀੜ ਕੌਲੀ, ਪ੍ਰਭਜੋਤ ਸਿੰਘ, ਜਨਰਲ ਸਕਲ ਸਕੱਤਰ, ਨਰਿੰਦਰ ਸਿੰਘ ਰਾਣਾ, ਕੁਲਵਿੰਦਰ ਨੋਨੀ, ਅੰਮ੍ਰਿਤਪਾਲ ਸਿੰਘ ਬਲਾਕ ਪ੍ਰਧਾਨ ਸਾਰੇ ਯੂਥ ਆਗੂ ਆਦਿ ਹਾਜ਼ਰ ਸਨ।

# ਗੜੇਮਾਰੀ ਨਾਲ ਪ੍ਰਭਾਵਿਤ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦੇਣ ਸਰਕਾਰਾਂ: ਕਰਨੈਲ ਸਿੰਘ ਪੀਰ ਮੁਹੰਮਦ

**ਕੋਟ

# ਪੰਜਾਬ ਕਿਸਾਨ ਸਭਾ ਦੇ ਪੰਜਾਬ ਪ੍ਰਧਾਨ ਅਸ਼ੋਕ ਕੰਬੋਜ ਨੇ ਸੜਕ ਦੀ ਖਸਤਾ ਹਾਲਤ ਨੂੰ ਲੈ ਕੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਘੇਰਿਆ

**ਜਲਾਲਾਬਾਦ**-12 **ਅਕਤੂਬਰ(ਸੁਭਾਸ਼ ਸਿੰਘ)**ਪੰਜਾਬ ਕਿਸਾਨ ਸਭਾ ਦੇ ਪੰਜਾਬ ਪ੍ਰਧਾਨ ਅਸ਼ੋਕ ਕੰਬੋਜ ਨੇ ਜਲਾਲਾਬਾਦ ਇਲਾਕੇ ਦੀ ਇੱਕ ਬੇਹੱਦ ਖਸਤਾ ਹਾਲਤ ਵਾਲੀ ਸੜਕ ਨੂੰ ਲੈ ਕੇ ਸਖ਼ਤ ਇਤਰਾਜ਼ ਜਤਾਇਆ ਹੈ। ਉਨ੍ਹਾਂ ਨੇ ਸੜਕ 'ਤੇ ਥਾਂ-ਥਾਂ ਪਏ ਡੂੰਘੇ ਟੋਇਆਂ, ਗੰਦੇ ਪਾਣੀ ਦੇ ਭਰਾਅ ਅਤੇ ਇਸ ਕਾਰਨ ਲੋਕਾਂ ਨੂੰ ਆ ਰਹੀਆਂ ਗੰਭੀਰ ਮੁਸ਼ਕਲਾਂ ਨੂੰ ਲੈ ਕੇ ਪ੍ਰਸ਼ਾਸਨ ਅਤੇ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਸੱਤ ਤੋਂ ਅੱਠ ਮਹੀਨਿਆਂ ਤੋਂ ਇਸ ਸੜਕ ਨੂੰ ਬਣਾਉਣ ਲਈ ਲਗਾਤਾਰ ਆਵਾਜ਼ ਉਠਾਈ ਜਾ ਰਹੀ ਹੈ ਅਤੇ ਪ੍ਰਸ਼ਾਸਨ ਅੱਗੇ ਗੁਹਾਰ ਲਗਾਈ ਜਾ ਰਹੀ ਹੈ। ਇਸ ਦੇ ਬਾਵਜੂਦ ਅਧਿਕਾਰੀਆਂ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਅਤੇ ਸੜਕ ਦੀ ਹਾਲਤ ਦਿਨੋਂ-ਦਿਨ ਹੋਰ ਖ਼ਰਾਬ ਹੁੰਦੀ ਜਾ ਰਹੀ ਹੈ। ਅਸ਼ੋਕ ਕੰਬੋਜ ਨੇ ਕਿਹਾ ਕਿ ਜਿਸ ਸੜਕ ਨੂੰ ਬਣਵਾਉਣ ਲਈ

ਲੋਕਾਂ ਨੂੰ ਇੰਨਾ ਸੰਘਰਸ਼ ਕਰਨਾ ਪੈ ਰਿਹਾ ਹੈ, ਉਹ ਕਈ ਕਿਲੋਮੀਟਰ ਲੰਬੀ ਨਹੀਂ, ਸਗੋਂ ਸਿਰਫ਼ 600 ਮੀਟਰ ਦਾ ਇੱਕ ਛੋਟਾ ਜਿਹਾ ਟੁਕੜਾ ਹੈ। ਇੱਕ ਕਿਲੋਮੀਟਰ ਤੋਂ ਵੀ ਘੱਟ ਲੰਬਾਈ ਵਾਲੀ ਇਸ ਸੜਕ ਨੂੰ ਠੀਕ ਨਾ ਕਰਵਾ ਸਕਣਾ ਪ੍ਰਸ਼ਾਸਨਿਕ ਨਾਕਾਮੀ ਅਤੇ ਅਣਦੇਖੀ ਦੀ ਹੱਦ ਹੈ। ਉਨ੍ਹਾਂ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਰਾਤ ਸਮੇਂ ਇਸ ਰਸਤੇ ਤੋਂ ਲੰਘਣ ਵਾਲੇ ਛੋਟੇ ਵਾਹਨਾਂ ਦੇ ਚਾਲਕਾਂ, ਲਈ ਇਹ ਸੜਕ ਜਾਨ ਦਾ ਖ਼ਤਰਾ ਬਣੀ ਹੋਈ ਹੈ। ਵੱਡੇ ਚਾਰ ਪਹੀਆ ਵਾਹਨ ਤਾਂ ਕਿਸੇ ਤਰ੍ਹਾਂ ਲੰਘ ਜਾਂਦੇ ਹਨ, ਪਰ ਦੋਪਹੀਆ ਅਤੇ ਛੋਟੇ ਵਾਹਨਾਂ ਦੇ ਟੋਇਆਂ ਵਿੱਚ ਡਿੱਗ ਕੇ ਹਾਦਸਾਗ੍ਰਸਤ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਅਜਿਹਾ ਲੱਗਦਾ ਹੈ ਜਿਵੇਂ ਪ੍ਰਸ਼ਾਸਨ ਕਿਸੇ ਵੱਡੇ ਹਾਦਸੇ ਜਾਂ ਜਾਨੀ ਨੁਕਸਾਨ ਦੀ ਉਡੀਕ ਕਰ ਰਿਹਾ ਹੋਵੇ। ਉਨ੍ਹਾਂ ਕਿਹਾ ਕਿ ਵਿਕਾਸ ਲਈ ਹਜ਼ਾਰਾਂ ਕਰੋੜ ਰੁਪਏ ਖ਼ਰਚਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਪਰ ਜ਼ਮੀਨੀ ਪੱਧਰ 'ਤੇ 600 ਮੀਟਰ ਦੀ ਸੜਕ ਵੀ ਠੀਕ ਨਹੀਂ ਕੀਤੀ ਜਾ ਰਹੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਮੇਂ ਸਿਰ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਅਤੇ ਸੜਕ ਦਾ ਨਿਰਮਾਣ ਸ਼ੁਰੂ ਨਾ ਹੋਇਆ ਤਾਂ ਆਉਣ ਵਾਲੇ ਦਿਨਾਂ ਵਿੱਚ ਸਥਾਨਕ ਲੋਕਾਂ ਅਤੇ ਕਿਸਾਨ ਜਥੇਬੰਦੀਆਂ ਨੂੰ ਇਕਜੁੱਟ ਕਰਕੇ ਵੱਡਾ ਸੰਘਰਸ਼ ਅਤੇ ਅੰਦੋਲਨ ਸ਼ੁਰੂ ਕੀਤਾ ਜਾਵੇਗਾ।

# ਜਨਗਣਨਾ-2027 ਦੇ ਦੂਜੇ ਪੜਾਅ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਟਾਫ਼ ਨੂੰ ਦਿੱਤੀ ਸਿਖਲਾਈ

**ਮਾਲੇਰਕੋਟਲਾ, 12 ਅਕਤੂਬਰ** - **(ਮੁਨਸ਼ੀ ਫ਼ਾਰੂਕ )** ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਥਾਨਕ ਸਰਕਾਰੀ ਕਾਲਜ ਵਿਖੇ ਜਨਗਣਨਾ ਸਟਾਫ਼ ਲਈ ਸਿਖਲਾਈ ਸੈਸ਼ਨ ਕਰਵਾਇਆ ਗਿਆ। ਇਸ ਦੌਰਾਨ ਗਣਨਾਕਾਰਾਂ ਨੂੰ ਜਨਗਣਨਾ ਦੀ ਪ੍ਰਕਿਰਿਆ, ਨਿਯਮਾਂ, ਦਿਸ਼ਾ-ਨਿਰਦੇਸ਼ਾਂ ਅਤੇ ਡਿਜੀਟਲ ਤਕਨਾਲੋਜੀ ਦੀ ਵਰਤੋਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਫੀਲਡ ਟ੍ਰੇਨਰ ਮੁਹੰਮਦ ਅਖ਼ਲਾਕ ਨੇ ਕਿਹਾ ਕਿ ਜਨਗਣਨਾ ਇੱਕ ਮਹੱਤਵਪੂਰਨ ਰਾਸ਼ਟਰੀ ਕਾਰਜ ਹੈ, ਜਿਸ ਦੀ ਸਫ਼ਲਤਾ ਲਈ ਸਹੀ ਅਤੇ ਭਰੋਸੇਯੋਗ




ਅੰਕੜਿਆਂ ਦਾ ਇਕੱਤਰੀਕਰਨ ਬੇਹੱਦ ਜ਼ਰੂਰੀ ਹੈ। ਉਨ੍ਹਾਂ ਗਣਨਾਕਾਰਾਂ ਨੂੰ ਹਦਾਇਤ ਕੀਤੀ ਕਿ ਘਰ-ਘਰ ਜਾ ਕੇ ਜਾਣਕਾਰੀ ਇਕੱਤਰ ਕਰਨ ਸਮੇਂ ਪੂਰੀ ਸਾਵਧਾਨੀ ਵਰਤੀ ਜਾਵੇ ਅਤੇ ਹਰੇਕ ਵੇਰਵਾ ਨਿਰਧਾਰਤ ਨਿਯਮਾਂ ਅਨੁਸਾਰ ਦਰਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਕਾਰਜ ਵਿੱਚ ਸ਼ੁੱਧਤਾ ਦੇ ਨਾਲ-ਨਾਲ ਸਮਾਂਬੱਧਤਾ ਦਾ ਵੀ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਸਿਖਲਾਈ ਦੌਰਾਨ ਸਟਾਫ਼ ਨੂੰ ਡਿਜੀਟਲ ਤਕਨਾਲੋਜੀ ਦੀ ਵਰਤੋਂ ਦੇ ਵੱਖ-ਵੱਖ ਪਹਿਲੂਆਂ ਤੋਂ ਵੀ ਜਾਣੂ ਕਰਵਾਇਆ ਗਿਆ। ਇਸ ਤਕਨੀਕ ਰਾਹੀਂ ਅੰਕੜਿਆਂ ਨੂੰ ਦਰਜ ਕਰਨ ਦੀ ਪ੍ਰਕਿਰਿਆ ਵਿੱਚ ਸ਼ੁੱਧਤਾ ਅਤੇ ਇਕਸਾਰਤਾ ਬਣਾਈ ਰੱਖਣ ਬਾਰੇ ਜਾਣਕਾਰੀ ਦਿੱਤੀ ਗਈ।

# ਹਲਕਾ ਸਮਾਣਾ ਦੀ ਨਾਮਧਾਰੀ ਕਲੋਨੀ ਵਿਖੇ ਵਲੰਟੀਅਰ ਮਿਲਣੀ ਦੌਰਾਨ ਹਰਚੰਦ ਸਿੰਘ ਬਰਸਟ ਨੇ ਲੋਕਾਂ ਨਾਲ ਕੀਤਾ ਸੰਵਾਦ

**ਸਮਾਣਾ, 12 ਅਕਤੂਬਰ** ( **ਪ੍ਰਿੰਸ ਕੁਮਾਰ** ) - ਹਲਕਾ ਸਮਾਣਾ ਦੀ ਨਾਮਧਾਰੀ ਕਲੋਨੀ, ਵਾਰਡ ਨੰਬਰ 2 ਵਿਖੇ ਅਮਨ ਮਾਨ ਵੱਲੋਂ ਵਲੰਟੀਅਰ ਮਿਲਣੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਸਥਾਨਕ ਵਸਨੀਕਾਂ ਅਤੇ ਪਾਰਟੀ ਵਲੰਟੀਅਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਅਤੇ ਪੰਜਾਬ ਮੰਡੀ ਬੋਰਡ ਵੱਲੋਂ ਹਲਕਾ ਸਮਾਣਾ ਦੀਆਂ ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਨ ਅਤੇ ਮੰਡੀਆਂ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਆਮ ਲੋਕਾਂ

ਦੀਆਂ ਸਮੱਸਿਆਵਾਂ ਦਾ ਹੱਲ ਕਰਨਾ, ਸਰਕਾਰੀ ਸੇਵਾਵਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਿਨਾਂ ਕਿਸੇ ਭੇਦਭਾਵ ਦੇ ਸਾਰਿਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰ ਰਹੀ ਹੈ।

ਬਰਸਟ ਨੇ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ, ਖੇਤੀਬਾੜੀ ਅਤੇ ਲੋਕਾਂ ਨੂੰ ਸਰਕਾਰੀ ਸਹੂਲਤਾਂ ਮੁਹੱਈਆ ਕਰਵਾਉਣ ਵਰਗੇ ਖੇਤਰਾਂ ਵਿੱਚ ਪੰਜਾਬ ਸਰਕਾਰ ਵੱਲੋਂ ਲਗਾਤਾਰ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ, ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਅਤੇ ਸਿੱਖਿਆ ਦੇ ਮਿਆਰ ਨੂੰ ਬਿਹਤਰ ਬਣਾਉਣ, 600 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਦੇਣ, ਮਾਵਾਂ ਧੀਆਂ ਸਤਿਕਾਰ ਯੋਜਨਾ ਅਤੇ ਸਰਕਾਰੀ ਸੇਵਾਵਾਂ ਨੂੰ ਲੋਕਾਂ ਦੇ ਘਰਾਂ ਤੱਕ ਪਹੁੰਚਾਉਣ ਵਰਗੇ ਉਪਰਾਲਿਆਂ ਦਾ ਮਕਸਦ ਲੋਕਾਂ ਦੇ ਜੀਵਨ ਨੂੰ ਸੁਖਾਲਾ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸਿਹਤ ਅਤੇ ਸਿੱਖਿਆ ਵਰਗੀਆਂ ਬੁਨਿਆਦੀ ਸਹੂਲਤਾਂ ਹਰ ਨਾਗਰਿਕ ਦੀ ਪਹੁੰਚ ਵਿੱਚ ਹੋਣੀਆਂ ਚਾਹੀਦੀਆਂ ਹਨ।

ਇਸ ਮੌਕੇ ਅਮਨ ਮਾਨ, ਬਿੰਦਰ ਨਾਗਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਅਮਰੀਕ ਸਿੰਘ, ਗੁਰਮੁੱਖ ਸਿੰਘ, ਗੁਰਮੀਤ ਸਿੰਘ, ਸੁਖਵਿੰਦਰ ਸਿੰਘ, ਅਵਤਾਰ ਸਿੰਘ, ਪੱਪੂ ਯਾਦਵ, ਗੁਰਬਾਜ਼ ਸਿੰਘ, ਜੋਗਾ ਸਿੰਘ, ਸੋਹਨ ਲਾਲ ਯਾਦਵ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।

# ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਬਣਨ 'ਤੇ ਪ੍ਰਗਟ ਸਿੰਘ ਨੂੰ ਦਿੱਤੀ ਥਾਵਾ ਨੇ ਵਧਾਈ ਰਾਹੁਲ ਗਾਂਧੀ ਵੱਲੋਂ ਵੋਟ ਚੋਰੀ ਖਿਲਾਫ ਵਿੱਢਿਆ ਸੰਘਰਸ਼ ਰੰਗ ਲਿਆਏਗਾ-ਥਾਵਾ

**ਲੁਧਿਆਣਾ, 12 ਅਕਤੂਬਰ (ਸੁਰਜ)**- ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਬਣਨ 'ਤੇ ਪ੍ਰਗਟ ਸਿੰਘ ਨੂੰ ਅਹੁਦਾ ਸੰਭਾਲਣ ਸਮੇਂ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਏ.ਆਈ.ਸੀ.ਸੀ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਵਧਾਈ ਦਿੱਤੀ ਅਤੇ ਭਗਤ ਧੰਨਾ ਜੀ ਦੇ ਗੁਰਦੁਆਰਾ ਸਾਹਿਬ ਹਲਕਾ ਦੱਖਣੀ ਤੋਂ ਮਿਲਿਆ ਸਿਰੋਪਾਓ ਪਾਇਆ। ਥਾਵਾ ਨੇ 16 ਅਕਤੂਬਰ ਨੂੰ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ 356ਵੇਂ ਜਨਮ ਉਤਸਵ 'ਤੇ ਰਕਬਾ ਭਵਨ ਆਉਣ ਦਾ ਸੱਦਾ ਵੀ ਦਿੱਤਾ, ਜੋ ਉਹਨਾਂ ਵਲੋਂ ਪ੍ਰਵਾਨ ਕੀਤਾ ਗਿਆ। ਇਸ ਸਮੇਂ ਉਹਨਾਂ ਨਾਲ ਯੂਥ ਨੇਤਾ ਅਮਿਤ ਕੁਮਾਰ ਅਤੇ ਅਮਰਿੰਦਰ ਸਿੰਘ ਜੱਸੋਵਾਲ ਵੀ ਹਾਜ਼ਰ ਸਨ ਇਸ ਉਪਰੰਤ ਇਕ ਵੱਖਰੇ ਬਿਆਨ ਰਾਹੀਂ ਸ੍ਰੀ ਥਾਵਾ ਨੇ ਕਿਹਾ ਕਿ ਰਾਹੁਲ ਗਾਂਧੀ ਜੀ ਵੱਲੋਂ ਵੋਟ ਚੋਰੀ ਖਿਲਾਫ ਵਿੱਢਿਆ ਸੰਘਰਸ਼ ਇੱਕ ਦਿਨ ਰੰਗ ਲਿਆਏਗਾ। ਉਹਨਾਂ ਕਿਹਾ ਕਿ ਰਾਹੁਲ ਗਾਂਧੀ ਦੀ ਸੋਚ ਵਿੱਚ ਸੱਚਾਈ, ਸਪੱਸ਼ਟਤਾ, ਸਾਹਸ ਹੀ ਉਹਨਾਂ ਦੀ ਸ਼ਕਤੀ ਹੈ। ਥਾਵਾ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਝੂਠੇ ਵਾਅਦੇ, ਲਾਰੇ, ਨਾਅਰੇ, ਗਰੰਟੀਆਂ ਅਤੇ

ਚੁਟਕਲਿਆਂ ਦੇ ਸਿਰ 'ਤੇ ਚੱਲਦੀ ਹੈ ਪਰ ਹੁਣ ਪੰਜਾਬ ਦੇ ਲੋਕ ਸਮਝ ਗਏ ਹਨ ਕਿ 2027 ਵਿੱਚ ਚੋਣਾਂ ਵਿੱਚ ਐਸਾ ਸਬਕ ਸਿਖਾਉਣਗੇ ਜੋ ਹਮੇਸ਼ਾ ਉਹਨਾਂ ਨੂੰ ਯਾਦ ਰਹੇਗਾ। ਉਹਨਾਂ ਕਿਹਾ ਕਿ ਕਾਂਠ ਦੀ ਹਾਂਡੀ ਵਾਰ ਵਾਰ ਨਹੀਂ ਚੜਦੀ। ਥਾਵਾ ਨੇ ਕਿਹਾ ਕਿ ਕਾਂਗਰਸ ਹੀ ਸ਼ਾਂਤੀ, ਵਿਕਾਸ ਅਤੇ ਖੁਸ਼ਹਾਲੀ ਦੀ ਮੁਦਈ ਹੈ ਜੋ ਕਿਸਾਨੀ ਅਤੇ ਇੰਡਸਟਰੀ ਨੂੰ ਪ੍ਰਫੁੱਲਤ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।

# ਬਚਿੱਤਰ ਸਿੰਘ ਸਾਹਲ ਬਣੇ ਸ਼੍ਰੋਮਣੀ ਅਕਾਲੀ ਦਲ ਬੀਸੀ ਵਿੰਗ ਘਨੌਰ ਦੇ ਪ੍ਰਧਾਨ

**ਘਨੌਰ 12 ਅਕਤੂਬਰ (ਗੁਰਪ੍ਰੀਤ ਬੱਲ)** ਸ਼੍ਰੋਮਣੀ ਅਕਾਲੀ ਦਲ ਵੱਲੋਂ ਆ ਰਹੀਆਂ ਵਿਧਾਨ ਸਭਾ ਚੋਣਾਂ ਨੂੰ ਵੇਖਦੇ ਹੋਏ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਦਿਆਂ ਅੱਜ ਬਚਿੱਤਰ ਸਿੰਘ ਸਾਹਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਬੀਸੀ ਵਿੰਗ ਦੇ ਹਲਕਾ ਘਨੌਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਨਵ ਨਿਯੁਕਤ ਪ੍ਰਧਾਨ ਬਚਿੱਤਰ ਸਿੰਘ ਸਾਹਲ ਨੂੰ ਨਿਯੁਕਤੀ ਪੱਤਰ ਦੇਣ ਉਪਰੰਤ

ਸਿਰੋਪਾ ਭੇਟ ਕਰਦਿਆਂ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਪਾਰਟੀ ਨੂੰ ਜਥੇਬੰਦਕ ਤੌਰ ਤੇ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਅਕਾਲੀ ਦਲ ਦੇ ਸਾਰੇ ਵਿੰਗਾਂ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਬਚਿੱਤਰ ਸਿੰਘ ਸਾਹਲ ਦੇ ਬੀਸੀ ਵਿੰਗ ਦੇ ਪ੍ਰਧਾਨ ਬਣਨ ਨਾਲ ਪਾਰਟੀ ਨੂੰ ਘਨੌਰ ਹਲਕੇ ਵਿੱਚ ਹੋਰ ਜ਼ਿਆਦਾ ਮਜ਼ਬੂਤੀ ਮਿਲੇਗੀ। ਇਸ ਮੌਕੇ ਨਵ ਨਿਯੁਕਤ ਪ੍ਰਧਾਨ ਬਚਿੱਤਰ ਸਿੰਘ ਸਾਹਲ ਨੇ ਸੁਖਬੀਰ ਸਿੰਘ ਬਾਦਲ, ਹੀਰਾ ਸਿੰਘ ਗਾਬੜੀਆਂ, ਜਥੇਦਾਰ ਸੁਰਜੀਤ ਸਿੰਘ ਗੜ੍ਹੀ ਅਤੇ ਸਰਬਜੀਤ ਸਿੰਘ ਝਿੰਜਰ ਦਾ ਉਨ੍ਹਾਂ ਨੂੰ ਬੀਸੀ ਵਿੰਗ ਦਾ ਪ੍ਰਧਾਨ ਨਿਯੁਕਤ ਕਰਨ ਲਈ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਇੱਕ ਕਰ ਦੇਣਗੇ।ਇਸ ਮੌਕੇ ਸਰਪੰਚ ਬਲਵਿੰਦਰ ਸਿੰਘ ਨੇਪਰਾਂ, ਗੁਰਦੇਵ ਸਿੰਘ ਵੀ ਮੌਜੂਦ ਸਨ।

# ਰਾਮਲੀਲਾ ਸਿਰਫ਼ ਮਨੋਰੰਜਨ ਨਹੀਂ, ਸਗੋਂ ਜੀਵਨ ਨੂੰ ਸਹੀ ਸੇਧ ਦੇਣ ਵਾਲੀ ਪ੍ਰੇਰਣਾ ਹੈ: ਡਾ. ਦੀਵਾਨ ਧੀਰ

ਫ਼ਤਹਿਗੜ੍ਹ ਸਾਹਿਬ, 12 ਅਕਤੂਬਰ (ਅਭਿਸ਼ੇਕ ਮਲਹੋਤਰਾ):-ਸ੍ਰੀ ਰਾਮ ਨਾਟਕ ਅਤੇ ਸੋਸ਼ਲ ਕਲੱਬ ਬੱਸੀ ਪਠਾਣਾਂ ਵੱਲੋਂ ਪੁਰਾਣੀ ਸਿਟੀ ਗਰਾਊਂਡ ਵਿੱਚ ਕਰਵਾਈ ਜਾ ਰਹੀ ਰਾਮਲੀਲਾ ਦੇ ਪੰਜਵੇਂ ਦਿਨ ਰਾਮ-ਵਿਆਹ ਅਤੇ ਮਾਤਾ ਸੀਤਾ ਦੀ ਵਿਦਾਈ ਦੇ ਭਾਵੁਕ ਦ੍ਰਿਸ਼ਾਂ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਧਾਰਮਿਕ ਆਸਥਾ, ਮਰਿਆਦਾ ਅਤੇ ਪਰਿਵਾਰਕ ਕਦਰਾਂ-ਕੀਮਤਾਂ ਨਾਲ ਜੁੜੇ ਇਨ੍ਹਾਂ ਦ੍ਰਿਸ਼ਾਂ ਨੇ ਹਾਜ਼ਰ ਸੰਗਤ ਨੂੰ ਭਗਤੀ-ਭਾਵ ਨਾਲ ਜੋੜਿਆ।ਪੰਜਵੇਂ ਦਿਨ ਦੇ ਪ੍ਰੋਗਰਾਮ ਦਾ ਉਦਘਾਟਨ ਜਿੰਦ ਬਾਬਾ ਜੀ ਚੈਰੀਟੇਬਲ ਟਰੱਸਟ ਦੇ ਸੇਵਾਦਾਰ, ਜ਼ਿਲ੍ਹਾ ਆਯੁਰਵੈਦਿਕ ਅਧਿਕਾਰੀ ਅਤੇ ਡਰੱਗ ਇੰਸਪੈਕਟਰ ਜਲੰਧਰ ਡਾ. ਦੀਵਾਨ ਧੀਰ ਨੇ ਰਿਬਨ ਕੱਟ ਕੇ ਕੀਤਾ। ਇਸ ਮੌਕੇ ਸਿਟੀ ਇੰਚਾਰਜ ਕਮਲਜੀਤ ਸਿੰਘ ਅਤੇ ਪ੍ਰਬੰਧਕ ਧੀਰ ਵਿਸ ਤੌਰ 'ਤੇ ਮੌਜੂਦ ਰਹੇ।ਸ਼ਮਾਗਮ

ਨੂੰ ਸੰਬੋਧਨ ਕਰਦਿਆਂ ਡਾ. ਦੀਵਾਨ ਧੀਰ ਨੇ ਕਿਹਾ ਕਿ ਰਾਮਲੀਲਾ ਸਾਡੀ ਅਮੀਰ ਸੱਭਿਆਚਾਰਕ ਅਤੇ ਧਾਰਮਿਕ ਵਿਰਾਸਤ ਦਾ ਅਹਿਮ ਹਿੱਸਾ ਹੈ। ਭਗਵਾਨ ਸ੍ਰੀ ਰਾਮ ਦੇ ਜੀਵਨ ਤੋਂ ਸਾਨੂੰ ਮਰਿਆਦਾ, ਸੱਚਾਈ, ਤਿਆਗ, ਫ਼ਰਜ਼ ਨਿਭਾਉਣ ਅਤੇ ਪਰਿਵਾਰਕ ਰਿਸ਼ਤਿਆਂ ਦਾ ਸਤਿਕਾਰ ਕਰਨ ਦੀ ਸਿੱਖਿਆ ਮਿਲਦੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਰਾਮਲੀਲਾ ਰਾਹੀਂ ਦਰਸਾਏ ਜਾਂਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ, ਤਾਂ ਜੋ ਸਮਾਜ ਵਿੱਚ ਨੈਤਿਕ ਕਦਰਾਂ-ਕੀਮਤਾਂ ਅਤੇ ਆਪਸੀ ਸਦਭਾਵਨਾ ਨੂੰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਨੇ ਪ੍ਰਬੰਧਕਾਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਜਿੰਦ ਬਾਬਾ ਜੀ ਟਰੱਸਟ ਵੱਲੋਂ 15 ਹਜ਼ਾਰ ਰੁਪਏ ਦੀ ਸਹਾਇ

# ਸਪੈਸ਼ਲ ਇੰਟੈਂਸਿਵ ਰਵੀਜਨ-2026 ਦੇ ਆਧਾਰ ਤੇ ਜ਼ਿਲ੍ਹੇ ਦੀਆਂ ਅੰਤਿਮ ਫੋਟੋ ਵੋਟਰ ਸੂਚੀਆਂ ਜਾਰੀ

## ਜ਼ਿਲ੍ਹਾ ਚੋਣ ਅਫਸਰ ਨੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸੌਂਪੀਆਂ ਫੋਟੋ ਵੋਟਰ ਸੂਚੀਆਂ ਦੀਆਂ ਕਾਪੀਆਂ

ਫ਼ਤਹਿਗੜ੍ਹ ਸਾਹਿਬ, 12 ਅਕਤੂਬਰ (ਅਭਿਸ਼ੇਕ ਮਲਹੋਤਰਾ): ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਵੀਜਨ-2026 ਦੇ ਆਧਾਰ ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਪੈਂਦੇ ਤਿੰਨੋਂ ਵਿਧਾਨ ਸਭਾ ਹਲਕਿਆਂ ਵਿੱਚ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕਰਵਾਈ ਗਈ ਹੈ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ.ਸ਼ੇਨਾ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਫੋਟੋ ਵੋਟਰ ਸੂਚੀਆਂ ਅਤੇ ਬਿਨ੍ਹਾ ਫੋਟੋ ਵਾਲੀਆਂ ਵੋਟਰ ਸੂਚੀਆਂ ਦਾ ਡਾਟਾ ਸੌਂਪਣ ਉਪਰੰਤ ਦਿੱਤੀ।ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਫੋਟੋ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾਂ ਉਪਰੰਤ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਤਿੰਨ ਵਿਧਾਨ ਸਭਾ ਚੋਣ ਹਲਕਿਆਂ ਦੇ ਕੁੱਲ 573 ਪੋਲਿੰਗ ਸਟੇਸ਼ਨਾਂ ਵਿਚ ਕੁੱਲ .04 ਲੱਖ 36 ਹਜਾਰ 501 ਵੋਟਰ ਹਨ, ਜਿਹਨਾਂ ਵਿੱਚ 02 ਲੱਖ 26 ਹਜਾਰ 26 ਮਰਦ ਅਤੇ 02 ਲੱਖ 10 ਹਜਾਰ 463 ਔਰਤਾਂ ਅਤੇ 12 ਥਰਡ ਜੈਂਡਰ ਦੀਆਂ ਵੋਟਾਂ ਵੀ ਸ਼ਾਮਿਲ ਹਨ । ਉਨ੍ਹਾਂ ਦੱਸਿਆ ਕਿ ਜਿਸ ਵਿਅਕਤੀ ਦੀ ਉਮਰ 18 ਸਾਲ ਦੀ ਹੋ ਜਾਂਦੀ ਹੈ, ਉਹ ਵਿਅਕਤੀ ਵੋਟ ਬਣਵਾ ਸਕਦਾ ਹੈ। ਵੋਟਰ ਸੂਚੀ ਦੀ ਸੁਧਾਈ ਦੌਰਾਨ ਵੋਟਰ ਸੂਚੀ ਵਿੱਚ ਨਵੀ ਰਜਿਸਟ੍ਰੇਸ਼ਨ ਲਈ ਫਾਰਮ ਨੰ 6 ਅਤੇ ਵੋਟਰ ਸੂਚੀ ਸ਼ਾਮਲ ਹੋਣ ਲਈ ਇੱਕ ਪ੍ਰਵਾਸੀ ਭਾਰਤੀ ਵੋਟਰ (ਐਨ.ਆਰ.ਆਈ) ਲਈ ਫਾਰਮ ਨੰ.6-ਏ ਭਰਿਆ ਜਾ ਸਕਦਾ ਹੈ। ਇਸੇ ਤਰ੍ਹਾਂ ਜੇਕਰ ਕਿਸੇ ਵਿਅਕਤੀ ਨੂੰ ਆਪਣੇ ਹਲਕੇ ਦੀ ਵੋਟਰ ਸੂਚੀ ਵਿੱਚ ਦਰਜ ਨਾਮਾਂ @ਤੇ ਇਤਰਾਜ਼ ਹੈ ਜਾਂ ਕੋਈ ਨਾਮ ਕਟਵਾਉਣ ਲਈ ਫਾਰਮ ਨੰ:7 ਅਤੇ ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਲਈ, ਇੱਕ ਹਲਕੇ ਤੋਂ ਦੂਜੇ ਹਲਕੇ ਵਿੱਚ ਰਿਹਾਇਸ਼ ਬਦਲਣ ਕਰਕੇ ਵੋਟਰ ਸੂਚੀ ਵਿੱਚ ਦਰਜ ਪਤਾ ਬਦਲਣ ਲਈ, ਮੌਜੂਦਾ ਹਲਕੇ ਅੰਦਰ ਰਿਹਾਇਸ਼ ਬਦਲਣ ਕਰਕੇ ਵੋਟਰ ਸੂਚੀ ਵਿੱਚ ਦਰਜ ਪਤਾ ਬਦਲਣ ਲਈ ਫਾਰਮ ਨੰ.8 ਸਬੰਧਤ ਹਲਕੇ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਦੇ ਦਫਤਰ ਜਾਂ ਬੂਥ ਲੈਵਲ ਅਫ਼ਸਰ (ਬੀ.ਐਲ.ਓ) ਕੋਲ ਜਮ੍ਹਾ ਕਰਵਾਏ ਜਾ ਸਕਦੇ ਹਨ।ਇਸ ਤੋਂ ਇਲਾਵਾ ਭਾਰਤ ਚੋਣ ਕਮਿਸ਼ਨ ਜੀ ਦੀ ਵੈੱਬਸਾਈਟ www.nvsp.in ਜਾਂ ECINET ਮੋਬਾਇਲ ਐਪ ਰਾਹੀਂ ਆਨਲਾਈਨ ਵੀ ਫਾਰਮ ਭਰੇ ਜਾ ਸਕਦੇ ਹਨ। ਉਨ੍ਹਾਂ ਸਮੂਹ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੂਥ ਲੈਵਲ ਏਜੰਟਾਂ ਨੂੰ ਫ਼ੋਟੋ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਸਬੰਧੀ ਬਾਰੇ ਜਾਣੂ ਕਰਵਾਇਆ ਜਾਵੇ ਅਤੇ 18-19 ਸਾਲ ਦੀ ਉਮਰ ਵਾਲੇ ਯੋਗ ਵਿਅਕਤੀਆਂ ਦੀਆਂ ਵੱਧ ਤੋਂ ਵੱਧ ਵੋਟਾਂ ਬਣਵਾਉਣ ਲਈ ਸਹਿਯੋਗ ਦਿੱਤਾ ਜਾਵੇ। ਫੋਟੋ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਸਬੰਧੀ ਉਪਰੰਤ ਜਾਰੀ ਬਿਨਾ ਫੋਟੋ ਵਾਲੀ ਵੋਟਰ ਸੂਚੀ ਮੁੱਖ ਚੋਣ ਅਫਸਰ ਜੀ ਦੀ ਵੈੱਬ ਸਾਈਟ www.ceopunjab.gov.in ਤੇ ਅਤੇ ਜ਼ਿਲ੍ਹਾ ਚੋਣ ਅਫਸਰ ਫਤਹਿਗੜ੍ਹ ਸਾਹਿਬ ਦੀ ਵੈਬਸਾਈਟ https://fatehgarhsahib.nic.in/sir-2026 ਤੇ ਵੀ ਉਪਲਬਧ ਹੈ । ਉਨ੍ਹਾਂ ਦੱਸਿਆ ਕਿ ਕੋਈ ਵੀ ਸਵਾਲ ਜਾ ਜਾਣਕਾਰੀ ਲੈਣ ਲਈ ਟੋਲ ਫਰੀ ਨੰਬਰ 1950 ਤੇ ਕਾਲ ਕੀਤੀ ਜਾ ਸਕਦੀ ਹੈ। ਮੀਟਿੰਗ ਦੌਰਾਨ ਆਮ ਆਦਮੀ ਪਾਰਟੀ ਤੋਂ ਸ੍ਰੀ ਸੰਦੀਪ ਸਿੰਘ, ਭਾਰਤੀ ਜਨਤਾ ਪਾਰਟੀ ਤੋਂ ਸ੍ਰੀ ਹਰੀਸ਼ ਅਗਰਵਾਲ, ਸ਼੍ਰੋਮਣੀ ਅਕਾਲੀ ਦਲ ਸ੍ਰੀ ਮਨਜੀਤ ਸਿੰਘ, ਸੀ.ਪੀ.ਆਈ, ਮਾਰਕਸਵਾਦੀ ਸ੍ਰੀ ਵਿਨੋਦ ਕੁਮਾਰ, ਬਹੁਜਨ ਸਮਾਜ ਪਾਰਟੀ ਸ੍ਰੀ ਨਾਹਰ ਸਿੰਘ,ਤਹਿਸੀਲਦਾਰ ਚੋਣਾ ਨਿਰਮਲਾ ਰਾਣੀ ਹਾਜਰ ਸਨ।

# ਮਹਾਰਾਜਾ ਅਗਰਸੇਨ ਜੀ ਦਾ ਜਨਮ ਦਿਵਸ ਧੂਮਧਾਮ ਨਾਲ ਮਨਾਇਆ ਵੱਡੀ ਗਿਣਤੀ 'ਚ ਸ਼ਰਧਾਲੂਆਂ ਨੇ ਲਵਾਈ ਹਾਜ਼ਰੀ

ਸ੍ਰੀ ਮੁਕਤਸਰ ਸਾਹਿਬ ਰਾਮਬਾੜਾ ਬਾਜ਼ਾਰ ਸਥਿਤ ਸ੍ਰੀ ਦੁਰਗਾ ਮੰਦਰ ਗੀਤਾ ਭਵਨ ਵਿਖੇ ਮਹਾਰਾਜਾ ਅਗਰਸੇਨ ਜੀ ਦਾ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ @ਤੇ ਅਗਰਵਾਲ ਭਾਈਚਾਰੇ ਦੇ ਮੈਂਬਰਾਂ ਤੇ ਸ੍ਰੀ ਸ਼ਿਆਮ ਪ੍ਰਚਾਰ ਮੰਡਲ ਦੇ ਮੈਂਬਰਾਂ ਨੇ ਸ੍ਰੀ ਖਾਟੂ ਸ਼ਿਆਮ ਜੀ ਦੇ ਦਰਬਾਰ ਦੇ ਸਾਹਮਣੇ ਭਜਨ ਗਾ ਕੇ ਸ਼ਾਨਦਾਰ ਮਾਹੌਲ ਬਣਾਇਆ। ਅਗਰਵਾਲ ਭਰਾਵਾਂ ਨੇ ਆਪਣੇ ਪਰਿਵਾਰਾਂ ਸਮੇਤ ਬਾਬਾ ਦੇ ਦਰਸ਼ਨ ਕੀਤੇ। ਇਸ ਮੌਕੇ @ਤੇ ਮੁਨੀਸ਼ ਗੁਪਤਾ ਪਰਿਵਾਰ ਵੱਲੋਂ ਦੀਵਾ ਜਗਾਉਣ ਦੀ ਰਸਮ ਕੀਤੀ ਗਈ। ਸ੍ਰੀ ਸ਼ਿਆਮ ਪ੍ਰਭੂ ਦੀ ਸ਼ਾਨਦਾਰ ਸਜਾਵਟ ਖਿੱਚ ਦਾ ਕੇਂਦਰ ਰਹੀ ਜੋ ਕਿ ਮਨੋਜ ਕੁਮਾਰ ਸ਼ੀਲੂ ਨੇ ਬੰਗਾਲੀ ਫੁੱਲਾਂ ਨਾਲ ਕੀਤੀ। ਅਗਰਵਾਲ ਸਭਾ ਦੇ ਪ੍ਰਧਾਨ ਤਰਸੇਮ ਗੋਇਲ ਇਸ ਮੌਕੇ ਵਿਸ਼ੇਸ਼ ਤੌਰ @ਤੇ ਪਹੁੰਚੇ ਤੇ ਮਹਾਰਾਜਾ ਅਗਰਸੇਨ ਤੇ ਸ਼ਿਆਮ ਬਾਬਾ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਗਤਾਂ ਨੂੰ ਭਜਨਾਂ ਰਾਹੀਂ ਮਹਾਰਾਜ ਜੀ ਦੇ ਸਮਾਜ ਪ੍ਰਤੀ ਕੀਤੇ ਬੇਮਿਸਾਲ ਕਾਰਜ ਤੇ ਸੇਵਾ ਬਾਰੇ ਚਾਨਣਾ ਪਾਇਆ ਗਿਆ ਤੇ ਉਨ੍ਹਾਂ ਦੇ ਦਰਸਾਏ ਮਾਰਗ @ਤੇ ਚੱਲਣ ਦਾ ਪ੍ਰਣ ਲਿਆ ਗਿਆ। ਇਸ ਮੌਕੇ ਪ੍ਰਧਾਨ ਬੱਬੂ ਬਾਂਸਲ, ਪ੍ਰਧਾਨ ਵਿਜੇ ਮਿੱਤਲ, ਕਸ਼ਮੀਰ ਸਿੰਘ, ਅਸ਼ੋਕ ਤਾਇਲ, ਹਰੀ ਕ੍ਰਿਸ਼ਨ ਕਾਲਾ, ਟੋਨੀ ਸ਼ਰਮਾ, ਪੱਪੂ ਅਗਰਵਾਲ (ਪੰਚਕੂਲਾ), ਅਜੈ ਕੁਛਲ, ਅਭੀ ਅਰੋੜਾ, ਰਾਹੁਲ ਛਾਬੜਾ ਰਮਨ ਗਰਗ, ਭਾਰਤ ਭੂਸ਼ਣ ਕੁਛਲ, ਸੁਨੀਲ ਜੈਨ, ਬੰਟੀ ਸਿੰਘ ਗੋਇਲ, ਸੰਨਦੀਪ ਗੋਇਲ, ਗੁਰਦੇਵ ਮਿੱਤਲ, ਮੇਘਰਾਜ ਦੋਦੇ ਵਾਲੇ, ਸੰਜੇ ਗੁਪਤਾ, ਵਿਨੋਦ ਕੁੱਬਾ ਸੋਨੂੰ, ਵਿਨੋਦ ਕੁਮਾਰ ਬਾਂਸਲ, ਰਵਿੰਦਰ ਕੁਮਾਰ ਪੱਪੂ, ਕੁਮਾਰ ਸੋਨੂੰ, ਅਜੇ ਕੱਕੜ, ਵਿੱਕੀ ਗੋਇਲ, ਹਰੀ ਓਮ ਗਰਗ, ਕੁਲਦੀਪ ਗੋਇਲ, ਪਵਨ ਕੁਮਾਰ ਤੇ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ। ਇਸ ਦੌਰਾਨ ਮਹਾਂਦੇਵ ਦਲ ਸੁਸਾਇਟੀ ਦੇ ਸ਼ਰਧਾਲੂਆਂ ਨੇ ਜੋੜਿਆਂ ਦੀ ਸੇਵਾ ਸੰਭਾਲ ਕੀਤੀ। ਯੂਟਿਊਬ ਲਾਈਫ ਸੇਵਾ ਲਵਲੀ ਫੋਟੋ ਸਟੂਡੀਓ ਦੁਆਰਾ ਕੀਤੀ ਗਈ ਸੀ। ਸ੍ਰੀ ਸ਼ਿਆਮ ਪ੍ਰਭੂ ਦਾ ਗੁਣਗਾਨ ਕਰਦੇ ਹੋਏ ਸ਼ਰਧਾਲੂ।

# ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਪਿੰਡ ਬੀਬੀਪੁਰ ਖੁਰਦ ਵਿਖੇ ਕਮਿਊਨਿਟੀ ਹਾਲ ਦਾ ਰੱਖਿਆ ਨੀਂਹ ਪੱਥਰ

ਸਨੌਰ, 12 ਅਕਤੂਬਰ ( ਰਾਜਿੰਦਰ ਸਿੰਘ ਥਿੰਦ ): ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਸਰਬਪੱਖੀ ਵਿਕਾਸ ਅਤੇ ਸਹੂਲਤਾਂ ਵਿੱਚ ਵਾਧਾ ਕਰਨ ਦੀ ਲੜੀ ਤਹਿਤ ਅੱਜ ਹਲਕਾ ਸਨੌਰ ਦੇ ਪਿੰਡ ਬੀਬੀਪੁਰ ਖੁਰਦ ਵਿਖੇ ਨਵੇਂ ਬਣਨ ਵਾਲੇ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਵਿਸ਼ੇਸ਼ ਤੌਰ @ਤੇ ਪਹੁੰਚ ਕੇ ਰਸਮੀ ਤੌਰ @ਤੇ ਨੀਂਹ ਪੱਥਰ ਰੱਖਣ ਦੀ ਰਸਮ ਅਦਾ ਕੀਤੀ ਅਤੇ ਪ੍ਰੋਜੈਕਟ ਦੇ ਕੰਮ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ ਵਿਸ਼ੇਸ਼ ਤੌਰ ਤੇ ਮੌਜੂਦ ਸਨ. ਇਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਿੰਡਾਂ ਵਿੱਚ ਸਮਾਜਿਕ ਸਮਾਗਮਾਂ, ਪੰਚਾਇਤੀ ਇਕੱਠਾਂ ਅਤੇ ਸੁੱਖ-ਦੁੱਖ ਦੇ ਪ੍ਰੋਗਰਮਾਂ ਲਈ ਇੱਕ ਸਾਂਝੇ ਤੇ ਆਧੁਨਿਕ ਹਾਲ ਦੀ ਲੰਮੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ। ਇਸ ਕਮਿਊਨਿਟੀ ਹਾਲ ਦੇ ਨਿਰਮਾਣ ਨਾਲ ਪਿੰਡ ਵਾਸੀਆਂ ਨੂੰ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕਾਰਜ ਵਿੱਚ ਮਿਆਰੀ ਸਮੱਗਰੀ ਵਰਤੀ ਜਾਵੇ ਅਤੇ ਕੰਮ ਨੂੰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ। ਹਡਾਣਾ ਨੇ ਦੁਹਰਾਇਆ ਕਿ ਮਾਨ ਸਰਕਾਰ ਹਲਕੇ ਦੇ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਪੱਖੋਂ ਮਜ਼ਬੂਤ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ। ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਵੱਲੋਂ ਇਸ ਕਾਰਜ ਲਈ ਪੰਜਾਬ ਸਰਕਾਰ ਅਤੇ ਹਲਕਾ ਇੰਚਾਰਜ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਰਪੰਚ ਸੁਨੀਤਾ ਕੌਰ, ਪੰਚ ਮੀਹਾ ਸਿੰਘ, ਪੰਚ ਕ੍ਰਿਸ਼ਨ ਦੇਵੀ, ਪੰਚ ਸੁਖਚੈਨ ਸਿੰਘ, ਸੁਖਵਿੰਦਰ ਸਿੰਘ, ਨਿਰੰਜਨ ਸਿੰਘ, ਗੁਰਪ੍ਰੀਤ ਸਿੰਘ, ਜੈ ਰਾਮ, ਪ੍ਰਿਥੀ ਸਿੰਘ ਤੋਂ ਇਲਾਵਾ ਹੋਰ ਪਾਰਟੀ ਆਗੂ, ਬਲਾਕ ਪ੍ਰਧਾਨ, ਪੰਚਾਇਤ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਐਮ.ਟੀ.ਐੱਸ. ਬਰਨਾਲਾ ਵੱਲੋਂ ਵਿਸ਼ਵ ਹੱਥ ਧੋਣ ਦਿਵਸ ਮਨਾਇਆ ਗਿਆ

ਬਰਨਾਲਾ: 12 ਅਕਤੂਬਰ (ਅਵਤਾਰ ਸਿੰਘ ਫਰਵਾਹੀ)ਮਦਰ ਟੀਚਰ ਸਕੂਲ (ਐਮ.ਟੀ.ਐੱਸ.), ਬਰਨਾਲਾ ਵੱਲੋਂ ਪਲੇਅ ਵੇਅ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਵਿਸ਼ਵ ਹੱਥ ਧੋਣ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਵਿੱਚ ਹੱਥ ਧੋਣ ਦੀ ਆਦਤ ਨੂੰ ਇੱਕ ਮਹੱਤਵਪੂਰਨ ਜੀਵਨ-ਕੌਸ਼ਲ ਵਜੋਂ ਵਿਕਸਿਤ ਕਰਨ ਅਤੇ ਸਿਹਤਮੰਦ ਜੀਵਨ-ਸ਼ੈਲੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਨੰਨ੍ਹੇ-ਮੁੰਨੇ ਮਦਰਾਈਟਸ ਨੇ ਕਲਾਸਰੂਮ ਗਤੀਵਿਧੀਆਂ, ਵਿਹਾਰਕ ਪ੍ਰਦਰਸ਼ਨਾਂ ਅਤੇ ਰੁਚੀਪੂਰਨ ਸਿੱਖਣ ਦੇ ਤਜਰਬਿਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਹਰੇਕ ਜਮਾਤ ਵਿੱਚ ਬੱਚਿਆਂ ਦੀ ਉਮਰ ਅਤੇ ਸਮਝ ਦੇ ਅਨੁਸਾਰ ਵੱਖਰੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਰਾਹੀਂ ਬੱਚਿਆਂ ਨੂੰ ਸਾਬਣ ਅਤੇ ਪਾਣੀ ਨਾਲ ਸਹੀ ਢੰਗ ਨਾਲ ਹੱਥ ਧੋਣ, ਨਿੱਜੀ ਸਫ਼ਾਈ ਬਣਾਈ ਰੱਖਣ ਅਤੇ ਬਿਮਾਰੀਆਂ ਤੋਂ ਬਚਾਅ ਕਰਨ ਦੀ ਮਹੱਤਤਾ ਸਮਝਾਈ ਗਈ। ਇਸ ਉਪਰਾਲੇ ਨੇ ਬੱਚਿਆਂ ਵਿੱਚ ਸਵੈ-ਨਿਰਭਰਤਾ, ਸਿਹਤ ਪ੍ਰਤੀ ਜ਼ਿੰਮੇਵਾਰੀ ਅਤੇ ਚੰਗੀਆਂ ਆਦਤਾਂ ਵਿਕਸਿਤ ਕਰਨ ਦਾ ਸੰਦੇਸ਼ ਦਿੱਤਾ। ਇਹ ਸਮਾਗਮ ਸਕੂਲ ਦੀ ਸਰਵਪੱਖੀ ਸਿੱਖਿਆ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਬਣਿਆ। ਪ੍ਰੋਗਰਮ ਨੇ ਇਹ ਸੁਨੇਹਾ ਦਿੱਤਾ ਕਿ *ਸਾਫ਼ ਹੱਥ, ਸਿਹਤਮੰਦ ਜੀਵਨ ਅਤੇ ਸੁਨਹਿਰੇ ਭਵਿੱਖ ਦੀ ਨੀਂਹ ਹਨ।*

# ਪੰਜਾਬ ਸਾਂਝੀਵਾਲਤਾ ਦਲ ਵੱਲੋਂ ਕੁਲਵਿੰਦਰ ਸਿੰਘ ਮਾਨ ਹਲਕਾ ਧਰਮਕੋਟ ਤੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਉਮੀਦਵਾਰ ਐਲਾਨੇ

ਕੋਟ ਈਸੇ ਖਾਂ/ਮੋਗਾ, 12 ਅਕਤੂਬਰ (ਸੰਜੀਵ ਸੂਦ/ ਜਗਰਾਜ ਸਿੰਘ ਸੰਘਾ) ਪੰਜਾਬ ਸਾਂਝੀਵਾਲਤਾ ਦਲ ਵੱਲੋਂ ਹਲਕਾ ਧਰਮਕੋਟ ਵਿੱਚ ਆਪਣੀਆਂ ਸਿਆਸੀ ਸਰਗਰਮੀਆਂ ਨੂੰ ਅੱਗੇ ਵਧਾਉਂਦਿਆਂ ਕੋਟ ਈਸੇ ਖਾਂ ਨੇੜਲੇ ਪਿੰਡ ਜਨੇਰ ਵਿਖੇ ਇੱਕ ਵੱਡਾ ਜਨਤਕ ਇਕੱਠ ਕੀਤਾ ਗਿਆ। ਇਸ ਮੌਕੇ ਪਾਰਟੀ ਵੱਲੋਂ ਕੁਲਵਿੰਦਰ ਸਿੰਘ ਮਾਨ ਨੂੰ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਹਲਕਾ ਧਰਮਕੋਟ ਤੋਂ ਆਪਣਾ ਉਮੀਦਵਾਰ ਐਲਾਨਿਆ ਗਿਆ। ਇਕੱਠ ਦੌਰਾਨ ਪਾਰਟੀ ਦੇ ਆਗੂਆਂ ਅਤੇ ਸਮਰਥਕਾਂ ਨੇ ਹਲਕੇ ਦੀ ਰਾਜਨੀਤੀ ਅਤੇ ਪਾਰਟੀ ਦੇ ਏਜੰਡੇ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਅਮਿਤੋਜ ਸਿੰਘ ਮਾਨ, ਖੁਸ਼ਇੰਦਰ ਸਿੰਘ ਅਤੇ ਮਹਿੰਦਰ ਪਾਲ ਲੂੰਬਾ ਤੇ ਵਕੀਲ ਮੈਡਮ ਪ੍ਰਭਜੋਤ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਾਂਝੀਵਾਲਤਾ ਦਲ ਨਾਲ ਜ਼ਮੀਰ ਦੀ ਆਵਾਜ਼ 'ਤੇ ਚੱਲਣ ਵਾਲੇ ਲੋਕ ਆਪਣੇ ਆਪ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦਾ ਮਕਸਦ ਲੋਕਾਂ ਸਾਹਮਣੇ ਆਪਣੀਆਂ ਨੀਤੀਆਂ ਅਤੇ ਏਜੰਡੇ ਨੂੰ ਸਪੱਸ਼ਟ ਰੂਪ ਵਿੱਚ ਰੱਖਣਾ ਹੈ, ਤਾਂ ਜੋ ਲੋਕਾਂ ਨੂੰ ਪਾਰਟੀ ਦੀ ਸੋਚ ਅਤੇ ਭਵਿੱਖ ਦੀ ਯੋਜਨਾ ਬਾਰੇ ਪੂਰੀ ਜਾਣਕਾਰੀ ਮਿਲ ਸਕੇ।ਪਾਰਟੀ ਆਗੂਆਂ ਨੇ ਕਿਹਾ ਕਿ ਉਹ ਸਿਰਫ਼ ਚੋਣਾਂ ਸਮੇਂ ਵਾਅਦੇ ਅਤੇ ਦਾਅਵੇ ਕਰਨ ਦੀ ਰਾਜਨੀਤੀ ਵਿੱਚ ਵਿਸ਼ਵਾਸ ਨਹੀਂ ਰੱਖਦੇ, ਸਗੋਂ ਆਪਣੀ ਪਾਰਟੀ ਦਾ ਏਜੰਡਾ ਐਫੀਡੇਵਿਟ 'ਤੇ ਲਿਖ ਕੇ ਦੇ ਰਹੇ ਹਾਂ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਕੀਤੇ ਜਾਣ ਵਾਲੇ ਵਾਅਦਿਆਂ ਅਤੇ ਪਾਰਟੀ ਦੀਆਂ ਨੀਤੀਆਂ ਪ੍ਰਤੀ ਜਵਾਬਦੇਹੀ ਨੂੰ ਮਹੱਤਵ ਦੇਣਾ ਜ਼ਰੂਰੀ ਹੈ।ਇਕੱਠ ਦੌਰਾਨ ਕੁਲਵਿੰਦਰ ਸਿੰਘ ਮਾਨ ਨੂੰ ਹਲਕਾ ਧਰਮਕੋਟ ਤੋਂ ਉਮੀਦਵਾਰ ਐਲਾਨੇ ਜਾਣ ਨੂੰ ਪਾਰਟੀ ਦੀ ਅਗਲੀ ਚੋਣ ਰਣਨੀਤੀ ਦੇ ਅਹਿਮ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਉਮੀਦਵਾਰ ਦੇ ਐਲਾਨ ਨਾਲ ਪਾਰਟੀ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹਲਕੇ ਵਿੱਚ ਆਪਣੀ ਦਾਅਵੇਦਾਰੀ ਜਿੱਤਯ ਸਾਹਮਣੇ ਰੱਖ ਦਿੱਤੀ ਹੈ। ਇਸ ਮੌਕੇ ਕੁਲਵਿੰਦਰ ਸਿੰਘ ਮਾਨ ਨੇ ਪੰਜਾਬ ਸਾਂਝੀਵਾਲਤਾ ਦਲ ਦੀ ਸਮੁੱਚੀ ਲੀਡਰਸ਼ਿਪ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਪਾਰਟੀ 